

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ



# ਸੇਵਾ ਸਰਗਰਮੀਆਂ

## 2021-2024

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਕਾਰਜਕਾਲ ਦੀਆਂ ਪ੍ਰਮੁੱਖ

# ਸੇਵਾ ਸਰਗਰਮੀਆਂ

## (2021–2024)



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ

# ਸੇਵਾ ਸਰਗਰਮੀਆਂ

(2021-2024)

ਸੰਗ੍ਰਹਿ ਕਰਤਾ:
ਰਮਿੰਦਰ ਕੌਰ ਕੰਗ, ਲਾਇਬ੍ਰੇਰੀਅਨ
ਜਗਤਾਰ ਸਿੰਘ ਖੋਦੇਬੇਟ, ਪਬਲੀਸਿਟੀ ਸਹਾਇਕ
ਜਸਕਰਨ ਸਿੰਘ, ਲੇਖਕ ਆਈਟੀ

ਸਾਲ: 2024
ਗਿਣਤੀ: 500

ਡਿਜ਼ਾਇਨਰ: ਮਲਕੀਤ ਸਿੰਘ ਕਲੇਰ
ਤਸਵੀਰਾਂ: ਜਤਿੰਦਰ ਸਿੰਘ ਲਾਲੀ

ਪ੍ਰਕਾਸ਼ਕ: ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
ਛਾਪਕ: ਗੋਲਡਨ ਆਫ਼ਸੈੱਟ ਪ੍ਰੈਸ, ਰਾਮਸਰ ਸਾਹਿਬ ਰੋਡ, ਸ੍ਰੀ ਅੰਮ੍ਰਿਤਸਰ।

## ਸਮਰਪਣ

ਸਿੱਖਾਂ ਦੀ ਪ੍ਰਤੀਨਿਧ
ਧਾਰਮਿਕ ਸੰਸਥਾ
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ
ਕਮੇਟੀ, ਸ੍ਰੀ ਅੰਮ੍ਰਿਤਸਰ
ਦੀ ਸਥਾਪਨਾ ਲਈ
ਸੰਘਰਸ਼ ਲੜਨ ਵਾਲੇ
ਗੁਰਸਿੱਖਾਂ ਦੇ ਨਾਂ

## 29 ਨਵੰਬਰ 2021 ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਵਿਚ ਚੁਣੇ ਗਏ ਅਹੁਦੇਦਾਰ ਤੇ ਅੰਤ੍ਰਿੰਗ ਮੈਂਬਰ ਸਾਹਿਬਾਨ



ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ
ਪ੍ਰਧਾਨ



ਸ. ਰਘੂਜੀਤ ਸਿੰਘ ਵਿਰਕ
ਸੀਨੀਅਰ ਮੀਤ ਪ੍ਰਧਾਨ



ਪ੍ਰਿੰਸੀਪਲ ਸੁਰਿੰਦਰ ਸਿੰਘ
ਜੂਨੀਅਰ ਮੀਤ ਪ੍ਰਧਾਨ



ਸ. ਕਰਨੈਲ ਸਿੰਘ ਪੰਜੋਲੀ
ਜਨਰਲ ਸਕੱਤਰ



ਸ. ਸੁਰਜੀਤ ਸਿੰਘ ਕੰਗ
ਅੰਤ੍ਰਿੰਗ ਮੈਂਬਰ



ਸ. ਸਰਵਣ ਸਿੰਘ ਕੁਲਾਰ
ਅੰਤ੍ਰਿੰਗ ਮੈਂਬਰ



ਸ. ਸੁਰਜੀਤ ਸਿੰਘ ਗੜ੍ਹੀ
ਅੰਤ੍ਰਿੰਗ ਮੈਂਬਰ



ਸ. ਜਰਨੈਲ ਸਿੰਘ ਡੋਗਰਾਂਵਾਲਾ
ਅੰਤ੍ਰਿੰਗ ਮੈਂਬਰ



ਸ. ਬਲਵਿੰਦਰ ਸਿੰਘ ਵੇਈਂਪੂਈਂ
ਅੰਤ੍ਰਿੰਗ ਮੈਂਬਰ



ਸ. ਹਰਜਾਪ ਸਿੰਘ ਸੁਲਤਾਨਵਿੰਡ
ਅੰਤ੍ਰਿੰਗ ਮੈਂਬਰ



ਸ. ਗੁਰਿੰਦਰਪਾਲ ਸਿੰਘ ਗੋਰਾ
ਅੰਤ੍ਰਿੰਗ ਮੈਂਬਰ




ਸ. ਅਮਰਜੀਤ ਸਿੰਘ ਬੰਡਾਲਾ
ਅੰਤ੍ਰਿੰਗ ਮੈਂਬਰ



ਬੀਬੀ ਗੁਰਪ੍ਰੀਤ ਕੌਰ
ਅੰਤ੍ਰਿੰਗ ਮੈਂਬਰ



ਸ. ਜੋਧ ਸਿੰਘ ਸਮਰਾ
ਅੰਤ੍ਰਿੰਗ ਮੈਂਬਰ



ਬਾਬਾ ਗੁਰਪ੍ਰੀਤ ਸਿੰਘ
ਅੰਤ੍ਰਿੰਗ ਮੈਂਬਰ

# 9 ਨਵੰਬਰ 2022 ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਵਿਚ ਚੁਣੇ ਗਏ ਅਹੁਦੇਦਾਰ ਤੇ ਅੰਤ੍ਰਿੰਗ ਮੈਂਬਰ ਸਾਹਿਬਾਨ



ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ
ਪ੍ਰਧਾਨ



ਸ. ਬਲਦੇਵ ਸਿੰਘ ਕਾਇਮਪੁਰ
ਸੀਨੀਅਰ ਮੀਤ ਪ੍ਰਧਾਨ



ਭਾਈ ਅਵਤਾਰ ਸਿੰਘ ਰਿਆ
ਜੂਨੀਅਰ ਮੀਤ ਪ੍ਰਧਾਨ



ਭਾਈ ਗੁਰਚਰਨ ਸਿੰਘ ਗਰੇਵਾਲ
ਜਨਰਲ ਸਕੱਤਰ



ਸ. ਜਰਨੈਲ ਸਿੰਘ ਕਰਤਾਰਪੁਰ
ਅੰਤ੍ਰਿੰਗ ਮੈਂਬਰ



ਸ. ਸ਼ੇਰ ਸਿੰਘ ਮੰਡਵਾਲਾ
ਅੰਤ੍ਰਿੰਗ ਮੈਂਬਰ



ਸ. ਬਾਵਾ ਸਿੰਘ ਗੁਮਾਨਪੁਰਾ
ਅੰਤ੍ਰਿੰਗ ਮੈਂਬਰ



ਸ. ਮੋਹਨ ਸਿੰਘ ਬੰਗੀ
ਅੰਤ੍ਰਿੰਗ ਮੈਂਬਰ



ਬੀਬੀ ਗੁਰਿੰਦਰ ਕੌਰ ਭੋਲੂਵਾਲ
ਅੰਤ੍ਰਿੰਗ ਮੈਂਬਰ



ਸ. ਭੁਪਿੰਦਰ ਸਿੰਘ ਅਸੰਧ
ਅੰਤ੍ਰਿੰਗ ਮੈਂਬਰ



ਸ. ਗੁਰਨਾਮ ਸਿੰਘ ਜੱਸਲ
ਅੰਤ੍ਰਿੰਗ ਮੈਂਬਰ



ਸ. ਸੁਰਜੀਤ ਸਿੰਘ ਤੁਗਲਵਾਲ
ਅੰਤ੍ਰਿੰਗ ਮੈਂਬਰ



ਸ. ਪਰਮਜੀਤ ਸਿੰਘ ਖਾਲਸਾ
ਅੰਤ੍ਰਿੰਗ ਮੈਂਬਰ



ਬਾਬਾ ਗੁਰਪ੍ਰੀਤ ਸਿੰਘ
ਅੰਤ੍ਰਿੰਗ ਮੈਂਬਰ



ਸ. ਮਲਕੀਤ ਸਿੰਘ ਚੰਗਾਲ
ਅੰਤ੍ਰਿੰਗ ਮੈਂਬਰ

# 8 ਨਵੰਬਰ 2023 ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਵਿਚ ਚੁਣੇ ਗਏ ਅਹੁਦੇਦਾਰ ਤੇ ਅੰਤ੍ਰਿੰਗ ਮੈਂਬਰ ਸਾਹਿਬਾਨ



ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ
ਪ੍ਰਧਾਨ



ਸ. ਹਰਭਜਨ ਸਿੰਘ ਮਸਾਣਾ
ਸੀਨੀਅਰ ਮੀਤ ਪ੍ਰਧਾਨ



ਭਾਈ ਗੁਰਬਖਸ਼ ਸਿੰਘ ਖਾਲਸਾ
ਜੂਨੀਅਰ ਮੀਤ ਪ੍ਰਧਾਨ



ਭਾਈ ਰਜਿੰਦਰ ਸਿੰਘ ਮਹਿਤਾ
ਜਨਰਲ ਸਕੱਤਰ



ਸ. ਮੋਹਨ ਸਿੰਘ ਬੰਗੀ
ਅੰਤ੍ਰਿੰਗ ਮੈਂਬਰ



ਸ. ਰਘਬੀਰ ਸਿੰਘ ਸਹਾਰਨਮਾਜਰਾ
ਅੰਤ੍ਰਿੰਗ ਮੈਂਬਰ



ਸ. ਜਸਮੇਰ ਸਿੰਘ ਲਾਛੜੂ
ਅੰਤ੍ਰਿੰਗ ਮੈਂਬਰ



ਸ. ਖੁਸ਼ਵਿੰਦਰ ਸਿੰਘ ਭਾਟੀਆ
ਅੰਤ੍ਰਿੰਗ ਮੈਂਬਰ



ਬੀਬੀ ਹਰਦੀਪ ਕੌਰ ਖੋਖ
ਅੰਤ੍ਰਿੰਗ ਮੈਂਬਰ



ਸ. ਇੰਦਰਮੋਹਨ ਸਿੰਘ ਲਖਮੀਰਵਾਲਾ
ਅੰਤ੍ਰਿੰਗ ਮੈਂਬਰ



ਸ. ਗੁਰਪ੍ਰੀਤ ਸਿੰਘ ਝੱਬਰ
ਅੰਤ੍ਰਿੰਗ ਮੈਂਬਰ



ਬੀਬੀ ਮਲਕੀਤ ਕੌਰ ਕਮਾਲਪੁਰ
ਅੰਤ੍ਰਿੰਗ ਮੈਂਬਰ



ਸ. ਅਮਰਜੀਤ ਸਿੰਘ ਭਲਾਈਪੁਰ
ਅੰਤ੍ਰਿੰਗ ਮੈਂਬਰ



ਬੀਬੀ ਜਸਪਾਲ ਕੌਰ
ਅੰਤ੍ਰਿੰਗ ਮੈਂਬਰ



ਸ. ਜਸਵੰਤ ਸਿੰਘ ਪੁੜੈਣ
ਅੰਤ੍ਰਿੰਗ ਮੈਂਬਰ

ਸਾਡੇ ਲਈ ਮਾਣ ਵਾਲੀ ਗੱਲ ਹੈ ਕਿ ਕੌਮ ਦੇ ਵਡੇਰਿਆਂ ਵੱਲੋਂ ਇਕ ਸਦੀ ਪਹਿਲਾਂ ਸੰਨ 1920 ਵਿਚ ਪਾਵਨ ਗੁਰਧਾਮਾਂ ਦੀ ਪੰਥਕ ਭਾਵਨਾ ਅਨੁਸਾਰ ਸੇਵਾ-ਸੰਭਾਲ ਵਾਸਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਕਰਕੇ ਦੁਨੀਆ ਦੇ ਧਾਰਮਿਕ ਇਤਿਹਾਸ ਅੰਦਰ ਨਿਵੇਕਲਾ ਅਧਿਆਇ ਸਿਰਜਿਆ। ਸਿੱਖਾਂ ਦੀ ਇਸ ਮਾਣਮੱਤੀ ਸੰਸਥਾ ਨੇ ਜਿਥੇ ਕੌਮ ਨੂੰ ਸੰਗਠਤ ਕਰਨ ਵਿਚ ਵੱਡੀ ਭੂਮਿਕਾ ਨਿਭਾਈ, ਉਥੇ ਹੀ ਸਿੱਖ ਪਛਾਣ ਨੂੰ ਵਿਸ਼ਵ ਪੱਧਰ 'ਤੇ ਹੋਰ ਉਭਾਰਨ ਲਈ ਆਪਣੀ ਹੋਂਦ ਦਰਜ ਕਰਵਾਈ। ਪੂਰੀ ਦੁਨੀਆ ਦੇ ਇਤਿਹਾਸ ਅੰਦਰ ਕੇਵਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹੀ ਇਕੋ ਇਕ ਧਾਰਮਿਕ ਸੰਸਥਾ ਹੈ, ਜੋ ਸੰਵਿਧਾਨਕ ਤੌਰ 'ਤੇ ਰਾਜ ਅੰਦਰ ਰਾਜ ਵਾਂਗੂੰ ਪੂਰੇ ਸਿੱਖ ਸਮਾਜ ਦੇ ਹੱਕ ਹਕੂਕਾਂ ਤੇ ਸਰੋਕਾਰਾਂ ਦੀ ਤਰਜਮਾਨ ਹੈ। ਇਸ ਸੰਸਥਾ ਦੇ ਇਤਿਹਾਸ ਅੰਦਰ ਇਹ ਵੀ ਅਹਿਮ ਪਹਿਲੂ ਸ਼ਾਮਲ ਹੈ ਕਿ ਦੇਸ਼ ਅੰਦਰ ਔਰਤਾਂ ਨੂੰ ਵੋਟ ਦਾ ਅਧਿਕਾਰ ਅਤੇ ਰਾਖਵਾਂਕਰਨ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਰਾਹੀਂ ਹੀ ਮਿਲਿਆ। ਇਸ ਮਹਾਨ ਸੰਸਥਾ ਦੇ ਮੁੱਖ ਸੇਵਾਦਾਰ ਵਜੋਂ ਸੇਵਾ ਨਿਭਾਉਣਾ ਮੇਰੀ ਖ਼ੁਸ਼ਕਿਸਮਤੀ ਹੈ।

–ਐਡਵੋਕੇਟ ਹਰਜਿੰਦਰ ਸਿੰਘ

## ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਕਾਰਜਕਾਲ ਵਿਚ

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਸਿੱਖ ਪੰਥ ਦੀ ਸਿਰਮੌਰ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਤਿਹਾਸ ਸੰਘਰਸ਼ ਤੇ ਕੁਰਬਾਨੀਆਂ ਦੀ ਗੌਰਵਮਈ ਗਾਥਾ ਹੈ। ਆਪਣੀ ਇਸ ਧਾਰਮਿਕ ਸੰਸਥਾ ਦੀ ਸਥਾਪਨਾ ਲਈ ਸਿੱਖ ਪੰਥ ਨੇ ਲੰਬਾ ਸੰਘਰਸ਼ ਲੜਿਆ, ਜਿਸ ਦੌਰਾਨ ਜਿੱਥੇ ਅਨੇਕਾਂ ਸ਼ਹਾਦਤਾਂ ਹੋਈਆਂ ਉੱਥੇ ਅੰਗਰੇਜ਼ ਸਾਮਰਾਜ ਵੱਲੋਂ ਮਿਲੀਆਂ ਲੰਬੀਆਂ ਜੇਲ੍ਹਾਂ, ਜੁਰਮਾਨੇ ਤੇ ਜਾਇਦਾਦ ਦੀਆਂ ਕੁਰਕੀਆਂ ਨੂੰ ਵੀ ਸਿੱਖਾਂ ਨੇ ਹੱਸ ਕੇ ਖਿੜ੍ਹੇ ਮੱਥੇ ਪ੍ਰਵਾਨ ਕੀਤਾ। ਸ੍ਰੀ ਅਕਾਲ ਤਖਤ ਸਾਹਿਬ ’ਤੇ ਅਰਦਾਸ ਕਰਕੇ 15 ਨਵੰਬਰ 1920 ਨੂੰ ਸਥਾਪਿਤ ਹੋਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 104 ਸਾਲ ਦੇ ਲੰਮੇ ਸਫ਼ਰ ਦੌਰਾਨ ਅਨੇਕਾਂ ਉਤਰਾ-ਚੜ੍ਹਾ ਵੀ ਵੇਖੇ। ਸ਼੍ਰੋਮਣੀ ਕਮੇਟੀ ਨੇ ਗੁਰਮਤਿ ਆਸ਼ੇ ਅਨੁਸਾਰ ਗੁਰਦੁਆਰਾ ਸਾਹਿਬਾਨ ਦੇ ਸੁਚਾਰੂ ਪ੍ਰਬੰਧ ਕਰਨ ਦੇ ਨਾਲ-ਨਾਲ ਧਰਮ ਪ੍ਰਚਾਰ, ਸਿੱਖਿਆ ਤੇ ਸਿਹਤ ਆਦਿ ਦੇ ਖੇਤਰਾਂ ਵਿੱਚ ਵੀ ਜ਼ਿਕਰਯੋਗ ਸੇਵਾਵਾਂ ਨਿਭਾਈਆਂ। ਇਸ ਦੇ ਨਾਲ ਹੀ ਸਮੇਂ-ਸਮੇਂ ਮਾਨਵ ਭਲਾਈ ਦੇ ਕਾਰਜ ਵੀ ਕੀਤੇ। ਸਿੱਖਾਂ ਦੀ ਇਸ ਸਿਰਮੌਰ ਸੰਸਥਾ ਦੇ ਪ੍ਰਧਾਨ ਵੱਜੋਂ ਮਾਣਮੱਤੀਆਂ ਸ਼ਖਸੀਅਤਾਂ ਨੇ ਸੇਵਾਵਾਂ ਨਿਭਾਈਆਂ ਹਨ।

ਮੌਜੂਦਾ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਵਜੋਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸੇਵਾ ਨਿਭਾਅ ਰਹੇ ਹਨ। ਇਸ ਸਤਿਕਾਰਤ ਅਹੁਦੇ ’ਤੇ ਉਹ ਤੀਸਰੇ ਸਾਲ ਵਿਚ ਕਾਰਜਸ਼ੀਲ ਹਨ। ਐਡਵੋਕੇਟ ਧਾਮੀ ਲੰਮੇ ਅਰਸੇ ਤੋਂ ਸਿੱਖ ਸੰਸਥਾ ਨਾਲ ਜੁੜੇ ਹੋਏ ਹਨ। 1956 ਵਿਚ ਜਨਮੇ ਐਡਵੋਕੇਟ ਹਰਜਿੰਦਰ ਸਿੰਘ ਬੀ.ਏ., ਐਲ.ਐਲ.ਬੀ. ਪਾਸ ਹਨ ਅਤੇ ਚਾਰ ਦਹਾਕਿਆਂ ਤੋਂ ਵਕਾਲਤ ਦੇ ਪੇਸ਼ੇ ਨਾਲ ਜੁੜੇ ਹੋਏ ਹਨ। ਉਹ 1996 ਵਿਚ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਦੇ ਮੈਂਬਰ ਚੁਣੇ ਗਏ ਅਤੇ ਹੁਣ ਤੱਕ ਲਗਾਤਾਰ ਮੈਂਬਰ ਹਨ। ਉਹ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਵੀ ਰਹੇ ਅਤੇ ਅੰਤ੍ਰਿੰਗ ਮੈਂਬਰ ਵੀ ਬਣੇ। ਐਡਵੋਕੇਟ ਧਾਮੀ 2019 ਵਿਚ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਚੁਣੇ ਗਏ, ਜਿਸ ਮਗਰੋਂ ਉਨ੍ਹਾਂ ਨੇ 2020 ਵਿਚ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਦੇ ਪ੍ਰਬੰਧਕੀ ਅਹੁਦੇ ’ਤੇ ਸੇਵਾ ਨਿਭਾਈ। 29 ਨਵੰਬਰ 2021 ਵਿਚ ਉਨ੍ਹਾਂ ਨੂੰ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਚੁਣ ਲਿਆ ਗਿਆ ਅਤੇ ਹੁਣ ਇਸ ਅਹੁਦੇ ’ਤੇ ਲਗਾਤਾਰ ਤੀਸਰੀ ਵਾਰ ਸੇਵਾ ਨਿਭਾਅ ਰਹੇ ਹਨ। ਐਡਵੋਕੇਟ ਧਾਮੀ ਸਿੱਖ ਸਰੋਕਾਰਾਂ ਦੀ ਡੂੰਘੀ ਪਕੜ ਰੱਖਦੇ ਹਨ ਅਤੇ ਇਕ ਦਿਆਨਤਦਾਰ ਆਗੂ ਵਜੋਂ ਜਾਣੇ ਜਾਂਦੇ ਹਨ। ਉਹ ਸਿੱਖ ਸੰਘਰਸ਼ ਦੇ ਯੋਧਿਆਂ ਦੇ ਕੇਸਾਂ ਦੀ ਪੈਰਵਾਈ ਵੀ ਕਰਦੇ ਰਹੇ ਹਨ। ਐਡਵੋਕੇਟ ਧਾਮੀ ਦੇ ਕਾਰਜਕਾਲ ਦੌਰਾਨ ਸ਼੍ਰੋਮਣੀ ਕਮੇਟੀ ਨੇ ਜ਼ਿਕਰਯੋਗ ਪ੍ਰਾਪਤੀਆਂ ਕੀਤੀਆਂ ਹਨ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਪ੍ਰਸਾਰਣ





ਲਈ ਸ਼੍ਰੋਮਣੀ ਕਮੇਟੀ ਦਾ ਯੂਟਿਊਬ ਚੈਨਲ ਚਾਲੂ ਕਰਨਾ, ਸਿੱਖ ਬੱਚਿਆਂ ਨੂੰ ਮੁਕਾਬਲਾ ਪ੍ਰੀਖਿਆਵਾਂ ਲਈ ਤਿਆਰ ਕਰਨ ਲਈ 'ਨਿਸ਼ਚੇ ਪ੍ਰਸ਼ਾਸਕੀ ਸੇਵਾਵਾਂ' ਅਕੈਡਮੀ ਦੀ ਸਥਾਪਨਾ ਜਿਹੇ ਕਾਰਜਾਂ ਦੇ ਨਾਲ-ਨਾਲ ਉਨ੍ਹਾਂ ਦੀ ਅਗਵਾਈ ਵਿਚ ਗੁਰਦੁਆਰਾ ਪ੍ਰਬੰਧਾਂ ਵਿਚ ਵੀ ਵੱਡੇ ਸੁਧਾਰ ਹੋਏ। ਐਡਵੋਕੇਟ ਧਾਮੀ ਦੀ ਪ੍ਰਧਾਨਗੀ ਹੇਠ ਅੰਤ੍ਰਿੰਗ ਕਮੇਟੀ ਨੇ ਗੁਰਦੁਆਰਾ ਸਾਹਿਬਾਨ ਅੰਦਰ ਸਿਰੋਪਾਓ ਦੀ ਵਰਤੋਂ ਨੂੰ ਸੀਮਤ ਕਰਦਿਆਂ ਇਸ ਦੀ ਬੱਚਤ ਨੂੰ ਸਿੱਖ ਬੱਚਿਆਂ ਦੀ ਸਿੱਖਿਆ ਲਈ ਲਗਾਉਣ ਦਾ ਫੈਸਲਾ ਕੀਤਾ। ਇਸ ਸਮੇਂ ਦੌਰਾਨ ਆਈਆਂ ਸ਼ਤਾਬਦੀਆਂ ਨੂੰ ਵੀ ਖਾਲਸਾਈ ਜਾਹੋ-ਜਲਾਲ ਨਾਲ ਮਨਾਉਂਦਿਆਂ ਇਸ ਸਮੇਂ ਨੂੰ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਤਰਜੀਹੀ ਤੌਰ 'ਤੇ ਵਰਤਿਆ ਗਿਆ। ਧਰਮ ਪ੍ਰਚਾਰ ਕਮੇਟੀ ਵੱਲੋਂ ਇਸ ਮੌਕੇ ਵਿਸ਼ੇਸ ਤੌਰ 'ਤੇ ਪੁਸਤਕਾਂ ਅਤੇ ਕਿਤਾਬਚੇ ਤਿਆਰ ਕਰਵਾਏ ਗਏ ਜਿਸ ਨੂੰ ਸੰਗਤਾਂ ਵਿਚ ਵੰਡਿਆ ਗਿਆ। ਇਸ ਸਮੇਂ ਵਿਸ਼ੇਸ ਕਾਰਜਸ਼ਾਲਾ ਲਗਾ ਕੇ ਇਤਿਹਾਸ ਨੂੰ ਰੂਪਮਾਨ ਕਰਦੇ ਚਿੱਤਰ ਵੀ ਤਿਆਰ ਕਰਵਾਏ ਗਏ।

ਲੰਮੇ ਸਮੇਂ ਤੋਂ ਜੇਲ੍ਹਾਂ ਵਿਚ ਬੰਦ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੱਖ ਬੰਦੀਆਂ ਦੀ ਰਿਹਾਈ ਲਈ ਐਡਵੋਕੇਟ ਧਾਮੀ ਦੀ ਅਗਵਾਈ ਹੇਠ ਲਗਾਤਾਰ ਯਤਨ ਕੀਤੇ ਗਏ। ਵੱਖ-ਵੱਖ ਸਿੱਖ ਜਥੇਬੰਦੀਆਂ ਦੇ ਆਗੂਆਂ ਦੀਆਂ ਇਕੱਤਰਤਾਵਾਂ ਕਰਕੇ ਸਾਂਝੇ ਯਤਨ ਕਰਨ ਦੇ ਨਾਲ ਸਿੱਖ ਕੌਮ ਦੀ ਇਸ ਮੰਗ ਨੂੰ ਲੋਕ ਲਹਿਰ ਬਣਾਉਣ ਲਈ ਦਸਤਖਤੀ ਮੁਹਿੰਮ ਚਲਾਈ ਗਈ ਜਿਸ ਵਿੱਚ 26 ਲੱਖ ਲੋਕਾਂ ਨੇ ਦਸਤਖਤ ਕੀਤੇ। ਇਸ ਨੂੰ ਡਿਜੀਟਲ ਰੂਪ ਵਿੱਚ ਪੰਜਾਬ ਦੇ ਰਾਜਪਾਲ ਰਾਹੀਂ ਰਾਸ਼ਟਰਪਤੀ ਨੂੰ ਭੇਜਿਆ ਗਿਆ। ਐਡਵੋਕੇਟ ਧਾਮੀ ਨੇ ਬੰਦੀ ਸਿੰਘਾਂ ਦੀ ਰਿਹਾਈ ਲਈ ਸਾਂਝੇ ਯਤਨਾਂ ਵਾਸਤੇ ਸਾਰੀਆਂ ਪੰਥਕ ਧਿਰਾਂ ਨੂੰ ਇਕੱਠੇ ਕਰਨ ਲਈ ਵੀ ਹਮੇਸ਼ਾਂ ਪਹਿਲਕਦਮੀ ਕੀਤੀ।

ਇਸ ਸਮੇਂ ਦੌਰਾਨ ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰਿਆਂ ਨੇ ਵੀ ਜ਼ਿਕਰਯੋਗ ਪ੍ਰਾਪਤੀਆਂ ਕੀਤੀਆਂ। ਬਹੁਤ ਸਾਰੇ ਸਕੂਲ/ਕਾਲਜਾਂ ਦੇ ਬੱਚਿਆਂ ਨੇ ਖੇਡਾਂ ਵਿਚ ਵੱਡੀਆਂ ਮੱਲਾਂ ਮਾਰੀਆਂ। ਸਕੂਲਾਂ ਵਿਚ ਬੱਚਿਆਂ ਦੀ ਗਿਣਤੀ ਵਿਚ ਵੀ ਵੱਡਾ ਵਾਧਾ ਹੋਇਆ। ਸਰਗਰਮ ਧਰਮ ਪ੍ਰਚਾਰ ਲਹਿਰ ਤਹਿਤ ਪਿੰਡ-ਪਿੰਡ ਗੁਰਮਤਿ ਪ੍ਰਚਾਰ, ਬੱਚਿਆਂ ਦੇ ਗੁਰਮਤਿ ਕੈਂਪ, ਅੰਮ੍ਰਿਤ ਸੰਚਾਰ, ਧਾਰਮਿਕ ਫ਼ਿਲਮਾਂ ਦਿਖਾਉਣੀਆਂ, ਧਾਰਮਿਕ ਪ੍ਰੀਖਿਆ ਤਹਿਤ ਵਜ਼ੀਫ਼ੇ ਅਤੇ ਧਾਰਮਿਕ ਸਾਹਿਤ ਛਾਪ ਕੇ ਮੁਫ਼ਤ ਵੰਡਣਾ ਅਹਿਮ ਹੈ। ਉਨ੍ਹਾਂ ਨੇ ਗੁਰੂ ਘਰਾਂ ਅੰਦਰ ਪ੍ਰਬੰਧਕੀ ਕਾਰਜਾਂ ਦੇ ਨਾਲ-ਨਾਲ ਵਾਤਾਵਰਣ ਪ੍ਰਤੀ ਚੇਤੰਨਤਾ ਲਈ ਕਾਰਜ ਕਰਦਿਆਂ ਬਾਗ ਤੇ ਜੰਗਲ ਲਗਾਉਣ ਦੀ ਪ੍ਰੰਪਰਾ ਵੀ ਜਾਰੀ ਰੱਖੀ। ਕੁਦਰਤੀ ਆਫ਼ਤਾਂ ਮੌਕੇ ਮਾਨਵ ਭਲਾਈ ਕਾਰਜ ਵੀ ਅਹਿਮ ਰਹੇ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਵਜੋਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਸੇਵਾ ਕਾਲ ਸਮੇਂ ਕੀਤੇ ਗਏ ਚੋਣਵੇਂ ਪ੍ਰਮੁੱਖ ਕਾਰਜਾਂ ਨੂੰ ਹੱਥਲੇ ਕਿਤਾਬਚੇ ਵਿਚ ਕਲਮਬੰਦ ਕਰਨ ਦਾ ਯਤਨ ਕੀਤਾ ਗਿਆ ਹੈ। ਉਨ੍ਹਾਂ ਵੱਲੋਂ ਕੀਤੇ ਮਹੱਤਵਪੂਰਨ ਅਤੇ ਪ੍ਰਭਾਵਸ਼ਾਲੀ ਉਪਰਾਲਿਆਂ ਤੋਂ ਭਵਿੱਖੀ ਸਮੇਂ ਵਿਚ ਸੇਧ ਪ੍ਰਾਪਤ ਕੀਤੀ ਜਾ ਸਕੇਗੀ।



# ਬੰਦੀ ਸਿੰਘਾਂ ਦੀ ਰਿਹਾਈ ਲਈ ਸੰਜੀਦਾ ਯਤਨ...

ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਸਿੱਖਾਂ ਦੀ ਰਿਹਾਈ ਦਾ ਮਾਮਲਾ ਸਿੱਖ ਕੌਮ ਲਈ ਬੜਾ ਅਹਿਮ ਹੈ। ਇਹ ਉਹ ਸਿੱਖ ਨੌਜਵਾਨ ਹਨ ਜੋ ਸਿੱਖ ਕੌਮ ਖਿਲਾਫ ਚੱਲ ਰਹੀਆਂ ਗਤੀਵਿਧੀਆਂ ਦੇ ਵਿਰੋਧ ਵਿੱਚ ਖੜ੍ਹੇ ਹੋਏ। ਇਨ੍ਹਾਂ ਨੌਜਵਾਨਾਂ ਦਾ ਕਿਸੇ ਕਿਸਮ ਦਾ ਅਪਰਾਧਿਕ ਪਿਛੋਕੜ ਨਹੀਂ ਸੀ, ਸਗੋਂ ਇਨ੍ਹਾਂ ਨੇ ਤਾਂ ਸਿੱਖਾਂ ਕੌਮ 'ਤੇ ਹੋ ਰਹੇ ਜ਼ੁਲਮਾਂ ਖਿਲਾਫ ਸਿੱਖ ਜਜ਼ਬਾਤਾਂ ਅਨੁਸਾਰ ਆਵਾਜ਼ ਉਠਾਈ। ਭਾਰਤੀ ਕਾਨੂੰਨ ਅਨੁਸਾਰ ਇਨ੍ਹਾਂ ਨੂੰ ਜੋ ਸਜ਼ਾਵਾਂ ਮਿਲੀਆਂ ਉਸ ਤੋਂ ਕਿਤੇ ਜ਼ਿਆਦਾ ਸਮਾਂ ਇਹ ਜੇਲ੍ਹਾਂ ਵਿੱਚ ਕੱਟ ਚੁੱਕੇ ਹਨ। ਸਜ਼ਾਵਾਂ ਪੂਰੀਆਂ ਕਰਨ ਦੇ ਬਾਅਦ ਵੀ ਇਨ੍ਹਾਂ ਨੂੰ ਰਿਹਾਅ ਨਾ ਕਰਨਾ ਮਨੁੱਖੀ ਅਧਿਕਾਰਾਂ ਦਾ ਵੱਡਾ ਘਾਣ ਹੈ। ਸਿੱਖ ਕੌਮ ਇਨ੍ਹਾਂ ਦੀ ਰਿਹਾਈ ਦੀ ਲਗਾਤਾਰ ਮੰਗ ਕਰ ਰਹੀ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਇਨ੍ਹਾਂ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ਨੂੰ ਹੱਲ ਕਰਵਾਉਣ ਲਈ ਸੰਜੀਦਗੀ ਨਾਲ ਯਤਨ ਕੀਤੇ ਜਾ ਰਹੇ ਹਨ। ਐਡਵੋਕੇਟ ਧਾਮੀ ਵੱਲੋਂ ਇਸ ਮਾਮਲੇ ਨੂੰ ਲੈ ਕੇ ਕੌਮੀ ਇੱਕਜੁੱਟਤਾ ਲਈ ਕੀਤੀ ਪਹਿਲਕਦਮੀ ਵਿਸ਼ੇਸ਼ ਅਹਿਮੀਅਤ ਰੱਖਦੀ ਹੈ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਉੱਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਪੰਥਕ ਜਥੇਬੰਦੀਆਂ, ਧਾਰਮਿਕ, ਰਾਜਸੀ ਤੇ ਸਮਾਜਿਕ ਜਥੇਬੰਦੀਆਂ ਨੂੰ ਇੱਕ ਮੰਚ 'ਤੇ ਇਕੱਠਿਆਂ ਕਰਨ ਲਈ ਉਨ੍ਹਾਂ ਨਾਲ ਵਿਸ਼ੇਸ਼ ਤੌਰ 'ਤੇ ਇਕੱਤਰਤਾਵਾਂ ਕੀਤੀਆਂ ਅਤੇ ਸੁਝਾਅ ਲਏ। ਇਸ ਮਾਮਲੇ ਨੂੰ ਇਕਜੁੱਟਤਾ ਨਾਲ ਜੋਰਦਾਰ ਢੰਗ ਨਾਲ ਉਠਾਉਣ ਲਈ ਸਮੂਹ ਪੰਥਕ ਜਥੇਬੰਦੀਆਂ ਦੇ ਨੁਮਾਇੰਦਿਆਂ 'ਤੇ ਆਧਾਰਿਤ ਇੱਕ 11 ਮੈਂਬਰੀ ਕਮੇਟੀ ਦਾ ਗਠਨ ਵੀ ਕੀਤਾ ਗਿਆ ਜਿਸ ਦੀਆਂ ਵਿਸ਼ੇਸ਼ ਤੌਰ 'ਤੇ ਇਕੱਤਰਤਾਵਾਂ ਹੋਈਆਂ। ਸਿੱਖ ਜਜ਼ਬਾਤਾਂ ਦੀ ਤਰਜਮਾਨੀ ਕਰਦਿਆਂ ਬੰਦੀ ਸਿੰਘਾਂ ਦੀ ਰਿਹਾਈ ਲਈ ਰੋਸ ਮਾਰਚ ਵੀ ਕੀਤੇ ਗਏ। ਡੀਸੀ ਦਫਤਰਾਂ ਬਾਹਰ ਕਾਲੇ ਚੋਲੇ ਪਾ ਕੇ ਰੋਸ ਧਰਨੇ ਦਿੱਤੇ ਗਏ। ਰਾਜਸੀ ਪਹੁੰਚ ਦੀ ਨੀਤੀ ਦੇ ਨਾਲ ਨਾਲ ਕਾਨੂੰਨੀ ਲੜਾਈ ਤੇਜ਼ ਕਰਨ ਲਈ ਸੇਵਾ ਮੁਕਤ ਸਿੱਖ ਜੱਜਾਂ ਅਤੇ ਸੀਨੀਅਰ ਵਕੀਲਾਂ ਨਾਲ ਵਿਸ਼ੇਸ਼ ਮੀਟਿੰਗਾਂ ਕਰਕੇ ਉਨ੍ਹਾਂ ਪਾਸੋਂ ਸੁਝਾ ਲਏ ਗਏ। ਇਸ ਲਹਿਰ ਨੂੰ ਲੋਕ ਲਹਿਰ ਬਣਾਉਣ ਲਈ ਦਸਤਖਤੀ ਮੁਹਿੰਮ ਆਰੰਭ ਗਈ, ਜਿਸ ਵਿੱਚ 26 ਲੱਖ ਤੋਂ ਵੱਧ ਲੋਕਾਂ ਨੇ ਸ਼ਮੂਲੀਅਤ ਕੀਤੀ। ਲੋਕਾਂ ਦੀ ਇਸ ਆਵਾਜ਼ ਨੂੰ ਪੰਜਾਬ ਦੇ ਰਾਜਪਾਲ ਜ਼ਰੀਏ ਰਾਸ਼ਟਰਪਤੀ ਤੱਕ ਪਹੁੰਚਾਇਆ ਗਿਆ। ਸਮੇਂ ਸਮੇਂ ਇਸ ਸਬੰਧੀ ਸਿੱਖ ਬੁੱਧੀਜੀਵੀਆਂ ਤੇ ਕਾਨੂੰਨੀ ਮਹਿਰਾ ਨਾਲ ਗੱਲਬਾਤ ਵੀ ਜਾਰੀ ਰੱਖੀ ਗਈ।



## ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਪੰਥਕ ਜਥੇਬੰਦੀਆਂ ਅਤੇ ਪੰਥ ਦਰਦੀਆਂ ਨਾਲ ਇਕੱਤਰਤਾ:

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਤਬਦੀਲੀ ਅਤੇ ਬਾਕੀ ਬੰਦੀ ਸਿੰਘਾਂ ਦੀ ਰਿਹਾਈ ਲਈ ਸਾਂਝੇ ਯਤਨਾਂ ਵਾਸਤੇ 11 ਮਈ 2022 ਨੂੰ ਪੰਥਕ, ਧਾਰਮਿਕ, ਰਾਜਸੀ ਜਥੇਬੰਦੀਆਂ ਅਤੇ ਪੰਥ ਦਰਦੀਆਂ ਦਾ ਇੱਕ ਵਿਸ਼ੇਸ ਇਕੱਠ ਸ਼੍ਰੋਮਣੀ ਕਮੇਟੀ ਦਫਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਕੀਤਾ ਗਿਆ। ਇਸ ਇਕੱਠ ਵਿਚ ਸਮੂਹ ਜਥੇਬੰਦੀਆਂ ਨੇ ਇਕਜੁਟਤਾ ਦਾ ਪ੍ਰਗਟਾਵਾ ਕਰਦਿਆਂ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੇ ਜਾਣ ਵਾਲੇ ਭਵਿੱਖੀ ਯਤਨਾਂ ਅਤੇ ਆਰੰਭੇ ਜਾਣ ਵਾਲੇ ਹਰ ਸੰਘਰਸ਼ ਦਾ ਮੋਹਰੀ ਤੌਰ 'ਤੇ ਸਾਥ ਦੇਣ ਦੀ ਵਚਨਬੱਧਤਾ ਪ੍ਰਗਟਾਈ। ਅਗਲੀ ਰੂਪ ਰੇਖਾ ਉਲੀਕਣ ਲਈ ਅਧਿਕਾਰ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਦਿੱਤੇ ਗਏ।



## ਸ਼੍ਰੋਮਣੀ ਕਮੇਟੀ ਵੱਲੋਂ ਸਥਾਪਤ ਕੀਤੀ ਗਈ 11 ਮੈਂਬਰੀ ਉੱਚ ਤਾਕਤੀ ਕਮੇਟੀ ਦੀ ਇਕੱਤਰਤਾ:

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਪੰਥਕ ਜਥੇਬੰਦੀਆਂ ਦੀ ਇਕੱਤਰਤਾ ਤੋਂ ਬਾਅਦ ਸ਼੍ਰੋਮਣੀ ਕਮੇਟੀ ਵੱਲੋਂ ਸਥਾਪਤ ਕੀਤੀ ਗਈ 11 ਮੈਂਬਰੀ ਉੱਚ ਤਾਕਤੀ ਕਮੇਟੀ ਦੀ ਇਕੱਤਰਤਾ 19 ਮਈ 2022 ਨੂੰ ਸ਼੍ਰੋਮਣੀ ਕਮੇਟੀ ਦਫਤਰ ਵਿਖੇ ਹੋਈ। ਇਸ ਇਕੱਤਰਤਾ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ, ਨਿਹੰਗ ਸਿੰਘ ਦਲਾਂ 'ਚੋਂ ਤਰਨਾਂ ਦਲ ਹਰੀਆਂ ਵੇਲਾਂ ਦੇ ਮੁਖੀ ਬਾਬਾ ਨਿਹਾਲ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਵੱਲੋਂ ਸ. ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ, ਸਿੱਖ ਪ੍ਰਚਾਰਕ ਬਾਬਾ ਬਲਜੀਤ ਸਿੰਘ ਦਾਦੂਵਾਲ, ਸ਼੍ਰੋਮਣੀ ਅਕਾਲੀ ਦਲ ਦਿੱਲੀ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ, ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਮਨਜੀਤ ਸਿੰਘ ਜੀਕੇ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਸ. ਅਵਤਾਰ ਸਿੰਘ ਹਿੱਤ ਅਤੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਬੋਰਡ ਦੇ ਪ੍ਰਧਾਨ ਸ. ਪਰਮਜੋਤ ਸਿੰਘ ਚਾਹਲ ਸ਼ਾਮਲ ਹੋਏ। ਇਸ ਇਕੱਤਰਤਾ ਵਿਚ ਬੰਦੀ ਸਿੰਘਾਂ ਦੇ ਮਾਮਲੇ ਨੂੰ ਇਕਜੁਟਤਾ ਨਾਲ ਹਰ ਪੱਧਰ 'ਤੇ ਉਠਾਉਣ ਦਾ ਫੈਸਲਾ ਕੀਤਾ ਗਿਆ। ਇਕੱਤਰਤਾ ਵਿਚ ਬੰਦੀ ਸਿੰਘਾਂ ਦੀ ਰਿਹਾਈ ਲਈ ਨਿਰੰਤਰ ਯਤਨਸ਼ੀਲ ਜਥੇਬੰਦੀਆਂ ਅਤੇ ਸਿੱਖ ਆਗੂਆਂ ਦਾ ਧੰਨਵਾਦ ਮਤਾ ਵੀ ਪਾਸ ਕੀਤਾ ਗਿਆ।





## ਅਜ਼ਾਦੀ ਦੀ 75ਵੀਂ ਵਰ੍ਹੇਗੰਢ ਮੌਕੇ ਪੰਜਾਬ ਭਰ 'ਚ ਰੋਸ ਪ੍ਰਦਰਸ਼ਨ:

ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿਚ ਨਜ਼ਰਬੰਦ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਵੱਲੋਂ 13 ਅਗਸਤ 2022 ਨੂੰ ਦੇਸ਼ ਦੀ 75ਵੀਂ ਵਰ੍ਹੇਗੰਢ ਮੌਕੇ ਪੰਜਾਬ ਭਰ ਵਿਚ ਜ਼ਿਲ੍ਹਾ ਹੈੱਡਕੁਆਰਟਾਂ 'ਤੇ ਰੋਸ ਪ੍ਰਦਰਸ਼ਨ ਕਰਦਿਆਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਨਾਂ ਡਿਪਟੀ ਕਮਿਸ਼ਨਰਾਂ ਨੂੰ ਪੱਤਰ ਸੌਂਪੇ ਗਏ। ਇਸ ਰੋਸ ਪ੍ਰਦਰਸ਼ਨ ਦੌਰਾਨ ਸਾਰਿਆਂ ਨੇ ਕਾਲੀਆਂ ਦਸਤਾਰਾਂ ਸਜਾਈਆਂ ਹੋਈਆਂ ਸਨ ਅਤੇ ਹੱਥਾਂ ਵਿਚ ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਸਲੋਗਨ ਲਿਖੇ ਬੈਨਰ ਤੇ ਤਖ਼ਤੀਆਂ ਫੜ੍ਹੀਆਂ ਹੋਈਆਂ ਸਨ। ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ 30-30 ਸਾਲਾਂ ਤੋਂ ਜੇਲ੍ਹਾਂ ਵਿਚ ਨਜ਼ਰਬੰਦ ਸਿੰਘਾਂ ਨਾਲ ਇਨਸਾਫ ਨਹੀਂ ਕੀਤਾ ਜਾ ਰਿਹਾ। ਸਰਕਾਰਾਂ ਵੱਲੋਂ ਐਲਾਨ ਕਰਨ ਮਗਰੋਂ ਵੀ ਬੰਦੀ ਸਿੰਘਾਂ ਦੀ ਰਿਹਾਈ ਨਹੀਂ ਕਰ ਰਹੀਆਂ। ਇਹ ਬੇਹੱਦ ਮੰਦਭਾਗਾ ਹੈ ਕਿ ਦੇਸ਼ ਲਈ ਸਭ ਤੋਂ ਵੱਧ ਕੁਰਬਾਨੀਆਂ ਕਰਨ ਵਾਲੇ ਸਿੱਖਾਂ ਨਾਲ ਧੱਕਾ ਕੀਤਾ ਜਾ ਰਿਹਾ ਹੈ। ਦੇਸ਼ ਦੇ ਸੰਵਿਧਾਨ ਤਹਿਤ ਹਰ ਇੱਕ ਨੂੰ ਬਰਾਬਰ ਹੱਕ ਪ੍ਰਾਪਤ ਹਨ, ਪਰ ਸਿੱਖ ਬੰਦੀਆਂ ਨੂੰ ਉਨ੍ਹਾਂ ਦੇ ਮਨੁੱਖੀ ਅਧਿਕਾਰਾਂ ਤੋਂ ਵਾਂਝਿਆਂ ਰੱਖਣਾ ਸੰਵਿਧਾਨ ਦੀ ਵੀ ਉਲੰਘਣਾ ਹੈ।

## ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਦੀ ਇਕੱਤਰਤਾ 'ਚ ਬੰਦੀ ਸਿੰਘਾਂ ਦੀ ਰਿਹਾਈ ਸਮੇਤ ਹੋਰ ਮਤੇ ਪਾਸ:

ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਆਰੰਭੇ ਸੰਘਰਸ਼ ਨੂੰ ਅੱਗੇ ਵਧਾਉਣ ਲਈ 2 ਸਤੰਬਰ 2022 ਨੂੰ ਸ਼੍ਰੋਮਣੀ ਕਮੇਟੀ ਦੇ ਸਮੂਹ ਮੈਂਬਰਾਂ ਦੀ ਇੱਕ ਵਿਸ਼ੇਸ਼ ਇਕੱਤਰਤਾ ਕੀਤੀ ਗਈ। ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬੀਤੇ ਸਮੇਂ 'ਚ ਸ਼੍ਰੋਮਣੀ ਕਮੇਟੀ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੇ ਕਾਰਜਾਂ ਦਾ ਵਿਸਥਾਰ ਦਿੰਦਿਆਂ ਸਰਕਾਰਾਂ ਦੇ ਅੜੀਅਲ ਰਵੱਈਏ ਦੀ ਨਿੰਦਾ ਕੀਤੀ। ਇਸ ਮੌਕੇ ਇਕ ਮਤਾ ਪਾਸ ਕਰਕੇ ਇਸ ਮੰਗ ਨੂੰ ਲੋਕ ਲਹਿਰ ਬਣਾਉਣ ਲਈ ਦਸਤਖ਼ਤੀ ਮੁਹਿੰਮ ਆਰੰਭ ਕਰਨ ਦਾ ਫੈਸਲਾ ਕੀਤਾ ਗਿਆ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਪ੍ਰਧਾਨਗੀ 'ਚ ਹੋਏ ਇਸ ਪੰਥਕ ਇਕੱਠ ਵਿਚ ਵੱਖ-ਵੱਖ ਬੁਲਾਰਿਆਂ ਨੇ ਬੰਦੀ ਸਿੰਘਾਂ ਦੇ ਮੁੱਦੇ ਸਬੰਧੀ ਸਰਕਾਰਾਂ ਦੀ ਉਦਾਸੀਨਤਾ 'ਤੇ ਗਹਿਰੀ ਚਿੰਤਾ ਪ੍ਰਗਟ ਕੀਤੀ ਅਤੇ ਭਵਿੱਖ ਵਿਚ ਹਰ ਪੱਧਰ 'ਤੇ ਸਹਿਯੋਗ ਦਾ ਭਰੋਸਾ ਦਿੱਤਾ।







## ਪੰਜਾਬ 'ਚ ਡੀਸੀ ਦਫਤਰਾਂ ਵਿਖੇ ਰੋਸ ਧਰਨੇ:

12 ਸਤੰਬਰ 2023 ਨੂੰ ਸ਼੍ਰੋਮਣੀ ਕਮੇਟੀ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਰੋਸ ਮਾਰਚ ਕਰਦਿਆਂ ਪੰਜਾਬ ਭਰ ਵਿਚ ਸਮੂਹ ਡਿਪਟੀ ਕਮਿਸ਼ਨਰਾਂ ਦੇ ਦਫਤਰਾਂ ਮੂਹਰੇ ਰੋਸ ਧਰਨੇ ਲਗਾਏ ਗਏ। ਅੰਮ੍ਰਿਤਸਰ ਵਿਖੇ ਧਰਨੇ ਤੇ ਰੋਸ ਮਾਰਚ ਦੀ ਅਗਵਾਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਖ਼ੁਦ ਕੀਤੀ। ਇਸ ਤੋਂ ਇਲਾਵਾ ਵੱਖ-ਵੱਖ ਜ਼ਿਲ੍ਹਿਆਂ ਅੰਦਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਲਕਾ ਮੈਂਬਰਾਂ ਵੱਲੋਂ ਭਰਵੀਂ ਹਾਜ਼ਰੀ ਵਿਚ ਡਿਪਟੀ ਕਮਿਸ਼ਨਰ ਦਫ਼ਤਰਾਂ ਵਿਖੇ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਮੈਂਬਰਾਂ ਨੇ ਕਾਲੇ ਚੋਲ਼ੇ ਤੇ ਜ਼ੰਜੀਰਾਂ ਪਾ ਕੇ ਰੋਸ ਜਤਾਇਆ। ਅੰਮ੍ਰਿਤਸਰ ਵਿਖੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਮੈਂਬਰ ਸਾਹਿਬਾਨ ਅਤੇ ਸ਼੍ਰੋਮਣੀ ਕਮੇਟੀ ਦਾ ਸਮੁੱਚਾ ਸਟਾਫ਼ ਪੈਦਲ ਚੱਲ ਕੇ ਡੀਸੀ ਦਫ਼ਤਰ ਪੁੱਜਾ, ਜਿਥੇ ਜਾ ਕੇ ਐਡਵੋਕੇਟ ਧਾਮੀ ਨੇ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਨਾਂ ਡਿਪਟੀ ਕਮਿਸ਼ਨਰ ਨੂੰ ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਮੰਗ ਪੱਤਰ ਦਿੱਤਾ। ਰੋਸ ਧਰਨੇ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਕੇਂਦਰ ਅਤੇ ਸੂਬਾ ਸਰਕਾਰਾਂ ਵੱਲੋਂ ਅਪਣਾਈ ਜਾ ਰਹੀ ਪੱਖਪਾਤੀ ਨੀਤੀ ਦੀ ਕਰੜੀ ਆਲੋਚਨਾ ਕੀਤੀ। ਸ਼੍ਰੋਮਣੀ ਕਮੇਟੀ ਨੇ ਇਸ ਗੱਲ 'ਤੇ ਸਖ਼ਤ ਰੋਸ ਪ੍ਰਗਟ ਕੀਤਾ ਕਿ ਮਨੁੱਖੀ ਅਧਿਕਾਰਾਂ ਦਾ ਉਲੰਘਣ ਕਰਦਿਆਂ ਤਿੰਨ-ਤਿੰਨ ਦਹਾਕਿਆਂ ਤੋਂ ਜੇਲ੍ਹਾਂ ਵਿਚ ਨਜ਼ਰਬੰਦ ਸਿੱਖਾਂ ਨੂੰ ਛੱਡਿਆ ਨਹੀਂ ਜਾ ਰਿਹਾ ਹੈ, ਜਦਕਿ ਕਈ ਹੋਰ ਮਾਮਲਿਆਂ ਵਿਚ ਸਜ਼ਾਵਾਂ ਭੁਗਤ ਰਹੇ ਲੋਕਾਂ ਨੂੰ ਰਿਹਾਅ ਕਰ ਦਿੱਤਾ ਗਿਆ ਹੈ। ਉਮਰ ਕੈਦ ਤੋਂ ਵੀ ਦੁਗਣੀਆਂ ਸਜ਼ਾਵਾਂ ਸਿੱਖ ਬੰਦੀ ਭੁਗਤ ਚੁੱਕੇ ਹਨ। ਇਥੋਂ ਤੱਕ ਕਿ ਕਈਆਂ ਨੂੰ ਪੈਰੋਲ ਦਾ ਹੱਕ ਵੀ ਨਹੀਂ ਦਿੱਤਾ ਜਾ ਰਿਹਾ। ਇਹ ਸਿੱਖਾਂ ਨਾਲ ਸੰਵਿਧਾਨ ਦੇ ਵਿਰੁੱਧ ਵਰਤਾਰਾ ਹੈ, ਜਿਸ ਨੂੰ ਰੋਕਿਆ ਜਾਵੇ ਅਤੇ ਬੰਦੀ ਸਿੰਘਾਂ ਦੇ ਮਨੁੱਖੀ ਅਧਿਕਾਰਾਂ ਨੂੰ ਮੱਦੇਨਜ਼ਰ ਰੱਖਦਿਆਂ ਉਨ੍ਹਾਂ ਦੀ ਰਿਹਾਈ ਕੀਤੀ ਜਾਵੇ।

## ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਕਾਨੂੰਨੀ ਮਾਹਿਰਾਂ ਨਾਲ ਕੀਤੀ ਬੈਠਕ:

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬੰਦੀ ਸਿੰਘਾਂ ਦੀ ਰਿਹਾਈ ਲਈ ਸੰਘਰਸ਼ ਅਤੇ ਰਾਜਸੀ ਪਹੁੰਚ ਦੀ ਨੀਤੀ ਦੇ ਨਾਲ-ਨਾਲ ਕਾਨੂੰਨੀ ਲੜਾਈ ਤੇਜ਼ ਕਰਨ ਲਈ 17 ਸਤੰਬਰ 2022 ਨੂੰ ਚੰਡੀਗੜ੍ਹ ਵਿਖੇ ਸੇਵਾ ਮੁਕਤ ਸਿੱਖ ਜੱਜਾਂ ਅਤੇ ਸੀਨੀਅਰ ਵਕੀਲਾਂ ਨਾਲ ਬੈਠਕ ਕੀਤੀ। ਕਾਨੂੰਨੀ ਮਾਹਿਰਾਂ ਨੇ ਬੈਠਕ ਦੌਰਾਨ ਅਹਿਮ ਸੁਝਾਅ ਦਿਤੇ ਜਿਸ ਅਨੁਸਾਰ ਕਾਨੂੰਨੀ ਲੜਾਈ ਨੂੰ ਅੱਗੇ ਵਧਾਉਣ ਦਾ ਫੈਸਲਾ ਹੋਇਆ। ਇਕੱਤਰਤਾ 'ਚ ਕਾਨੂੰਨੀ ਮਾਹਿਰਾਂ ਵੱਲੋਂ ਬਿਹਤਰੀਨ ਸੁਝਾਅ ਪ੍ਰਾਪਤ ਹੋਏ ਅਤੇ ਅਜਿਹੀਆਂ ਇਕੱਤਰਤਾਵਾਂ ਅੱਗੇ ਵੀ ਜਾਰੀ ਰੱਖਣ ਦਾ ਫੈਸਲਾ ਹੋਇਆ। ਆਏ ਵਿਚਾਰਾਂ ਅਨੁਸਾਰ ਲੰਮੇ ਅਰਸੇ ਤੋਂ ਜੇਲ੍ਹਾਂ ਵਿਚ ਬੰਦ ਸਿੱਖ ਕੈਦੀਆਂ ਤੋਂ ਇਲਾਵਾ ਮੌਜੂਦਾ ਸਮਿਆਂ ਦੌਰਾਨ ਕਈ ਕੇਸਾਂ 'ਚ ਫਸਾਏ ਗਏ ਸਿੱਖ ਨੌਜੁਆਨਾਂ ਨੂੰ ਛੁਡਾਉਣ ਲਈ ਵੀ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾ ਰਹੇ ਯਤਨਾਂ 'ਤੇ ਵਿਚਾਰ ਹੋਈ। ਬੈਠਕ ਵਿਚ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ, ਮੈਂਬਰ ਤੇ ਵੱਖ-ਵੱਖ ਸੇਵਾ ਮੁਕਤ ਜੱਜਾਂ ਤੋਂ ਇਲਾਵਾ ਸੀਨੀਅਰ ਐਡਵੋਕੇਟ ਸ. ਜੀਐਸ ਬੱਲ, ਸੀਨੀਅਰ ਐਡਵੋਕੇਟ ਪੂਰਨ ਸਿੰਘ ਹੁੰਦਲ, ਸੀਨੀਅਰ ਐਡਵੋਕੇਟ ਰਾਜਵਿੰਦਰ ਸਿੰਘ ਬੈਂਸ, ਸੀਨੀਅਰ ਐਡਵੋਕੇਟ ਗੁਰਿੰਦਰ ਸਿੰਘ ਪੂਨੀਆਂ, ਸੀਨੀਅਰ ਐਡਵੋਕੇਟ ਗੁਰਮਿੰਦਰ ਸਿੰਘ, ਐਡਵੋਕੇਟ ਪਰਮਜੀਤ ਸਿੰਘ ਥਿਆੜਾ, ਐਡਵੋਕੇਟ ਨਵਕਿਰਨ ਸਿੰਘ, ਐਡਵੋਕੇਟ ਪੁਨੀਤ ਕੌਰ ਸੇਖੋਂ, ਐਡਵੋਕੇਟ ਪਰਮਜੀਤ ਸਿੰਘ ਬਰਾੜ, ਐਡਵੋਕੇਟ ਜਸਪਾਲ ਸਿੰਘ ਮੰਝਪੁਰ, ਐਡਵੋਕੇਟ ਅਮਰ ਸਿੰਘ ਚਾਹਲ, ਐਡਵੋਕੇਟ ਬਲਜਿੰਦਰ ਸਿੰਘ ਸੋਢੀ, ਐਡਵੋਕੇਟ ਬੀਐਸ ਢਿੱਲੋਂ ਆਦਿ ਨੇ ਸ਼ਮੂਲੀਅਤ ਕੀਤੀ।



## ਬੰਦੀ ਸਿੰਘਾਂ ਦੀ ਰਿਹਾਈ ਲਈ ਦਸਤਖਤੀ ਮੁਹਿੰਮ:

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 1 ਦਸੰਬਰ 2022 ਨੂੰ ਬੰਦੀ ਸਿੰਘਾਂ ਦੀ ਰਿਹਾਈ ਲਈ ਦਸਤਖ਼ਤੀ ਮੁਹਿੰਮ ਦਾ ਵਿਸ਼ਾਲ ਪੱਧਰ 'ਤੇ ਆਗਾਜ਼ ਕੀਤਾ ਗਿਆ। ਇਸ ਮੁਹਿੰਮ ਤਹਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਸਮੇਤ ਪੰਜਾਬ ਅਤੇ ਹਰਿਆਣਾ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ 'ਚ ਕੇਂਦਰ ਸਥਾਪਤ ਕਰਕੇ ਸੰਗਤਾਂ ਪਾਸੋਂ ਪ੍ਰੋਫਾਰਮੇ ਭਰਵਾਉਣ ਦਾ ਕਾਰਜ ਆਰੰਭ ਕੀਤਾ ਗਿਆ। ਇਸ ਮੁਹਿੰਮ ਤਹਿਤ ਜਿਥੇ ਸਿੱਖ ਮਿਸ਼ਨਾਂ ਰਾਹੀਂ ਵੱਖ-ਵੱਖ ਸੂਬਿਆਂ ਦੇ ਲੋਕਾਂ ਵੱਲੋਂ ਸ਼ਮੂਲੀਅਤ ਕੀਤੀ ਗਈ ਉਥੇ ਆਨਲਾਈਨ ਗੂਗਲ ਫਾਰਮ ਰਾਹੀਂ ਵਿਸ਼ਵ ਭਰ ਤੋਂ ਸੰਗਤਾਂ ਵੀ ਬੰਦੀ ਸਿੰਘਾਂ ਦੀ ਰਿਹਾਈ ਲਈ ਇਸ ਆਵਾਜ਼ ਦਾ ਹਿੱਸਾ ਬਣੀਆਂ।





ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਖਿਆ ਕਿ ਬੰਦੀ ਸਿੰਘਾਂ ਦੀ ਰਿਹਾਈ ਸਿੱਖ ਕੌਮ ਦਾ ਬੇਹੱਦ ਅਹਿਮ ਮਸਲਾ ਹੈ, ਜਿਸ ਲਈ ਲੋਕ ਲਹਿਰ ਸਿਰਜਣ ਵਾਸਤੇ ਦਸਤਖ਼ਤੀ ਮੁਹਿੰਮ ਨਿਰਣਾਇਕ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਬੰਦੀ ਸਿੰਘਾਂ ਦੀ ਰਿਹਾਈ ਲਈ ਬੀਤੇ ਲੰਮੇ ਅਰਸੇ ਤੋਂ ਅਵਾਜ਼ ਬੁਲੰਦ ਕਰ ਰਹੀ ਹੈ ਅਤੇ ਇਸ ਤਹਿਤ ਕਾਨੂੰਨੀ ਚਾਰਜੋਈ ਦੇ ਨਾਲ-ਨਾਲ ਹਰ ਪੱਧਰ 'ਤੇ ਯਤਨ ਕੀਤੇ ਗਏ ਹਨ। ਮੌਜੂਦਾ ਸਮੇਂ ਸਰਕਾਰਾਂ ਵੱਲੋਂ ਇਸ ਸਬੰਧ ਵਿਚ ਅਪਣਾਇਆ ਗਿਆ ਨਾਂਹ-ਪੱਖੀ ਰਵੱਈਆ ਸਿੱਖ ਕੌਮ ਨਾਲ ਵੱਡੀ ਬੇਇਨਸਾਫੀ ਹੈ।

ਬੰਦੀ ਸਿੰਘਾਂ ਦੀ ਰਿਹਾਈ ਲਈ ਸ਼੍ਰੋਮਣੀ ਕਮੇਟੀ ਵੱਲੋਂ ਚਲਾਈ ਗਈ ਇਹ ਦਸਤਖ਼ਤੀ ਮੁਹਿੰਮ 1 ਦਸੰਬਰ 2022 ਤੋਂ 13 ਅਪ੍ਰੈਲ 2023 ਤੱਕ ਜਾਰੀ ਰਹੀ। ਇਸ ਦੌਰਾਨ ਪ੍ਰੋਫਾਰਮੇ ਭਰਨ ਪ੍ਰਤੀ ਸੰਗਤ ਨੇ ਭਾਰੀ ਉਤਸ਼ਾਹ ਵਿਖਾਇਆ। ਸੰਗਤਾਂ ਦੀਆਂ ਭਾਵਨਾਵਾਂ ਅਨੁਸਾਰ ਦਸਤਖ਼ਤੀ ਮੁਹਿੰਮ ਤਹਿਤ ਭਰਵਾਏ ਜਾਣ ਵਾਲੇ ਪ੍ਰੋਫਾਰਮੇ ਹਿੰਦੀ ਅਤੇ ਅੰਗਰੇਜ਼ੀ ਵਿਚ ਵੀ ਛਪਵਾਏ ਗਏ ਤਾਂ ਜੋ ਪੰਜਾਬ ਤੋਂ ਬਾਹਰਲੇ ਸੂਬਿਆਂ ਦੇ ਲੋਕ ਦਸਤਖ਼ਤੀ ਮੁਹਿੰਮ ਨੂੰ ਨੇੜਿਓਂ ਸਮਝ ਕੇ ਇਸ ਵਿਚ ਸ਼ਾਮਲ ਹੋ ਸਕਣ। ਆਨਲਾਈਨ ਗੂਗਲ ਫਾਰਮ ਤਿਆਰ ਕਰਕੇ ਡਿਜੀਟਲ ਮਾਧਿਅਮ ਦੀ ਵਰਤੋਂ ਨਾਲ ਇਸ ਮੁਹਿੰਮ ਦੀ ਪਹੁੰਚ ਵਿਸ਼ਵ ਪੱਧਰ ਤੱਕ ਵੀ ਬਣਾਈ ਗਈ। ਸ਼੍ਰੋਮਣੀ ਕਮੇਟੀ ਵੱਲੋਂ ਪਿਛਲੇ ਅਰਸੇ 'ਚ ਕੀਤੇ ਯਤਨਾਂ ਦੀ ਲਗਾਤਾਰਤਾ 'ਚ ਚਲਾਈ ਗਈ ਦਸਤਖ਼ਤੀ ਮੁਹਿੰਮ ਵਿਚ 26 ਲੱਖ ਲੋਕਾਂ ਨੇ ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਮੰਗ ਕਰਨ ਲਈ ਪ੍ਰੋਫਾਰਮੇ ਭਰ ਕੇ ਆਪਣੀਆਂ ਭਾਵਨਾਵਾਂ ਪ੍ਰਗਟ ਕੀਤੀਆਂ।









ਸ਼ਹੀਦ ਭਾਈ ਸਤਵੰਤ ਸਿੰਘ ਦੀ ਮਾਤਾ ਬੀਬੀ ਪਿਆਰ ਕੌਰ ਬੰਦੀ ਸਿੰਘਾਂ ਦੀ ਰਿਹਾਈ ਲਈ ਪ੍ਰੋਫਾਰਮਾ ਭਰਦੇ ਹੋਏ।



ਬਾਪੂ ਸੂਰਤ ਸਿੰਘ ਜੀ ਬੰਦੀ ਸਿੰਘਾਂ ਦੀ ਰਿਹਾਈ ਲਈ ਪ੍ਰੋਫਾਰਮਾ ਭਰਦੇ ਹੋਏ।




ਐਡਵੋਕੇਟ ਹਰਜਿੰਦਰ ਸਿੰਘ





## ਬੰਦੀ ਸਿੰਘਾਂ ਦੀ ਰਿਹਾਈ ਲਈ ਰਾਜਪਾਲ ਤਕ ਪਹੁੰਚਾਈ 26 ਲੱਖ ਲੋਕਾਂ ਦੀ ਅਵਾਜ਼:

ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ 30-30 ਸਾਲਾਂ ਤੋਂ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿਚ ਨਜ਼ਰਬੰਦ ਸਿੰਘਾਂ ਦੀ ਰਿਹਾਈ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਰੰਭੀ ਦਸਤਖ਼ਤੀ ਮੁਹਿੰਮ ਤਹਿਤ 26 ਲੱਖ ਲੋਕਾਂ ਵੱਲੋਂ ਬੁਲੰਦ ਕੀਤੀ ਗਈ ਅਵਾਜ਼ ਨੂੰ ਰਾਸ਼ਟਰਪਤੀ ਤੱਕ ਪਹੁੰਚਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵਫਦ 16 ਨਵੰਬਰ 2023 ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਕਰਕੇ ਪੰਜਾਬ ਦੇ ਰਾਜਪਾਲ ਨੂੰ ਮਿਲਣ ਲਈ ਰਵਾਨਾ ਹੋਇਆ। ਮੂਲਮੰਤਰ ਦੇ ਪਾਠ ਕਰਕੇ ਅਰਦਾਸ ਮਗਰੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਕੇਤਕ ਤੌਰ ’ਤੇ ਪ੍ਰੋਫਾਰਮੇ ਰਵਾਨਾ ਕੀਤੇ। ਇਸ ਮੌਕੇ ਕਈ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਮੌਜੂਦ ਸਨ।



## ਸ਼੍ਰੋਮਣੀ ਕਮੇਟੀ ਵਫ਼ਦ ਨੇ ਕਿਹਾ: ਰਾਜਪਾਲ ਜੀ, ਦੇਸ਼ ਦੇ ਰਾਸ਼ਟਰਪਤੀ ਤਕ ਪਹੁੰਚਾਉ ਸਿੱਖ ਕੌਮ ਦੀ ਅਵਾਜ਼:

16 ਨਵੰਬਰ 2023 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਕਰਕੇ ਚਾਲੇ ਪਾਉਣ ਉਪਰੰਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਵਫ਼ਦ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਭਰੇ 26 ਲੱਖ ਪ੍ਰੋਫਾਰਮਿਆਂ ਦਾ ਸਮੁੱਚਾ ਵੇਰਵਾ (ਡਿਜੀਟਲ ਰੂਪ) ਪੈਨ ਡਰਾਈਵ ਵਿਚ ਪਾ ਕੇ ਮੰਗ ਪੱਤਰਾਂ ਸਮੇਤ ਰਾਜਪਾਲ ਪੰਜਾਬ ਨੂੰ ਸੌਂਪਿਆ ਗਿਆ। ਰਾਜਪਾਲ ਪੰਜਾਬ ਨੂੰ ਭਾਰਤ ਦੇ ਰਾਸ਼ਟਰਪਤੀ ਸ੍ਰੀਮਤੀ ਦ੍ਰੌਪਦੀ ਮੁਰਮੂ ਦੇ ਨਾਮ 'ਤੇ ਦਿੱਤੇ ਗਏ ਇੱਕ ਮੰਗ ਪੱਤਰ ਵਿੱਚ ਉਮਰ ਕੈਦ ਤੋਂ ਦੁੱਗਣੀਆਂ ਸਜ਼ਾਵਾਂ ਭੁਗਤ ਚੁੱਕੇ 9 ਬੰਦੀ ਸਿੰਘਾਂ ਦੀ ਰਿਹਾਈ ਮੰਗੀ ਗਈ। ਇਨ੍ਹਾਂ ਵਿੱਚ ਭਾਈ ਗੁਰਦੀਪ ਸਿੰਘ ਖੇੜਾ, ਪ੍ਰੋਫ਼ੈਸਰ ਦਵਿੰਦਰਪਾਲ ਸਿੰਘ ਭੁੱਲਰ, ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਜਗਤਾਰ ਸਿੰਘ ਹਵਾਰਾ, ਭਾਈ ਲਖਵਿੰਦਰ ਸਿੰਘ ਲੱਖਾ, ਭਾਈ ਗੁਰਮੀਤ ਸਿੰਘ, ਭਾਈ ਸ਼ਮਸ਼ੇਰ ਸਿੰਘ, ਭਾਈ ਪਰਮਜੀਤ ਸਿੰਘ ਭਿਓਰਾ, ਭਾਈ ਜਗਤਾਰ ਸਿੰਘ ਤਾਰਾ ਦੇ ਨਾਂ ਸ਼ਾਮਲ ਕੀਤੇ।

ਇਸ ਤੋਂ ਇਲਾਵਾ ਰਾਸ਼ਟਰਪਤੀ ਦੇ ਨਾਮ ਰਾਜਪਾਲ ਨੂੰ ਦਿੱਤੇ ਇੱਕ ਹੋਰ ਮੰਗ ਪੱਤਰ ਰਾਹੀਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਉਮਰ ਕੈਦ ਵਿਚ ਤਬਦੀਲ ਕਰਨ ਦੇ ਮਾਮਲੇ ਦੇ ਹੱਲ ਦੀ ਅਪੀਲ ਕੀਤੀ ਗਈ। ਇਨ੍ਹਾਂ ਮੰਗ ਪੱਤਰਾਂ ਵਿੱਚ ਬੰਦੀ ਸਿੰਘਾਂ ਸਬੰਧੀ ਵਿਸਥਾਰਤ ਵੇਰਵੇ ਦਰਜ ਕਰਨ ਦੇ ਨਾਲ-ਨਾਲ ਸਰਕਾਰਾਂ ਵੱਲੋਂ ਪੱਖਪਾਤੀ ਰਵੱਈਏ ਦਾ ਵੀ ਜ਼ਿਕਰ ਕੀਤਾ ਗਿਆ। ਰਾਜਪਾਲ ਪੰਜਾਬ ਸ੍ਰੀ ਬਨਵਾਰੀ ਲਾਲ ਪੁਰੋਹਿਤ ਨਾਲ ਮੁਲਾਕਾਤ ਕਰਨ ਵਾਲੇ ਇਸ ਵਫ਼ਦ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਾਲ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਹਰਭਜਨ ਸਿੰਘ ਮਸਾਣਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ, ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਸ਼ਾਮਲ ਸਨ।



## ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ 'ਤੇ ਬੁੱਧੀਜੀਵੀਆਂ ਤੇ ਕਾਨੂੰਨੀ ਮਾਹਿਰਾਂ ਨਾਲ ਵਿਚਾਰ-ਵਟਾਂਦਰਾ:

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 25 ਨਵੰਬਰ 2023 ਨੂੰ ਬੰਦੀ ਸਿੰਘਾਂ ਦੇ ਮਾਮਲੇ 'ਤੇ ਬੁੱਧੀਜੀਵੀਆਂ ਅਤੇ ਕਾਨੂੰਨੀ ਮਾਹਰਾਂ ਦੀ ਸ੍ਰੀ ਕਲਗੀਧਰ ਨਿਵਾਸ, ਚੰਡੀਗੜ੍ਹ ਵਿਖੇ ਹੋਈ ਵਿਸ਼ੇਸ਼ ਇਕੱਤਰਤਾ ਦੌਰਾਨ ਹਾਜ਼ਰ ਸ਼ਖ਼ਸੀਅਤਾਂ ਦੇ ਸੁਝਾਅ ਅਨੁਸਾਰ ਇਸ ਮੁੱਦੇ ਨੂੰ ਘੱਟੋ-ਘੱਟ ਸਾਂਝੇ ਪ੍ਰੋਗਰਾਮ ਤਹਿਤ ਅੱਗੇ ਵਧਾਉਣ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਹਾਜ਼ਰ ਵਿਦਵਾਨਾਂ ਅਤੇ ਸੀਨੀਅਰ ਵਕੀਲਾਂ ਨੇ ਗੰਭੀਰਤਾ ਨਾਲ ਆਪਣੇ ਵਿਚਾਰ ਦਿੱਤੇ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਭਵਿੱਖੀ ਰੂਪ ਰੇਖਾ ਨੂੰ ਵਿਚਾਰਿਆ।

ਬੈਠਕ ਵਿਚ ਵਿਚਾਰ ਹੋਈ ਕਿ ਸ਼੍ਰੋਮਣੀ ਕਮੇਟੀ ਕੌਮੀ ਦਰਦ ਰੱਖਣ ਵਾਲਿਆਂ ਅਤੇ ਮਨੁੱਖੀ ਅਧਿਕਾਰਾਂ ਦੀ ਰਖਵਾਲੀ ਲਈ ਅਵਾਜ਼ ਚੁੱਕਣ ਵਾਲਿਆਂ ਨਾਲ ਰਾਬਤਾ ਕਾਇਮ ਕਰੇ। ਬੰਦੀ ਸਿੰਘਾਂ ਦੀ ਰਿਹਾਈ ਲਈ ਯਤਨਾਂ ਤਹਿਤ ਇੱਕ ਸਰਗਰਮ ਪ੍ਰਚਾਰ ਲਹਿਰ ਵੀ ਅਰੰਭੀ ਜਾਵੇ, ਜਿਸ ਵਿੱਚ ਦੁਨੀਆ ਅਤੇ ਸਰਕਾਰਾਂ ਨੂੰ ਇਹ ਦੱਸਿਆ ਜਾਵੇ ਕਿ ਸਿੱਖ ਬੰਦੀ ਕੋਈ ਪੇਸ਼ੇਵਰ ਅਪਰਾਧੀ ਨਹੀਂ ਸਨ, ਸਗੋਂ ਇਨ੍ਹਾਂ ਨੇ ਕੌਮ 'ਤੇ ਜੁਲਮ ਵਿਰੁੱਧ ਭਾਵਨਾਵਾਂ ਦੇ ਵਹਿਣ ਵਿੱਚ ਵਹਿ ਕੇ ਕਦਮ ਚੁੱਕੇ ਸਨ।

ਇਹ ਵਿਚਾਰ ਜਾਣਨ ਮਗਰੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਸ ਸੰਜੀਦਾ ਕੌਮੀ ਮਾਮਲੇ 'ਤੇ ਕੋਈ ਵੀ ਉਲੀਕਿਆ ਪ੍ਰੋਗਰਾਮ ਬਿਨਾਂ ਕਿਸੇ ਨਿੱਜੀ ਅਤੇ ਸਿਆਸੀ ਲਾਭ ਦੇ ਹੈ ਅਤੇ ਇਸ ਵਿੱਚ ਇਮਾਨਦਾਰੀ ਨਾਲ ਯਤਨ ਕਰਨ ਵਾਲੇ ਹਰ ਇੱਕ ਦਾ ਸਤਿਕਾਰ ਕੀਤਾ ਜਾਵੇਗਾ। ਇਕੱਤਰਤਾ ਦੌਰਾਨ ਜਿੱਥੇ ਵੱਡੀ ਗਿਣਤੀ ਵਿੱਚ ਹਾਜ਼ਰ ਸ਼ਖ਼ਸੀਅਤਾਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ ਉੱਥੇ ਹੀ ਕੁਝ ਵਿਦਵਾਨਾਂ ਅਤੇ ਕਾਨੂੰਨੀ ਮਾਹਿਰਾਂ ਵੱਲੋਂ ਲਿਖਤੀ ਤੌਰ 'ਤੇ ਵੀ ਆਪਣੇ ਸੁਝਾਅ ਭੇਜੇ ਗਏ।



## ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਬੰਦੀ ਸਿੰਘਾਂ ਦੇ ਮਾਮਲੇ 'ਤੇ ਗਠਿਤ ਉੱਚ ਪੱਧਰੀ ਕਮੇਟੀ ਦੇ ਯਤਨ:

ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਅਤੇ ਹੋਰ ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਕੇਂਦਰ ਸਰਕਾਰ ਨਾਲ ਗੱਲਬਾਤ ਕਰਨ ਵਾਸਤੇ ਗਠਤ ਕੀਤੀ ਗਈ 5 ਮੈਂਬਰੀ ਉੱਚ ਪੱਧਰੀ ਕਮੇਟੀ ਦੀ ਅਗਵਾਈ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮਾਮਲੇ ਦੇ ਹੱਲ ਲਈ ਗੰਭੀਰ ਯਤਨ ਕੀਤੇ। ਇਸ ਉੱਚ ਪੱਧਰੀ ਕਮੇਟੀ ਦੀ ਪਲੇਠੀ ਇਕੱਤਰਤਾ 9 ਦਸੰਬਰ 2023 ਨੂੰ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਹੋਈ। ਕਮੇਟੀ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ, ਅਜੀਤ ਪ੍ਰਕਾਸ਼ਨ ਸਮੂਹ ਦੇ ਮੁੱਖ ਸੰਪਾਦਕ ਡਾ. ਬਰਜਿੰਦਰ ਸਿੰਘ ਹਮਦਰਦ, ਭਾਈ ਬਲਵੰਤ ਸਿੰਘ ਰਾਜੋਆਣਾ ਦੀ ਭੈਣ ਬੀਬੀ ਕਮਲਦੀਪ ਕੌਰ ਰਾਜੋਆਣਾ ਅਤੇ ਸੀਨੀਅਰ ਅਕਾਲੀ ਆਗੂ ਸ. ਵਿਰਸਾ ਸਿੰਘ ਵਲਟੋਹਾ ਸ਼ਾਮਲ ਸਨ।

ਇਸ ਉੱਚ ਪੱਧਰੀ ਕਮੇਟੀ ਵੱਲੋਂ ਆਪਣੀਆਂ ਇਕੱਤਰਤਾਵਾਂ ਦੌਰਾਨ ਬੰਦੀ ਸਿੰਘਾਂ ਦੀ ਰਿਹਾਈ ਸਬੰਧੀ ਹਰ ਪਹਿਲੂ 'ਤੇ ਵਿਚਾਰ ਵਟਾਂਦਰਾ ਕਰਦਿਆਂ ਭਾਰਤ ਸਰਕਾਰ ਨਾਲ ਲਿਖਾ-ਪੜ੍ਹੀ ਲਈ ਫੈਸਲਾ ਕੀਤਾ ਗਿਆ। ਇਸ ਤਹਿਤ ਭਾਰਤ ਦੇ ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ ਨਾਲ ਗੱਲਬਾਤ ਵਾਸਤੇ ਸਮਾਂ ਮੰਗਿਆ ਗਿਆ। ਕਾਰਵਾਈ ਨਿਰੰਤਰ ਜਾਰੀ ਰੱਖਦਿਆਂ ਇਕ ਸਾਜਗਾਰ ਮਾਹੌਲ ਤਹਿਤ ਮਾਮਲਾ ਹੱਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਇਸ ਕਮੇਟੀ ਵੱਲੋਂ ਕਾਰਜ ਲਗਾਤਾਰ ਜਾਰੀ ਹਨ।



# ਧਰਮ ਪ੍ਰਚਾਰ ਕਮੇਟੀ ਵੱਲੋਂ ਕੀਤੇ ਜਾ ਰਹੇ ਕਾਰਜ

ਸਿੱਖ ਕੌਮ ਦੀ ਨੁਮਾਇੰਦਾ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਵੱਡੇ ਕਾਰਜ ਕੀਤੇ ਹਨ। ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਸੁਚਾਰੂ ਪ੍ਰਬੰਧ ਦੇ ਨਾਲ-ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪ੍ਰਵਾਨਤ ਸਿੱਖ ਰਹਿਤ ਮਰਯਾਦਾ ਨੂੰ ਪ੍ਰਚਾਰਨ ਤੇ ਸਿੱਖ ਪੰਥ ਨੂੰ ਇਕਜੁਟ ਰੱਖਣ ਲਈ ਸ਼੍ਰੋਮਣੀ ਕਮੇਟੀ ਲਗਾਤਾਰ ਕਾਰਜਸ਼ੀਲ ਹੈ। ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਕੀਤੇ ਜਾ ਰਹੇ ਕਾਰਜਾਂ ਲਈ ਸ਼੍ਰੋਮਣੀ ਕਮੇਟੀ ਦਾ ਵੱਖਰਾ ਵਿੰਗ ਧਰਮ ਪ੍ਰਚਾਰ ਕਮੇਟੀ ਹੈ, ਜੋ ਪੰਜਾਬ ਦੇ ਨਾਲ-ਨਾਲ ਦੇਸ਼ ਦੇ ਵੱਖ-ਵੱਖ ਸੂਬਿਆਂ ਅੰਦਰ ਸਿੱਖੀ ਪ੍ਰਚਾਰ ਲਹਿਰ ਜ਼ੋਰਦਾਰ ਤਰੀਕੇ ਨਾਲ ਚਲਾ ਰਹੀ ਹੈ। ਧਰਮ ਪ੍ਰਚਾਰ ਕਮੇਟੀ ਵਿਚ 250 ਦੇ ਕਰੀਬ ਪ੍ਰਚਾਰਕ ਜਥੇ, ਜਿਨ੍ਹਾਂ ਵਿਚ ਪ੍ਰਚਾਰਕ, ਢਾਡੀ, ਕਵੀਸ਼ਰ ਸ਼ਾਮਲ ਹਨ, ਸੇਵਾਵਾਂ ਨਿਭਾਅ ਰਹੇ ਹਨ। ਮੌਜੂਦਾ ਸਮੇਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਗਤੀਸ਼ੀਲ ਰੂਪ ਵਿਚ ਸਿੱਖੀ ਪ੍ਰਚਾਰ ਨਿਰੰਤਰ ਜਾਰੀ ਹੈ। ਪ੍ਰਚਾਰਕ ਜਥੇ ਪਿੰਡ ਪਿੰਡ ਤੱਕ ਪਹੁੰਚ ਕਰਕੇ ਨੌਜੁਆਨੀ ਨੂੰ ਸਿੱਖ ਵਿਰਸੇ ਤੋਂ ਜਾਣੂ ਕਰਵਾਉਣ ਦਾ ਕਾਰਜ ਕਰ ਰਹੇ ਹਨ। ਪ੍ਰਚਾਰਕ ਜਥਿਆਂ ਵੱਲੋਂ ਵੱਡੇ ਸਮਾਗਮ ਕਰਕੇ ਅੰਮ੍ਰਿਤ ਸੰਚਾਰ ਕਰਵਾਏ ਜਾਂਦੇ ਹਨ, ਜਿਸ ਵਿਚ ਹੁਣ ਤਕ ਲੱਖਾਂ ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਚੁੱਕੇ ਹਨ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਜਾਂਦੇ ਹਨ।

**ਸਿੱਖ ਮਿਸ਼ਨ:** ਧਰਮ ਪ੍ਰਚਾਰ ਕਮੇਟੀ ਦੇ ਪ੍ਰਬੰਧ ਹੇਠ ਪੰਜਾਬ ਤੋਂ ਇਲਾਵਾ ਦੇਸ਼ ਦੇ ਵੱਖ-ਵੱਖ ਸੂਬਿਆਂ ਅੰਦਰ 15 ਸਿੱਖ ਮਿਸ਼ਨ ਕਾਰਜਸ਼ੀਲ ਹਨ, ਜਿਨ੍ਹਾਂ ਵਿਚ ਪ੍ਰਚਾਰਕ, ਰਾਗੀ, ਢਾਡੀ ਅਤੇ ਕਵੀਸ਼ਰ ਜਥੇ ਸੰਗਤਾਂ ਨੂੰ ਸਿੱਖੀ ਨਾਲ ਜੋੜਨ ਲਈ ਸੇਵਾਵਾਂ ਨਿਭਾਅ ਰਹੇ ਹਨ। ਸਿੱਖ ਮਿਸ਼ਨਾਂ ਦਾ ਮੰਤਵ ਜਿਥੇ ਧਰਮ ਦਾ ਪ੍ਰਚਾਰ ਪ੍ਰਸਾਰ ਕਰਨਾ ਹੈ, ਉਥੇ ਵੱਖ-ਵੱਖ ਸੂਬਿਆਂ ਵਿਚ ਵੱਸੇ ਸਿੱਖਾਂ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਆਪਣੀ ਮਾਂ ਸੰਸਥਾ ਦਾ ਅਹਿਸਾਸ ਕਰਵਾਉਣਾ ਹੈ, ਤਾਂ ਕਿ ਇਨ੍ਹਾਂ ਸੂਬਿਆਂ ਅੰਦਰ ਘੱਟਗਿਣਤੀ ਸਿੱਖ ਆਪਣੇ ਆਪ ਨੂੰ ਇਕੱਲਾ ਮਹਿਸੂਸ ਨਾ ਕਰਨ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਵਿਸ਼ੇਸ਼ ਯਤਨਾਂ ਨਾਲ ਪਹਿਲਾ ਚੱਲ ਰਹੇ ਮਿਸ਼ਨਾਂ ਵਿਚ ਵਾਧਾ ਕਰਦਿਆਂ ਦੋ ਨਵੇਂ ਸਿੱਖ ਮਿਸ਼ਨ ਮਾਊਂਟ ਆਬੂ (ਰਾਜਸਥਾਨ) ਅਤੇ ਉਜੈਨ (ਮੱਧ ਪ੍ਰਦੇਸ਼) ਵਿਖੇ ਸਥਾਪਤ ਕੀਤੇ ਗਏ ਹਨ।



# ਮਾਊਂਟ ਆਬੂ ਵਿਖੇ ਸਿੱਖ ਕੇਂਦਰ ਸਥਾਪਤ

ਰਾਜਸਥਾਨ ਦੇ ਮਾਊਂਟ ਆਬੂ ਵਿਖੇ ਸਥਾਪਤ ਗੁਰਦੁਆਰਾ ਗੁਰੂ ਨਾਨਕ ਦਰਸ਼ਨ ਸਿੰਘ ਸਭਾ ਦਾ ਪ੍ਰਬੰਧ ਸ਼੍ਰੋਮਣੀ ਕਮੇਟੀ ਨੇ ਲੈ ਕੇ ਉੱਥੇ ਸਿੱਖ ਕੇਂਦਰ ਦੀ ਸਥਾਪਨਾ ਕੀਤੀ। ਇਸ ਅਸਥਾਨ 'ਤੇ ਸੰਗਤ ਦੀ ਸਹੂਲਤ ਲਈ ਹਰ ਸਮੇਂ ਲੰਗਰ ਵਿਵਸਥਾ ਦੇ ਨਾਲ ਰਿਹਾਇਸ਼ ਲਈ ਸਰਾਂ ਵੀ ਹੈ। ਭਾਰਤ ਦੇ ਉੱਤਰ ਪੱਛਮ ਦੇ ਇਲਾਕੇ ਵਿੱਚ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਇਹ ਮਿਸ਼ਨ ਕਾਰਜਸ਼ੀਲ ਰਹੇਗਾ। ਇਸੇ ਸਿੱਖੀ ਪ੍ਰਚਾਰ ਲਈ ਪ੍ਰਚਾਰਕ ਨਿਯੁਕਤ ਕੀਤੇ ਗਏ ਹਨ, ਜੋ ਖੇਤਰ ਅੰਦਰ ਸਰਗਰਮੀਆਂ ਚਲਾ ਰਹੇ ਹਨ।






ਸ਼੍ਰੋਮਣੀ ਕਮੇਟੀ ਵੱਲੋਂ ਮੱਧ ਪ੍ਰਦੇਸ਼ ਅੰਦਰ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਗੁਰਦੁਆਰਾ ਸ੍ਰੀ ਗੁਰੂ ਨਾਨਕ ਘਾਟ ਉਜੈਨ ਵਿਖੇ ਸਿੱਖ ਮਿਸ਼ਨ ਦੀ ਸਥਾਪਨਾ ਕੀਤੀ ਗਈ। ਇਸ ਮਿਸ਼ਨ ਰਾਹੀਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ, ਢਾਡੀ ਅਤੇ ਕਵੀਸ਼ਰ ਜਥੇ ਮੱਧ ਪ੍ਰਦੇਸ਼ ਦੀਆਂ ਸੰਗਤਾਂ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਸਿੱਖ ਇਤਿਹਾਸ ਅਤੇ ਪ੍ਰੰਪਰਾਵਾਂ ਦੀ ਜਾਣਕਾਰੀ ਦੇਣ ਦੇ ਨਾਲ ਨਾਲ ਸਿੱਖ ਸੰਸਥਾ ਵੱਲੋਂ ਕੀਤੇ ਜਾ ਰਹੇ ਕਾਰਜਾਂ ਤੋਂ ਵੀ ਜਾਣੂ ਕਰਵਾਉਣਗੇ। ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਨਾਨਕ ਘਾਟ ਉਜੈਨ ਵਿਖੇ ਸੰਗਤ ਦੀ ਸਹੂਲਤ ਲਈ ਸਰਾਂ, ਸਟਾਫ ਲਈ ਕੁਆਰਟਰ ਅਤੇ ਹੋਰ ਕਾਰਜ ਵੀ ਕਰਵਾਏ ਜਾ ਰਹੇ ਹਨ।

**ਅੰਮ੍ਰਿਤ ਸੰਚਾਰ:** ਧਰਮ ਪ੍ਰਚਾਰ ਕਮੇਟੀ ਵੱਲੋਂ ਦੇਸ਼ ਭਰ ਵਿਚ ਗੁਰਮਤਿ ਸਮਾਗਮਾਂ ਦੇ ਨਾਲ-ਨਾਲ 'ਅੰਮ੍ਰਿਤ ਛਕੋ, ਸਿੰਘ ਸਜੋ' ਲਹਿਰ ਵੀ ਨਿਰੰਤਰ ਚਲਾਈ ਜਾ ਰਹੀ ਹੈ। ਪੰਜਾਬ ਅੰਦਰ ਵੱਖ-ਵੱਖ ਖੇਤਰਾਂ ਵਿਚ ਅੰਮ੍ਰਿਤ ਸੰਚਾਰ ਸਮਾਗਮਾਂ ਤੋਂ ਇਲਾਵਾ ਦੂਜੇ ਸੂਬਿਆਂ ਵਿਚ ਕਾਰਜਸ਼ੀਲ ਸਿੱਖ ਮਿਸ਼ਨਾਂ ਰਾਹੀਂ ਵੀ ਸੰਗਤਾਂ ਨੂੰ ਅੰਮ੍ਰਿਤ ਛਕਣ ਲਈ ਪ੍ਰੇਰਿਆ ਗਿਆ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਕਾਰਜਕਾਲ ਸਮੇਂ ਪ੍ਰਚਾਰ ਵਹੀਰ ਦੌਰਾਨ 1 ਨਵੰਬਰ 2021 ਤੋਂ 30 ਸਤੰਬਰ 2024 ਤੱਕ 2 ਲੱਖ 70 ਹਜ਼ਾਰ ਤੋਂ ਵੱਧ ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਇਸ ਸਮੇਂ ਦੌਰਾਨ ਹੋਏ ਅੰਮ੍ਰਿਤ ਸੰਚਾਰ ਸਮਾਗਮਾਂ ਵਿਚ ਤਖ਼ਤ ਸਾਹਿਬਾਨ ਦੇ ਜਥੇਦਾਰ ਸਾਹਿਬਾਨ ਵੀ ਪੰਜ ਪਿਆਰਿਆਂ ਦੇ ਰੂਪ ਵਿਚ ਸ਼ਾਮਲ ਹੋਏ, ਜਿਸ ਨਾਲ ਸੰਗਤਾਂ ਵਿਚ ਵੱਡਾ ਉਤਸ਼ਾਹ ਵੇਖਣ ਨੂੰ ਮਿਲਿਆ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਜਾਂਦੇ ਰਹੇ। ਸ਼੍ਰੋਮਣੀ ਕਮੇਟੀ ਵੱਲੋਂ ਅੰਮ੍ਰਿਤ ਸੰਚਾਰ ਸਮਾਗਮਾਂ ਦੀ ਇਹ ਲੜੀ ਲਗਾਤਾਰ ਚਲਾਈ ਜਾ ਰਹੀ ਹੈ।



# ਬੱਚਿਆਂ ਨੂੰ ਸਿੱਖੀ ਸਿਧਾਂਤਾਂ ਨਾਲ ਜੋੜਨ ਦਾ ਉਪਰਾਲਾ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਦੇ ਨਾਲ-ਨਾਲ ਸਿੱਖੀ ਸਿਧਾਂਤਾਂ ਦੇ ਪ੍ਰਚਾਰ-ਪ੍ਰਸਾਰ ਲਈ ਸਦਾ ਕਾਰਜਸ਼ੀਲ ਰਹੀ ਹੈ। ਇਸੇ ਦੀ ਲਗਾਤਾਰਤਾ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਧਰਮ ਪ੍ਰਚਾਰ ਲਹਿਰ ਤਹਿਤ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਘਰ-ਘਰ ਪਹੁੰਚਾਉਣ ਲਈ ਜ਼ਿਕਰਯੋਗ ਕਾਰਜ ਕੀਤੇ ਗਏ। ਇਸ ਦੇ ਇਕ ਮਾਧਿਅਮ ਵਜੋਂ ਸਕੂਲੀ ਬੱਚਿਆਂ ਦੇ ਗੁਰਮਤਿ ਕੈਂਪ ਅਤਿ ਅਹਿਮ ਹਨ।

ਇਸ ਕਾਰਜ ਲਈ ਸਕੂਲਾਂ, ਕਾਲਜਾਂ ਦੇ ਨਾਲ ਨਾਲ ਪਿੰਡਾਂ ਅੰਦਰ ਬੱਚਿਆਂ ਨੂੰ ਸਿੱਖ ਧਰਮ ਦੇ ਇਤਿਹਾਸ, ਸਿਧਾਂਤਾਂ ਅਤੇ ਬਹੁਮੁਲੀਆਂ ਪ੍ਰੰਪਰਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਧਰਮ ਪ੍ਰਚਾਰ ਕਮੇਟੀ ਵੱਲੋਂ ਜੂਨ ਮਹੀਨੇ ਵਿਚ ਸਕੂਲਾਂ ਅੰਦਰ ਛੁੱਟੀਆਂ ਦੌਰਾਨ ਲਗਾਏ ਗਏ ਇਨ੍ਹਾਂ ਗੁਰਮਤਿ ਸਿਖਲਾਈ ਕੈਂਪਾਂ ਵਿਚ ਹਜ਼ਾਰਾਂ ਬੱਚਿਆਂ ਨੂੰ ਹਰ ਸਾਲ ਗੁਰਮਤਿ ਨਾਲ ਜੋੜਿਆ ਗਿਆ। ਇਸ ਦੇ ਨਾਲ ਹੀ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾ ਕੇ ਬੱਚਿਆਂ ਦੀ ਪ੍ਰਤਿਭਾ ਨੂੰ ਨਿਖਾਰਨ ਦਾ ਯਤਨ ਵੀ ਕੀਤਾ ਗਿਆ। ਦੇਸ਼ ਭਰ ਵਿੱਚ ਲੱਗੇ ਇਨ੍ਹਾਂ ਗੁਰਮਤਿ ਕੈਂਪਾਂ ਦੀ ਸਮਾਪਤੀ 'ਤੇ



ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਮਾਣ ਪੱਤਰ, ਮੈਡਲ ਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਤ ਕੀਤਾ ਗਿਆ। ਇਹ ਯਤਨ ਲਗਾਤਾਰ ਕੀਤੇ ਜਾ ਰਹੇ ਹਨ ਅਤੇ ਭਵਿੱਖ ਅੰਦਰ ਵੀ ਜਾਰੀ ਰਹਿਣਗੇ।








# ਸ਼ਤਾਬਦੀ ਦਿਹਾੜਿਆਂ ਨੂੰ ਕੌਮੀ ਜਾਹੋ-ਜਲਾਲ ਨਾਲ ਮਨਾਉਣ ਦੀ ਪਹਿਲਕਦਮੀ



ਸਿੱਖ ਧਰਮ ਇਤਿਹਾਸ ਦੇ ਸ਼ਤਾਬਦੀ ਦਿਹਾੜੇ ਕੌਮ ਅੰਦਰ ਜਾਹੋ-ਜਲਾਲ, ਚੇਤਨਤਾ, ਪ੍ਰੇਰਨਾ ਅਤੇ ਚੜ੍ਹਦੀ ਕਲਾ ਪੈਦਾ ਕਰਨ ਲਈ ਬੇਹੱਦ ਮਹੱਤਵਪੂਰਨ ਮੰਨੇ ਜਾਂਦੇ ਹਨ। ਕੌਮ ਵੱਲੋਂ ਕਈ ਸ਼ਤਾਬਦੀ ਦਿਹਾੜੇ ਪੰਥਕ ਰਹੁਰੀਤਾਂ ਅਤੇ ਪ੍ਰੰਪਰਾਵਾਂ ਅਨੁਸਾਰ ਬੀਤੇ ਸਮੇਂ ਅੰਦਰ ਮਨਾਏ ਗਏ ਹਨ। ਹਰ ਸ਼ਤਾਬਦੀ ਨੂੰ ਯਾਦਗਾਰੀ ਬਣਾਉਣ ਲਈ ਸਮੇਂ-ਸਮੇਂ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਤਤਕਾਲੀ ਪ੍ਰਧਾਨ ਸਾਹਿਬਾਨ ਵੱਲੋਂ ਵਿਸ਼ੇਸ਼ ਉੱਦਮ ਕੀਤੇ ਗਏ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਪ੍ਰਧਾਨਗੀ ਕਾਲ ਵਿਚ ਵੀ ਸਿੱਖ ਧਰਮ ਇਤਿਹਾਸ ਨਾਲ ਸੰਬੰਧਤ ਕਈ ਸ਼ਤਾਬਦੀਆਂ ਆਈਆਂ। ਇਨ੍ਹਾਂ ਇਤਿਹਾਸਕ ਮੌਕਿਆਂ 'ਤੇ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਸੰਸਥਾਗਤ ਤੌਰ 'ਤੇ ਜ਼ਿਕਰਯੋਗ ਕਾਰਜ ਕੀਤੇ ਗਏ। ਇਸ ਸਮੇਂ ਸੰਗਤਾਂ ਨੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਕੇ ਖਾਲਸਾਈ ਜਾਹੋ-ਜਲਾਲ ਦਾ ਪ੍ਰਗਟਾਵਾ ਕੀਤਾ। ਧਰਮ ਪ੍ਰਚਾਰ ਕਮੇਟੀ ਵੱਲੋਂ ਸ਼ਤਾਬਦੀਆਂ ਨੂੰ ਸਮਰਪਿਤ ਧਰਮ ਪ੍ਰਚਾਰ ਲਹਿਰ ਚਲਾਈ ਗਈ ਜਿਸ ਵਿਚ ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤਾਂ ਤੱਕ ਪਹੁੰਚ ਕਰਕੇ ਇਨ੍ਹਾਂ ਇਤਿਹਾਸਕ ਦਿਹਾੜਿਆਂ ਦੇ ਇਤਿਹਾਸ ਤੋਂ ਸੰਗਤ ਨੂੰ ਜਾਣੂ ਕਰਵਾਇਆ। ਇਸ ਮੌਕੇ ਜਿਥੇ ਕਈ ਇਤਿਹਾਸਕ ਪੁਸਤਕਾਂ ਤੇ ਧਾਰਮਿਕ ਕਿਤਾਬਚੇ ਤਿਆਰ ਕਰਵਾਏ ਗਏ, ਉਥੇ ਚਿੱਤਰਕਾਰਾਂ ਕੋਲੋਂ ਇਤਿਹਾਸ ਨੂੰ ਬਿਆਨ ਕਰਦੇ ਚਿੱਤਰ ਵੀ ਤਿਆਰ ਕਰਵਾਏ ਗਏ। ਇਨ੍ਹਾਂ ਸਮਿਆਂ 'ਤੇ ਲਗਾਈਆਂ ਗਈਆਂ ਚਿੱਤਰ ਪ੍ਰਦਰਸ਼ਨੀਆਂ ਪ੍ਰਤੀ ਸੰਗਤਾਂ ਵਿਚ ਵੱਡਾ ਉਤਸ਼ਾਹ ਰਿਹਾ। ਸ਼ਤਾਬਦੀਆਂ ਮੌਕੇ ਸੰਗਤਾਂ ਦੀ ਭਰਵੀਂ ਸ਼ਮੂਲੀਅਤ ਅਤੇ ਖੋਜ ਕਾਰਜ ਕੌਮ ਅੰਦਰ ਭਵਿੱਖੀ ਪ੍ਰਭਾਵ ਵਾਲੇ ਰਹੇ।

## ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 400 ਸਾਲਾ ਪ੍ਰਕਾਸ਼ ਗੁਰਪੁਰਬ:



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਧਰਮ ਇਤਿਹਾਸ ਨਾਲ ਸੰਬੰਧਤ ਸ਼ਤਾਬਦੀਆਂ ਵਿਚ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 400 ਸਾਲਾ ਪ੍ਰਕਾਸ਼ ਪੁਰਬ ਦੀ ਸ਼ਤਾਬਦੀ 2021 ਵਿਚ ਬੀਬੀ ਜਗੀਰ ਕੌਰ ਦੀ ਪ੍ਰਧਾਨਗੀ ਕਾਲ ਸਮੇਂ ਮਨਾਈ ਗਈ ਸੀ। ਇਸ ਸਮੇਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਵਜੋਂ ਪ੍ਰਬੰਧਕੀ ਕਾਰਜਾਂ ਦੀ ਦੇਖ-ਰੇਖ ਕਰ ਰਹੇ ਸਨ। ਸ਼ਤਾਬਦੀ ਸਮੇਂ ਜਿਥੇ ਯਾਦਗਾਰੀ ਸਿੱਕੇ ਅਤੇ ਸੋਵੀਨਰ ਜਾਰੀ ਕੀਤੇ ਗਏ, ਉਥੇ ਹੀ ਇਸ ਸ਼ਤਾਬਦੀ ਨੂੰ ਸਮਰਪਿਤ ਪੂਰਾ ਸਾਲ ਪ੍ਰੋਗਰਾਮਾਂ ਦੀ ਲੜੀ ਚਲਾਈ ਗਈ। ਸਾਲ ਭਰ ਚੱਲੇ ਪ੍ਰੋਗਰਾਮਾਂ ਦੀ ਸੰਪੂਰਨਤਾ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਕਾਰਜਕਾਲ ਦੌਰਾਨ ਹੋਈ। ਸ਼ਤਾਬਦੀ ਵਰ੍ਹੇ ਦੀ ਸੰਪੂਰਨਤਾ ਮੌਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ, ਸ੍ਰੀ ਅੰਮ੍ਰਿਤਸਰ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਪੰਥ ਦੀਆਂ ਧਾਰਮਿਕ, ਰਾਜਸੀ ਤੇ ਸਮਾਜਿਕ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਸ਼ਤਾਬਦੀ ਸਮਾਗਮ ਸਮੇਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਵੱਲੋਂ ਧਰਮ ਦੀ ਰੱਖਿਆ ਲਈ ਦਿੱਤੀ ਸ਼ਹਾਦਤ ਨੂੰ ਯਾਦ ਕਰਦਿਆਂ ਸਿੱਖ ਮਸਲਿਆਂ ਦਾ ਤੁਰੰਤ ਹੱਲ ਕਰਨ ਲਈ ਭਾਰਤ ਸਰਕਾਰ ਨੂੰ ਸੰਜੀਦਾ ਹੋਣ ਦਾ ਸੁਨੇਹਾ ਦਿੱਤਾ ਗਿਆ।







## ਮੋਰਚਾ ਗੁਰੂ ਕਾ ਬਾਗ ਦੀ 100 ਸਾਲਾ ਸ਼ਤਾਬਦੀ:

ਸਿੱਖ ਮੋਰਚਿਆਂ ਦਾ ਆਰੰਭ ਗੁਰਦੁਆਰਿਆਂ ਨੂੰ ਭ੍ਰਿਸ਼ਟ ਤੇ ਆਚਰਣਹੀਣ ਮਹੰਤਾਂ ਦੇ ਕਬਜ਼ਿਆਂ ਤੋਂ ਅਜ਼ਾਦ ਕਰਵਾਉਣ ਲਈ ਹੋਇਆ। ਇਨ੍ਹਾਂ ਵਿਚ ਗੁਰੂ ਕੇ ਬਾਗ ਦਾ ਮੋਰਚਾ ਵੀ ਅਹਿਮ ਹੈ। ਇਹ ਅਕਾਲੀ ਲਹਿਰ ਦਾ ਮਹੱਤਵਪੂਰਨ ਮੋਰਚਾ ਸੀ। ਗੁਰੂ ਕੇ ਬਾਗ ਦੀ ਜ਼ਮੀਨ ਤੋਂ ਗੁਰੂ ਕੇ ਲੰਗਰਾਂ ਲਈ ਲੱਕੜਾਂ ਵੱਢਣ ਗਏ ਪੰਜ ਸਿੰਘਾਂ ਨੂੰ ਅੰਗਰੇਜ਼ ਪੁਲਿਸ ਵੱਲੋਂ ਗ੍ਰਿਫ਼ਤਾਰ ਕਰਨ ਦੇ ਵਿਰੋਧ ਵਿਚ ਇਹ ਮੋਰਚਾ ਆਰੰਭ ਹੋਇਆ। ਇੱਕ ਸਦੀ ਪਹਿਲਾਂ ਸੰਨ 1922 ਵਿਚ ਗੁਰਦੁਆਰਾ ਸੁਧਾਰ ਲਹਿਰ ਤਹਿਤ ਲਗਾਏ ਗਏ ਮੋਰਚਾ ਗੁਰੂ ਕਾ ਬਾਗ ਦੀ ਪਹਿਲੀ ਸ਼ਤਾਬਦੀ ਅਗਸਤ 2022 ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਪ੍ਰਧਾਨਗੀ ਕਾਲ ਸਮੇਂ ਗੁਰਦੁਆਰਾ ਗੁਰੂ ਕਾ ਬਾਗ ਘੁੱਕੇਵਾਲੀ, ਅੰਮ੍ਰਿਤਸਰ ਵਿਖੇ ਖ਼ਾਲਸਈ ਜਾਹੋ-ਜਲਾਲ ਤੇ ਪੰਥਕ ਜਜ਼ਬੇ ਨਾਲ ਮਨਾਈ ਗਈ। ਤਿੰਨ ਦਿਨਾਂ ਸਮਾਗਮਾਂ ਵਿਚ ਪੰਥ ਦੀ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕਰਕੇ ਮੋਰਚੇ ਦੌਰਾਨ ਸ਼ਹੀਦ ਹੋਏ ਸਿੰਘਾਂ ਨੂੰ ਸਤਿਕਾਰ ਭੇਟ ਕੀਤਾ। ਮੋਰਚੇ ਦੇ ਇਤਿਹਾਸ ਨੂੰ ਸੰਗਤ ਤੱਕ ਪਹੁੰਚਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਕਿਤਾਬਚੇ ਸੰਗਤ ਅਰਪਣ ਕੀਤੇ ਗਏ। ਇਸ ਦੇ ਨਾਲ ਹੀ ਵਿਸ਼ੇਸ਼ ਕਾਰਜਸ਼ਾਲਾ ਲਗਾ ਕੇ ਮੋਰਚੇ ਨਾਲ ਸੰਬੰਧਤ ਚਿੱਤਰ ਤਿਆਰ ਕਰਵਾਏ ਗਏ, ਜਿਨ੍ਹਾਂ ਨੂੰ ਸ਼ਤਾਬਦੀ ਸਮੇਂ ਪ੍ਰਦਰਸ਼ਤ ਕੀਤਾ ਗਿਆ। ਇਨ੍ਹਾਂ ਚਿੱਤਰਾਂ ਰਾਹੀਂ ਗੁਰਦੁਆਰਿਆਂ ਨੂੰ ਮਹੰਤਾਂ ਤੋਂ ਅਜ਼ਾਦ ਕਰਵਾਉਣ ਲਈ ਸਿਰਜੇ ਇਤਿਹਾਸ ਨੂੰ ਸੰਗਤ ਤੱਕ ਪਹੁੰਚਾਉਣ ਲਈ 'ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ ਸਮੇਂ ਦੀ ਖ਼ੂਨੀ ਗਾਥਾ' ਦੇ ਸਿਰਲੇਖ ਹੇਠ ਸਚਿੱਤਰ ਪੁਸਤਕ ਵੀ ਸੰਗਤ ਅਰਪਣ ਕੀਤੀ। ਸ਼ਤਾਬਦੀ ਨੂੰ ਸਮਰਪਿਤ ਜਾਰੀ ਕੀਤੇ ਤਾਂਬੇ ਦੇ ਬਣੇ ਯਾਦਗਾਰੀ ਸਿੱਕੇ ਦੇ ਇਕ ਪਾਸੇ ਗੁਰਦੁਆਰਾ ਗੁਰੂ ਕਾ ਬਾਗ ਦੀ ਤਸਵੀਰ ਅਤੇ ਦੂਸਰੇ ਪਾਸੇ ਸਾਕਾ ਸ੍ਰੀ ਪੰਜਾ ਸਾਹਿਬ ਦਾ ਚਿੱਤਰ ਉਕਰਿਆ ਹੈ। ਇਹ ਯਾਦਗਾਰੀ ਸਿੱਕਾ ਸੰਗਤ ਨੂੰ ਸ਼ਤਾਬਦੀ ਦਿਹਾੜਿਆਂ ਦੀ ਯਾਦ ਨਾਲ ਚਿਰ-ਸਦੀਵ ਜੋੜੀ ਰੱਖੇਗਾ।






## ਮੋਰਚਾ ਗੁਰੂ ਕਾ ਬਾਗ ਦੀ 100 ਸਾਲਾ ਸ਼ਤਾਬਦੀ ਦੇ ਗੁਰਮਤਿ ਸਮਾਗਮਾਂ ਦੇ ਵੱਖ-ਵੱਖ ਦ੍ਰਿਸ਼





## ਸਾਕਾ ਸ੍ਰੀ ਪੰਜਾ ਸਾਹਿਬ ਦੀ 100 ਸਾਲਾ ਸ਼ਤਾਬਦੀ:

ਸ਼ਹੀਦੀ ਸਾਕਾ ਸ੍ਰੀ ਪੰਜਾ ਸਾਹਿਬ ਸਿੱਖਾਂ ਦੀ ਸਹਿਣਸ਼ੀਲਤਾ, ਸੂਰਬੀਰਤਾ ਅਤੇ ਪੂਰਨ ਕੁਰਬਾਨੀ ਦੀ ਇਕ ਉਦਾਹਰਣ ਹੈ, ਜੋ 30 ਅਕਤੂਬਰ 1922 ਨੂੰ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਦੇ ਨਜ਼ਦੀਕ ਹਸਨ ਅਬਦਾਲ (ਪਾਕਿਸਤਾਨ) ਰੇਲਵੇ ਸਟੇਸ਼ਨ 'ਤੇ ਵਾਪਰਿਆ। ਮੋਰਚਾ ਗੁਰੂ ਕਾ ਬਾਗ ਦੌਰਾਨ ਗ੍ਰਿਫ਼ਤਾਰ ਕੀਤੇ ਗਏ ਸਿੰਘਾਂ ਨੂੰ ਅਟਕ ਜੇਲ੍ਹ ਵੱਲ ਲਿਜਾਇਆ ਜਾ ਰਿਹਾ ਸੀ, ਤਾਂ ਸੰਗਤ ਨੇ ਸਿੰਘਾਂ ਨੂੰ ਪ੍ਰਸ਼ਾਦਾ ਛਕਾਉਣ ਲਈ ਗੱਡੀ ਰੋਕਣੀ ਚਾਹੀ। ਸਰਕਾਰ ਦੇ ਹੁਕਮਾਂ 'ਤੇ ਗੱਡੀ ਰੋਕਣ ਦੀ ਮਨਾਹੀ ਹੋਣ 'ਤੇ ਸੰਗਤ ਦੀਆਂ ਭਾਵਨਾਵਾਂ ਅਨੁਸਾਰ ਭਾਈ ਪ੍ਰਤਾਪ ਸਿੰਘ ਅਤੇ ਭਾਈ ਕਰਮ ਸਿੰਘ ਸਮੇਤ ਹੋਰ ਸਿੰਘਾਂ ਨੇ ਸ਼ਹਾਦਤ ਦੇ ਕੇ ਸਿੰਘਾਂ ਨੂੰ ਪ੍ਰਸ਼ਾਦਾ ਛਕਾਇਆ।

ਸ੍ਰੀ ਪੰਜਾ ਸਾਹਿਬ ਦੇ ਸ਼ਹੀਦੀ ਸਾਕੇ ਦੀ 100 ਸਾਲਾ ਸ਼ਤਾਬਦੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਿਥੇ 27 ਅਕਤੂਬਰ 2022 ਨੂੰ ਸ੍ਰੀ ਅੰਮ੍ਰਿਤਸਰ ਵਿਖੇ ਵਿਸ਼ਾਲ ਸਮਾਗਮ ਕੀਤੇ ਗਏ, ਉਥੇ ਹੀ 30 ਅਕਤੂਬਰ 2022 ਨੂੰ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਅਤੇ ਸਾਕੇ ਵਾਲੀ ਥਾਂ ਹਸਨ ਅਬਦਾਲ ਦੇ ਰੇਲਵੇ ਸਟੇਸ਼ਨ 'ਤੇ ਵੀ ਗੁਰਬਾਣੀ



ਕੀਰਤਨ ਕਰਕੇ ਸ਼ਹੀਦਾਂ ਨੂੰ ਅਕੀਦਤ ਭੇਟ ਕੀਤੀ ਗਈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿਚ ਇਕ ਵਿਸ਼ੇਸ਼ ਵਫ਼ਦ ਪਾਕਿਸਤਾਨ ਵਿਚ ਕੀਤੇ ਗਏ ਇਨ੍ਹਾਂ ਸਮਾਗਮਾਂ ਵਿਚ ਸ਼ਾਮਲ ਹੋਇਆ। ਸਮਾਗਮ ਦੌਰਾਨ ਪੰਥਕ ਬੁਲਾਰਿਆਂ ਨੇ ਸ਼ਹੀਦੀ ਸਾਕਾ ਸ੍ਰੀ ਪੰਜਾ ਸਾਹਿਬ ਦੇ ਇਤਿਹਾਸ ਦੀ ਸੇਧ ਵਿਚ ਸਮੁੱਚੀ ਸਿੱਖ ਕੌਮ ਨੂੰ ਏਕੇ ਨਾਲ ਪੰਥ ਦੀ ਚੜ੍ਹਦੀ ਕਲਾ ਵਾਸਤੇ ਵਚਨਬੱਧ ਹੋਣ ਦਾ ਸੁਨੇਹਾ ਦਿੱਤਾ। ਸ਼ਹੀਦੀ ਸਾਕਾ ਸ੍ਰੀ ਪੰਜਾ ਸਾਹਿਬ ਦੀ ਪਹਿਲੀ ਸ਼ਤਾਬਦੀ ਸਬੰਧੀ ਜਿਥੇ ਯਾਦਗਾਰੀ ਸਿੱਕਾ ਜਾਰੀ ਕੀਤਾ ਗਿਆ, ਉਥੇ ਹੀ ਉਰਦੂ ਭਾਸ਼ਾ ਵਿਚ ਵੀ ਕਿਤਾਬਚੇ ਸੰਗਤ ਅਰਪਣ ਕੀਤੇ, ਤਾਂ ਜੋ ਪਾਕਿਸਤਾਨ ਸਥਿਤ ਸੰਗਤਾਂ ਵੀ ਇਸ ਸਾਕੇ ਦੇ ਇਤਿਹਾਸ ਤੋਂ ਜਾਣੂ ਹੋ ਸਕਣ।






## ਸਾਕਾ ਸ੍ਰੀ ਪੰਜਾ ਸਾਹਿਬ ਦੀ ਪਹਿਲੀ ਸ਼ਤਾਬਦੀ ਦੇ ਸਮਾਗਮਾਂ ਮੌਕੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਕਰਨ ਮੌਕੇ ਦੇ ਦ੍ਰਿਸ਼



## ਗੁਰਦੁਆਰਾ ਸ੍ਰੀ ਪੰਜਾ ਸਾਹਿਬ ਪਾਕਿਸਤਾਨ ਵਿਖੇ ਸ਼ਤਾਬਦੀ ਦੇ ਸਮਾਗਮਾਂ ਸਮੇਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ






ਸਾਕਾ ਸ੍ਰੀ ਪੰਜਾ ਸਾਹਿਬ ਦੀ 100 ਸਾਲਾ ਸ਼ਤਾਬਦੀ ਸਮੇਂ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਪਾਕਿਸਤਾਨ ਵਿਖੇ ਕਰਵਾਏ ਗਏ ਸਮਾਗਮ ਸਮੇਂ ਅਰਦਾਸ ਵਿਚ ਸ਼ਾਮਲ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਹੋਰ।



ਸਾਕਾ ਸ੍ਰੀ ਪੰਜਾ ਸਾਹਿਬ ਦੀ 100 ਸਾਲਾ ਸ਼ਤਾਬਦੀ ਦੇ ਗੁਰਮਤਿ ਸਮਾਗਮ ਸਮੇਂ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗਿਆਨੀ ਹਰਪ੍ਰੀਤ ਸਿੰਘ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸਨਮਾਨਿਤ ਕੀਤੇ ਜਾਣ ਦਾ ਦ੍ਰਿਸ਼।




## ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦੀ 300 ਸਾਲਾ ਜਨਮ ਸ਼ਤਾਬਦੀ:

18ਵੀਂ ਸਦੀ ਦੇ ਕੌਮੀ ਸਿੱਖ ਜਰਨੈਲ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦਾ ਸਿੱਖ ਇਤਿਹਾਸ ਅੰਦਰ ਅਹਿਮ ਸਥਾਨ ਹੈ। ਸਰਦਾਰ ਜੱਸਾ ਸਿੰਘ ਅਜਿਹੇ ਸਿੱਖ ਜਰਨੈਲ ਸਨ, ਜਿਨ੍ਹਾਂ ਨੇ ਹਮੇਸ਼ਾ ਨਿੱਜੀ ਹਿੱਤਾਂ ਦੀ ਥਾਂ ਕੌਮੀ ਹਿੱਤਾਂ ਨੂੰ ਪਹਿਲ ਦਿੱਤੀ। ਦਿੱਲੀ ਫ਼ਤਹਿ ਕਰਨ ਵਾਲੇ ਸਿੱਖ ਜਰਨੈਲਾਂ ਵਿਚ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦੀ ਵੀ ਮੋਹਰੀ ਭੂਮਿਕਾ ਸੀ। ਸਾਥੀ ਜਰਨੈਲਾਂ ਨਾਲ ਦਿੱਲੀ ਫ਼ਤਹਿ ਕਰਨ ਉਪਰੰਤ ਤਖ਼ਤ-ਏ-ਤਾਊਸ ਨੂੰ ਧੂਹ ਕੇ ਸ੍ਰੀ ਗੁਰੂ ਰਾਮਦਾਸ ਜੀ ਦੇ ਚਰਨਾਂ ਵਿਚ ਲੈ ਆਂਦਾ। ਇਹ ਤਖ਼ਤ-ਏ-ਤਾਊਸ ਦੀ ਸਿੱਲ ਅੱਜ ਵੀ ਸ੍ਰੀ ਦਰਬਾਰ ਸਾਹਿਬ ਸਥਿਤ ਬੁੰਗਾ ਰਾਮਗੜ੍ਹੀਆ ਵਿਖੇ ਮੌਜੂਦ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਕਾਰਜਕਾਲ ਦੌਰਾਨ ਸ. ਜੱਸਾ ਸਿੰਘ ਰਾਮਗੜ੍ਹੀਆ ਦੀ ਤੀਜੀ ਜਨਮ ਸ਼ਤਾਬਦੀ ਪੰਥਕ ਪ੍ਰੰਪਰਾਵਾਂ ਅਨੁਸਾਰ ਮਨਾਈ ਗਈ। ਸ਼ਤਾਬਦੀ ਸਮਾਗਮਾਂ ਦੀ ਸ਼ੁਰੂਆਤ ਮੌਕੇ ਗੁਰਦੁਆਰਾ ਸ੍ਰੀ ਰਕਾਬਗੰਜ ਸਾਹਿਬ ਦਿੱਲੀ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੱਕ ਇਕ ਵਿਸ਼ਾਲ

ਖ਼ਾਲਸਾ ਫ਼ਤਹਿ ਮਾਰਚ ਆਯੋਜਤ ਕੀਤਾ ਗਿਆ, ਜਿਸ ਵਿਚ ਦਿੱਲੀ ਦਾ ਤਖ਼ਤ-ਏ-ਤਾਊਸ ਅੰਮ੍ਰਿਤਸਰ ਲੈ ਕੇ ਆਉਣ ਦੀ ਝਾਕੀ ਵੀ ਸ਼ਾਮਲ ਕੀਤੀ ਗਈ। ਇਸ ਤੋਂ ਇਲਾਵਾ ਦਿੱਲੀ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਵੀ ਹੋਇਆ ਅਤੇ ਖ਼ਾਲਸਈ ਖੇਡਾਂ ਕਰਵਾਈਆਂ ਗਈਆਂ। ਸ਼ਤਾਬਦੀ ਦਾ ਮੁੱਖ ਸਮਾਗਮ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਕੀਤਾ ਗਿਆ। ਜਥੇਦਾਰ ਜੱਸਾ ਸਿੰਘ ਰਾਮਗੜ੍ਹੀਆ ਨਾਲ ਸੰਬੰਧਤ ਇਤਿਹਾਸਕ ਬੁੰਗਾ ਜੋ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਹੈ, ਨੂੰ ਪੁਰਾਤਨ ਦਿੱਖ ਅਨੁਸਾਰ ਸੰਭਾਲ ਕੇ ਸੰਗਤ ਅਰਪਣ ਵੀ ਕੀਤਾ ਗਿਆ। ਇਸ ਇਤਿਹਾਸਕ ਬੁੰਗੇ ਅੰਦਰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਇਕ ਗੁਰਮਤਿ ਸਮਾਗਮ ਵੀ ਕੀਤਾ ਗਿਆ, ਜਿਥੇ ਸੰਗਤ ਨੇ ਭਰਵੀਂ ਹਾਜ਼ਰੀ ਭਰੀ। ਇਥੇ ਹੀ ਚਿੱਤਰ ਪ੍ਰਦਰਸ਼ਨੀ ਵੀ ਸੰਗਤ ਲਈ ਖਿੱਚ ਦਾ ਕੇਂਦਰ ਰਹੀ। ਇਸ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਤੌਰ ’ਤੇ ਡਾਕੂਮੈਂਟਰੀ ਵੀ ਬਣਾਈ ਗਈ, ਜੋ ਮੌਜੂਦਾ ਸਮੇਂ ਵੀ ਸ਼੍ਰੋਮਣੀ ਕਮੇਟੀ ਦੇ ਸੋਸ਼ਲ ਮੀਡੀਆ ਮੰਚਾਂ 'ਤੇ ਉਪਲੱਬਧ ਹੈ। ਇਸੇ ਤਰ੍ਹਾਂ ਕਈ ਭਾਸ਼ਾਵਾਂ ਵਿਚ ਇਤਿਹਾਸਕ ਕਿਤਾਬਚੇ ਵੀ ਜਾਰੀ ਕੀਤੇ ਗਏ।









## ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦੀ 300 ਸਾਲਾ ਜਨਮ ਸ਼ਤਾਬਦੀ ਮੌਕੇ ਦੀਆਂ ਤਸਵੀਰਾਂ:










ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦੀ ਤੀਜੀ ਜਨਮ ਸ਼ਤਾਬਦੀ ਮੌਕੇ ਦਿੱਲੀ ਤੋਂ ਸ੍ਰੀ ਅੰਮ੍ਰਿਤਸਰ ਤੱਕ ਸਜਾਏ ਖ਼ਾਲਸਾ ਫ਼ਤਹ ਮਾਰਚ ਦੇ ਦ੍ਰਿਸ਼






ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦੀ ਤੀਜੀ ਜਨਮ ਸ਼ਤਾਬਦੀ ਮੌਕੇ ਦਿੱਲੀ ਵਿਖੇ ਸਜਾਏ ਗਏ ਗੁਰਮਤਿ ਸਮਾਗਮ ਦੇ ਦ੍ਰਿਸ਼

## ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਦੀ 200 ਸਾਲਾ ਸ਼ਹੀਦੀ ਸ਼ਤਾਬਦੀ:



ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਦੀ 200 ਸਾਲਾ ਸ਼ਹੀਦੀ ਸ਼ਤਾਬਦੀ ਵੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਕਾਰਜਕਾਲ ਅੰਦਰ ਮਿਤੀ 14 ਮਾਰਚ 2023 ਨੂੰ ਖ਼ਾਲਸਈ ਜਾਹੋ-ਜਲਾਲ ਨਾਲ ਮਨਾਈ ਗਈ। ਅਕਾਲੀ ਬਾਬਾ ਫੂਲਾ ਸਿੰਘ ਸਿੱਖ ਇਤਿਹਾਸ ਦਾ ਅਹਿਮ ਨਾਇਕ ਹੈ ਜਿਨ੍ਹਾਂ ਨੂੰ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ 6ਵੇਂ ਮੁਖੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਹੋਣ ਦਾ ਮਾਣ ਹਾਸਲ ਹੋਇਆ। ਸ਼੍ਰੋਮਣੀ ਕਮੇਟੀ ਵੱਲੋਂ ਇਨ੍ਹਾਂ ਦੀ ਦੂਜੀ ਸ਼ਹੀਦੀ ਸ਼ਤਾਬਦੀ ਮੌਕੇ ਕੀਤੇ ਗਏ ਸਮਾਗਮਾਂ ਵਿਚ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਦਾ ਵਿਸ਼ੇਸ਼ ਤੌਰ 'ਤੇ ਸਹਿਯੋਗ ਰਿਹਾ। ਇਸ ਸ਼ਤਾਬਦੀ ਦਾ ਮੁੱਖ ਸਮਾਗਮ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਕਰਨ ਦੇ ਨਾਲ-ਨਾਲ ਗੁਰਦੁਅਰਾ ਮੱਲ ਅਖਾੜਾ ਸਾਹਿਬ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਵੀ ਸਮਾਗਮ ਹੋਏ। ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਰੌਸ਼ਨੀ ਤੇ ਅਵਾਜ਼ ਅਧਾਰਿਤ ਇਤਿਹਾਸਕ ਪ੍ਰੋਗਰਾਮ ਵੀ ਕਰਵਾਇਆ ਗਿਆ। ਸਿੱਖ ਮਾਰਸ਼ਲ ਆਰਟ ਗਤਕਾ ਦੇ ਮੁਕਾਬਲਿਆਂ ਵਿਚ ਸਿੱਖ ਨੌਜੁਆਨਾਂ ਨੇ ਸਿੱਖ ਸ਼ਸਤਰ ਕਲਾ ਦੇ ਜੌਹਰ ਵਿਖਾਏ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਮੁੱਖ ਸਮਾਗਮ ਦੌਰਾਨ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ ਅਤੇ ਕੌਮ ਦੀਆਂ ਭਵਿੱਖੀ ਤਰਜ਼ੀਹਾਂ ਬਾਰੇ ਵਿਚਾਰ ਪ੍ਰਗਟ ਕੀਤੇ। ਇਸ ਸ਼ਤਾਬਦੀ ਮੌਕੇ ਵੀ ਚਿੱਤਰ ਪ੍ਰਦਰਸ਼ਨੀ ਲਗਾਈ ਗਈ ਅਤੇ ਉਚੇਚੇ ਤੌਰ 'ਤੇ ਸਾਹਿਤ ਤਿਆਰ ਕਰਵਾ ਕੇ ਵੰਡਿਆ ਗਿਆ। ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਇਸ ਸ਼ਤਾਬਦੀ ਦੌਰਾਨ ਉਚੇਚਾ ਸਹਿਯੋਗ ਕਰਦਿਆਂ ਯਾਦਗਾਰੀ ਸਿੱਕੇ ਤਿਆਰ ਕਰਵਾ ਕੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਭੇਟ ਕੀਤੇ ਗਏ।








ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਦੀ 200 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮ ਦੇ ਦ੍ਰਿਸ਼





## ਨਾਭਾ ਦਿਵਸ ਦੀ 100 ਸਾਲਾ ਸ਼ਤਾਬਦੀ:

ਪੰਥ ਪ੍ਰਸਤ ਸਿੱਖ ਮਹਾਰਾਜਾ ਰਿਪੁਦਮਨ ਸਿੰਘ ਨਾਭਾ ਨਾਲ ਸੰਬੰਧਤ ਨਾਭਾ ਦਿਵਸ ਦੀ 100 ਸਾਲਾ ਸ਼ਤਾਬਦੀ ਵੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਪ੍ਰਧਾਨਗੀ ਕਾਲ ਸਮੇਂ ਮਨਾਈ ਗਈ। ਗੁਰਦੁਆਰਾ ਸੁਧਾਰ ਲਹਿਰ ਦੌਰਾਨ ਮਹਾਰਾਜਾ ਰਿਪੁਦਮਨ ਸਿੰਘ ਨੇ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਨੇ ਰਾਜ ਸਤਾ ਨੂੰ ਪਾਸੇ ਰੱਖ ਕੇ ਹਮੇਸ਼ਾ ਗੁਰੂ ਸਿਧਾਂਤ ਨੂੰ ਪਹਿਲ ਦਿੱਤੀ। ਇਸੇ ਕਾਰਨ ਉਨ੍ਹਾਂ ਨੂੰ ਜਲਾਵਤਨੀ ਸਹਿਣੀ ਪਈ ਅਤੇ ਜੇਲ੍ਹ ਵਿਚ ਵੀ ਤਸ਼ੱਦਦ ਝੱਲੇ। ਮਹਾਰਾਜਾ ਰਿਪੁਦਮਨ ਸਿੰਘ ਨੂੰ ਅੰਗਰੇਜ਼ ਹਕੂਮਤ ਵੱਲੋਂ ਗੱਦੀ ਤੋਂ ਲਾਹੁਣ ਦੇ ਰੋਸ ਵਜੋਂ ਸਿੱਖ ਪੰਥ ਨੇ ਨਾਭਾ ਦਿਵਸ ਮਨਾਉਣ ਦਾ ਐਲਾਨ ਕੀਤਾ। ਸ਼੍ਰੋਮਣੀ ਕਮੇਟੀ ਵੱਲੋਂ ਨਾਭਾ ਦਿਵਸ ਦੀ 100 ਸਾਲਾ ਸ਼ਤਾਬਦੀ ਦੇ ਸਮਾਗਮ 9 ਸਤੰਬਰ 2023 ਨੂੰ ਗੁਰਦੁਆਰਾ ਡੇਰਾ ਬਾਬਾ ਅਜਾਪਾਲ ਸਿੰਘ ਨਾਭਾ (ਪਟਿਆਲਾ) ਵਿਖੇ ਕਰਵਾਏ ਗਏ। ਇਨ੍ਹਾਂ ਸਮਾਗਮਾਂ ਵਿਚ ਸਿੰਘ ਸਾਹਿਬਾਨ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਤੇ ਹੋਰ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਉਚੇਚੇ ਤੌਰ ’ਤੇ ਮਹਾਰਾਜਾ ਰਿਪੁਦਮਨ ਸਿੰਘ ਦੇ ਪਰਿਵਾਰ ਵਿੱਚੋਂ ਮਹਾਰਾਣੀ ਉਮਾ ਸਿੰਘ, ਮਹਾਰਾਣੀ ਪ੍ਰੀਤੀ ਸਿੰਘ ਅਤੇ ਯੁਵਰਾਜ ਅਭੈਉਦੇਪ੍ਰਤਾਪ ਸਿੰਘ ਨੂੰ ਸਨਮਾਨਿਤ ਕੀਤਾ ਗਿਆ।







## ਸਿੰਘ ਸਭਾ ਲਹਿਰ ਦੀ 150 ਸਾਲਾ ਸ਼ਤਾਬਦੀ:

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼ਤਾਬਦੀਆਂ ਦੇ ਦਿਹਾੜੇ ਮਨਾਉਣ ਦੀ ਲਗਾਤਾਰਤਾ ਨੂੰ ਜਾਰੀ ਰੱਖਦਿਆਂ ਸਿੰਘ ਸਭਾ ਲਹਿਰ ਦੀ ਸਥਾਪਨਾ ਸਬੰਧੀ 150 ਸਾਲਾ ਸ਼ਤਾਬਦੀ ਦੇ ਵੀ ਸਮਾਗਮ ਕਰਵਾਏ। ਇਸ ਸ਼ਤਾਬਦੀ ਦੌਰਾਨ ਵਿਸ਼ੇਸ਼ ਤੌਰ 'ਤੇ ਸੈਮੀਨਾਰਾਂ ਦਾ ਵੀ ਪ੍ਰਬੰਧ ਕੀਤਾ ਗਿਆ। ਕੌਮ ਦੀ ਨੌਜੁਆਨੀ ਨੂੰ ਚੇਤੰਨ ਕਰਨ ਵਾਸਤੇ ਇਨ੍ਹਾਂ ਸੈਮੀਨਾਰਾਂ ਵਿਚ ਭਰਵੀਂ ਹਾਜ਼ਰੀ ਨੂੰ ਯਕੀਨੀ ਬਣਾਇਆ ਗਿਆ। ਇਕ ਸੈਮੀਨਾਰ ਸ੍ਰੀ ਅੰਮ੍ਰਿਤਸਰ ਵਿਖੇ ਸਥਿਤ ਖਾਲਸਾ ਕਾਲਜ ਵਿਖੇ ਕਰਵਾਇਆ ਗਿਆ, ਜਿਸ ਵਿਚ ਸਿੰਘ ਸਭਾ ਲਹਿਰ ਦੇ ਪਿਛੋਕੜ, ਇਤਿਹਾਸ, ਕਾਰਜ ਅਤੇ ਪ੍ਰਾਪਤੀਆਂ ਦਾ ਉਚੇਚੇ ਤੌਰ 'ਤੇ ਜ਼ਿਕਰ ਹੋਇਆ। ਖਾਲਸਾ ਕਾਲਜ ਕਿਉਂਕਿ ਸਿੱਧੇ ਤੌਰ 'ਤੇ ਸਿੰਘ ਸਭਾ ਲਹਿਰ ਨਾਲ ਸਬੰਧ ਰੱਖਦਾ ਹੋਣ ਕਰਕੇ ਸੈਮੀਨਾਰ ਸਥਾਨ ਲਈ ਚੁਣਿਆ ਗਿਆ। ਬੌਧਿਕ ਤੌਰ 'ਤੇ ਅਜੋਕੀ ਨੌਜੁਆਨੀ ਨੂੰ ਇਸ ਇਤਿਹਾਸਕ ਦਿਹਾੜੇ ਬਾਰੇ ਚੇਤੰਨ ਕਰਨ ਲਈ ਸਾਹਿਤ ਪ੍ਰਕਾਸ਼ਨਾ ਕਰਕੇ ਵੱਡੀ ਪੱਧਰ ਵਿਚ ਕਿਤਾਬਚੇ ਵੰਡੇ ਗਏ।

ਸ਼ਤਾਬਦੀ ਦਾ ਮੁੱਖ ਸਮਾਗਮ 30 ਸਤੰਬਰ ਤੋਂ 1 ਅਕਤੂਬਰ 2023 ਤੱਕ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਕੀਤਾ ਗਿਆ। ਦੋ ਦਿਨਾਂ ਸਮਾਗਮਾਂ ਦੌਰਾਨ ਪਹਿਲੇ ਦਿਨ ਸਿੱਖ ਨੌਜੁਆਨਾਂ ਅਤੇ ਬੱਚਿਆਂ ਦਾ ਸਮਾਗਮ ਸਫ਼ਲ ਰੂਪ ਵਿਚ ਨੇਪਰੇ ਚੜ੍ਹਿਆ। ਮੁੱਖ ਸਮਾਗਮ ਦੌਰਾਨ ਪਹਿਲੀ ਅਕਤੂਬਰ ਨੂੰ ਵੱਡੀ ਗਿਣਤੀ ਵਿਚ ਪ੍ਰਮੁੱਖ ਸ਼ਖ਼ਸੀਅਤਾਂ ਨੇ ਵਿਚਾਰ ਸਾਂਝੇ ਕੀਤੇ। ਪੰਥ ਦੇ ਪ੍ਰਸਿੱਧ ਰਾਗੀ, ਢਾਡੀ ਤੇ ਕਥਾਵਾਚਕਾਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਸਿੰਘ ਸਭਾ ਲਹਿਰ ਦੇ ਇਤਿਹਾਸ ਨਾਲ ਜੋੜਿਆ। ਇਹ ਸ਼ਤਾਬਦੀ ਕਿਉਂਕਿ ਸਿੱਧੇ ਤੌਰ 'ਤੇ ਸਿੱਖ ਚੇਤੰਨਤਾ ਨਾਲ ਜੁੜੀ ਹੋਈ ਹੋਣ ਕਾਰਨ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕਾਂ ਰਾਹੀਂ ਨੌਜੁਆਨੀ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਆਪਣੇ ਵਿਰਸੇ ਪ੍ਰਤੀ ਜਾਗਰੂਕ ਕੀਤਾ ਗਿਆ।









ਸ੍ਰੀ ਗੁਰੂ ਸਿੰਘ ਸਭਾ ਲਹਿਰ ਦੀ 150 ਸਾਲਾ ਸ਼ਤਾਬਦੀ ਸਮਾਗਮਾਂ ਦੇ ਦ੍ਰਿਸ਼







## ਸਿੰਘ ਸਭਾ ਲਹਿਰ ਦੀ 150 ਸਾਲਾ ਸ਼ਤਾਬਦੀ ਸਬੰਧੀ ਖਾਲਸਾ ਕਾਲਜ, ਸ੍ਰੀ ਅੰਮ੍ਰਿਤਸਰ ਵਿਖੇ ਹੋਏ ਸੈਮੀਨਾਰ ਦੇ ਵੱਖ-ਵੱਖ ਦ੍ਰਿਸ਼






## ਜੈਤੋ ਮੋਰਚੇ ਦੀ 100 ਸਾਲਾ ਸ਼ਤਾਬਦੀ:




ਸਿੱਖ ਇਤਿਹਾਸ ਅੰਦਰ ਜੈਤੋ ਦਾ ਮੋਰਚਾ ਬੇਹੱਦ ਅਹਿਮ ਅਤੇ ਮਹੱਤਵਪੂਰਨ ਹੈ। ਇਹ ਬਰਤਾਨਵੀ ਹਕੂਮਤ ਵਿਰੁੱਧ ਲੜੀ ਗਈ ਹੱਕ ਸੱਚ ਦੀ ਲੜਾਈ ਸੀ, ਜਿਸ ਨੇ ਜਬਰ ਦਾ ਮੁਕਾਬਲਾ ਸਬਰ ਨਾਲ ਕਰਨ ਦੀ ਲੋਅ ਜਗਾਈ। ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅਦਬ ਸਤਿਕਾਰ ਅਤੇ ਸਿੱਖਾਂ ਦੇ ਧਾਰਮਿਕ ਮਾਮਲਿਆਂ ਵਿਚ ਦਖ਼ਲਅੰਦਾਜ਼ੀ ਵਿਰੁੱਧ ਕੌਮੀ ਜਜ਼ਬੇ ਦੀ ਇਹ ਮੋਰਚਾ ਇਕ ਅਦੁੱਤੀ ਮਿਸਾਲ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਵਿਸ਼ੇਸ਼ ਯਤਨਾਂ ਨਾਲ ਇਸ ਸ਼ਤਾਬਦੀ ਦੇ ਸਮਾਗਮ ਗੁਰਦੁਆਰਾ ਸ਼ਹੀਦ ਗੰਜ ਟਿੱਬੀ ਸਾਹਿਬ, ਗੰਗਸਰ ਸਾਹਿਬ ਜੈਤੋ ਵਿਖੇ 19 ਤੋਂ 21 ਫ਼ਰਵਰੀ 2024 ਤੱਕ ਕੀਤੇ ਗਏ। ਇਸ ਦੌਰਾਨ ਇਕ ਵਿਸ਼ਾਲ ਸ਼ਹੀਦੀ ਮਾਰਚ ਦਾ ਆਯੋਜਨ ਵੀ ਕੀਤਾ ਗਿਆ। ਇਕ ਦਿਨ ਦੇ ਪ੍ਰੋਗਰਾਮ ਨੌਜੁਆਨਾਂ ਅਤੇ ਬੱਚਿਆਂ ਨੂੰ ਸਮਰਪਿਤ ਰੱਖੇ ਗਏ। ਮੁੱਖ ਸਮਾਗਮ 21 ਫ਼ਰਵਰੀ ਨੂੰ ਵਿਸ਼ਾਲ ਸਮਾਗਮ ਦੌਰਾਨ ਹਜ਼ਾਰਾਂ ਸੰਗਤਾਂ ਦਾ ਇਕੱਠ ਹੋਇਆ। ਇਸ ਮੌਕੇ ਪੰਥ ਦੇ ਪ੍ਰਸਿੱਧ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਕਥਾਵਾਚਕਾਂ ਨੇ ਮੋਰਚੇ ਦੇ ਇਤਿਹਾਸ ਅਤੇ ਗੁਰਮਤਿ ਸਿਧਾਂਤਾਂ ਬਾਰੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਅਤੀਤ ਵਿਚ ਵਾਪਰੇ ਇਸ ਸਾਕੇ ਦੇ ਇਤਿਹਾਸ ਨੂੰ ਪ੍ਰਗਟ ਕਰਦਿਆਂ ਭਵਿੱਖੀ ਚੁਣੌਤੀਆਂ ਦੇ ਸਰਲੀਕਰਨ ਲਈ ਕੌਮ ਨੂੰ ਇਕਜੁਟ ਹੋਣ ਦਾ ਸੱਦਾ ਦਿੱਤਾ। ਇਸ ਸਮਾਗਮ ਦੌਰਾਨ ਜੈਤੋ ਮੋਰਚੇ ਦੇ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਚਿੱਤਰ ਅਤੇ ਪੁਸਤਕ ਪ੍ਰਦਰਸ਼ਨੀ ਲਗਾਈ ਗਈ। ਵਿਸ਼ੇਸ਼ ਤੌਰ 'ਤੇ ਕਿਤਾਬਾਂ ਤਿਆਰ ਕਰਕੇ ਸੰਗਤ ਅਰਪਣ ਕੀਤੀਆਂ ਗਈਆਂ। ਮੋਰਚੇ ਨਾਲ ਸਬੰਧਤ ਪੁਰਾਤਨ ਤਸਵੀਰਾਂ ਨੂੰ ਸੰਗ੍ਰਹਿਤ ਕੀਤਾ ਗਿਆ। ਵਿਸ਼ੇਸ਼ ਤੌਰ 'ਤੇ ਇਕ ਇਤਿਹਾਸਕ ਵੀਡੀਓ ਡਾਕੂਮੈਂਟਰੀ ਵੀ ਤਿਆਰ ਕੀਤੀ ਗਈ, ਜੋ ਸ਼੍ਰੋਮਣੀ ਕਮੇਟੀ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਦਿਖਾਉਣ ਦੇ ਨਾਲ-ਨਾਲ ਵੱਡਅਕਾਰੀ ਸਕਰੀਨ 'ਤੇ ਜੈਤੋ ਵਿਖੇ ਰਾਤ ਸਮੇਂ ਸੰਗਤ ਨੂੰ ਦਿਖਾਈ ਜਾਂਦੀ ਰਹੀ। ਇਸ ਸ਼ਤਾਬਦੀ ਦੇ ਸਮਾਗਮਾਂ ਤੋਂ ਪਹਿਲਾਂ ਪਿੰਡਾਂ ਅੰਦਰ ਜ਼ੋਰਦਾਰ ਧਰਮ ਪ੍ਰਚਾਰ ਲਹਿਰ ਚਲਾ ਕੇ ਸਿੱਖੀ ਪ੍ਰਚਾਰ ਕੀਤਾ ਗਿਆ।







ਜੈਤੋ ਮੋਰਚੇ ਦੀ 100 ਸਾਲਾ ਸ਼ਤਾਬਦੀ ਦੇ ਸਮਾਗਮਾਂ ਸਮੇਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਹੋਰ।



ਜੈਤੋ ਮੋਰਚੇ ਦੀ 100 ਸਾਲਾ ਸ਼ਤਾਬਦੀ ਦੇ ਸਮਾਗਮਾਂ ਸਮੇਂ ਮੋਰਚੇ ਸਬੰਧੀ ਤਿਆਰ ਕੀਤੀ ਪੁਸਤਕ ਜਾਰੀ ਕਰਨ ਮੌਕੇ ਮੌਜੂਦ ਪ੍ਰਮੁੱਖ ਸ਼ਖ਼ਸੀਅਤਾਂ।

**ਜੈਤੋ ਮੋਰਚੇ ਦੀ 100 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸਜਾਏ ਗਏ ਨਗਰ ਕੀਰਤਨ 'ਸ਼ਹੀਦੀ ਮਾਰਚ' ਦੇ ਵੱਖ-ਵੱਖ ਦ੍ਰਿਸ਼**









# ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਕਾਰਜਕਾਲ ਦੌਰਾਨ ਮਨਾਈਆਂ ਗਈਆਂ ਇਤਿਹਾਸਕ ਸ਼ਤਾਬਦੀਆਂ ਵਿਚ ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦਾ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਵੀ ਸ਼ਾਮਲ ਹੈ। ਸ਼ਤਾਬਦੀ ਦਾ ਮੁੱਖ ਸਮਾਗਮ 18 ਸਤੰਬਰ 2024 ਨੂੰ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ, ਸ੍ਰੀ ਗੋਇੰਦਵਾਲ ਸਾਹਿਬ ਵਿਖੇ ਕੀਤਾ ਗਿਆ, ਜਿਸ ਵਿਚ ਸਿੱਖ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਗੁਰੂ ਸਾਹਿਬਾਨ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਸਿੱਖ ਕੌਮ ਨੂੰ ਗੁਰੂ ਸਾਹਿਬਾਨ ਦੇ ਫ਼ਲਸਫ਼ੇ ਅਤੇ ਸਿਧਾਂਤਾਂ ਦੀ ਰੌਸ਼ਨੀ ਵਿਚ ਕੌਮ ਦੀਆਂ ਭਵਿੱਖੀ ਤਰਜੀਹਾਂ ਨਿਰਧਾਰਤ ਕਰਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਕੌਮੀ ਇਕਜੁਟਤਾ ਅਤੇ ਪੰਥਕ ਦ੍ਰਿੜ੍ਹਤਾ ਲਈ ਕੌਮ ਨੂੰ ਸੁਨੇਹਾ ਦਿੱਤਾ। ਸ਼੍ਰੋਮਣੀ ਕਮੇਟੀ ਵੱਲੋਂ ਸ਼ਤਾਬਦੀ ਸਬੰਧੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ, ਗੁਰਦੁਆਰਾ ਸ੍ਰੀ ਸੰਨ੍ਹ ਸਾਹਿਬ ਬਾਸਰਕੇ ਗਿੱਲਾਂ ਸ੍ਰੀ ਅੰਮ੍ਰਿਤਸਰ, ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਲੁਹਾਰ ਤਰਨ ਤਾਰਨ ਵਿਖੇ ਗੁਰਮਤਿ ਸਮਾਗਮ ਕਰਵਾਏ ਗਏ। ਗੁਰਦੁਆਰਾ ਸ੍ਰੀ ਸੰਨ੍ਹ ਸਾਹਿਬ ਬਾਸਰਕੇ, ਗੁਰਦੁਆਰਾ ਪਾਤਸ਼ਾਹੀ ਪੰਜਵੀਂ ਚੋਹਲਾ ਸਾਹਿਬ, ਸੁਰਸਿੰਘ ਸਮੇਤ ਵੱਖ-ਵੱਖ ਅਸਥਾਨਾਂ ਤੋਂ ਸ੍ਰੀ ਗੋਇੰਦਵਾਲ ਸਾਹਿਬ ਤੱਕ ਨਗਰ ਕੀਰਤਨ ਸਜਾਏ ਗਏ। ਸ਼ਤਾਬਦੀ ਮੌਕੇ ਗੁਰਦੁਆਰਾ ਸ੍ਰੀ ਤਪਿਆਣਾ ਸਾਹਿਬ ਸ੍ਰੀ ਖਡੂਰ ਸਾਹਿਬ ਤੋਂ ਸ੍ਰੀ ਗੋਇੰਦਵਾਲ ਸਾਹਿਬ ਤੱਕ ਵਿਸ਼ੇਸ਼ ਤੌਰ 'ਤੇ ਸਜਾਇਆ ਗਿਆ ਨਗਰ ਕੀਰਤਨ ਸੰਗਤਾਂ ਲਈ ਯਾਦਗਾਰੀ ਹੋ ਨਿਬੜਿਆ। ਇਸ ਨਗਰ ਕੀਰਤਨ ਵਿਚ ਸਿੱਖ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਨੇ ਪੈਦਲ ਸ਼ਮੂਲੀਅਤ ਕੀਤੀ।




ਸ਼੍ਰੋਮਣੀ ਕਮੇਟੀ ਵੱਲੋਂ ਸ਼ਤਾਬਦੀ ਨੂੰ ਸਮਰਪਿਤ ਖਾਲਸਾ ਕਾਲਜ ਸ੍ਰੀ ਅੰਮ੍ਰਿਤਸਰ ਅਤੇ ਸ੍ਰੀ ਗੁਰੂ ਅੰਗਦ ਦੇਵ ਜੀ ਖਾਲਸਾ ਕਾਲਜ ਖਡੂਰ ਸਾਹਿਬ ਵਿਖੇ ਦੋ ਪ੍ਰਭਾਵਸ਼ਾਲੀ ਸੈਮੀਨਾਰ ਵੀ ਕਰਵਾਏ ਗਏ। ਖਾਲਸਾ ਕਾਲਜ ਸ੍ਰੀ ਅੰਮ੍ਰਿਤਸਰ ਵਿਖੇ ਹੋਏ ਸੈਮੀਨਾਰ ਵਿਚ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ ਅਤੇ ਵੀਚਾਰਧਾਰਾ ਬਾਰੇ ਸਿੱਖ ਵਿਦਵਾਨਾਂ ਵੱਲੋਂ ਪਰਚੇ ਪੜ੍ਹੇ ਗਏ। ਇਸੇ ਤਰ੍ਹਾਂ ਸ੍ਰੀ ਖਡੂਰ ਸਾਹਿਬ ਵਿਖੇ ਹੋਏ ਸੈਮੀਨਾਰ ਸਮੇਂ ਸ੍ਰੀ ਅਮਰਦਾਸ ਜੀ ਦੇ ਜੀਵਨ ਅਤੇ ਵਿਚਾਰਧਾਰਾ ਬਾਰੇ ਚਰਚਾ ਹੋਈ। ਸ਼ਤਾਬਦੀ ਸਮਾਗਮਾਂ ਨੂੰ ਸਦੀਵੀ ਤੌਰ 'ਤੇ ਯਾਦਗਾਰੀ ਬਣਾਉਣ ਲਈ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸੋਵੀਨਾਰ ਤਿਆਰ ਕਰਵਾਇਆ ਗਿਆ, ਜਿਸ ਵਿਚ ਸਿੱਖ ਵਿਦਵਾਨਾਂ ਦੇ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਨਾਲ ਸਬੰਧਤ ਲੇਖਾਂ ਨੂੰ ਦਰਜ ਕੀਤਾ ਗਿਆ।

ਸ਼ਤਾਬਦੀ ਸਮਾਗਮਾਂ ਸਮੇਂ ਜਿਥੇ ਵਿਸ਼ੇਸ਼ ਤੌਰ 'ਤੇ ਅੰਮ੍ਰਿਤ ਸੰਚਾਰ ਸਮਾਗਮ ਹੋਏ, ਉਥੇ ਹੀ ਧਰਮ ਪ੍ਰਚਾਰ ਕਮੇਟੀ ਵੱਲੋਂ ਲਗਾਈ ਗਈ ਚਿਤਰ ਪ੍ਰਦਰਸ਼ਨੀ ਅਤੇ ਪੁਸਤਕ ਪ੍ਰਦਰਸ਼ਨੀ ਵੀ ਸੰਗਤਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀ।

## ਗੁਰਦੁਆਰਾ ਸ੍ਰੀ ਬਾਉਲੀ ਸਾਹਿਬ, ਸ੍ਰੀ ਗੋਇੰਦਵਾਲ ਸਾਹਿਬ ਵਿਖੇ ਹੋਏ ਸ਼ਤਾਬਦੀ ਦੇ ਮੁੱਖ ਸਮਾਗਮ ਦੀਆਂ ਯਾਦਗਾਰੀ ਤਸਵੀਰਾਂ





# ਸ੍ਰੀ ਗੁਰੂ ਰਾਮਦਾਸ ਜੀ ਦੇ 450 ਸਾਲਾ ਗੁਰਿਆਈ ਦਿਵਸ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ

ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਦੀ 450 ਸਾਲਾ ਸ਼ਤਾਬਦੀ ਸਬੰਧੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ 13 ਅਤੇ 14 ਸਤੰਬਰ 2024 ਨੂੰ ਵਿਸ਼ੇਸ਼ ਤੌਰ 'ਤੇ ਗੁਰਮਤਿ ਸਮਾਗਮ ਹੋਏ। ਸਮਾਗਮ ਦੌਰਾਨ ਪ੍ਰਮੁੱਖ ਸ਼ਖ਼ਸੀਅਤਾਂ ਨੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਵੱਲੋਂ ਸ਼ਤਾਬਦੀ ਨੂੰ ਸਮਰਪਿਤ ਤਿਆਰ ਕਰਵਾਇਆ ਗਿਆ ਸੋਵੀਨਰ ਵੀ ਸੰਗਤ ਅਰਪਣ ਕੀਤਾ ਗਿਆ। ਪੰਥਕ ਸ਼ਖ਼ਸੀਅਤਾਂ ਤੇ ਸੰਗਤ ਨਾਲ ਵਿਚਾਰਾਂ ਵੀ ਸਾਂਝੀਆਂ ਕੀਤੀਆਂ।



# 450 ਸਾਲਾ ਸ਼ਤਾਬਦੀ ਸਬੰਧੀ ਖਾਲਸਾ ਕਾਲਜ ਸ੍ਰੀ ਅੰਮ੍ਰਿਤਸਰ ਵਿਖੇ ਕਰਵਾਏ ਸੈਮੀਨਾਰ ਦੇ ਦ੍ਰਿਸ਼





## ਇਤਿਹਾਸਕ ਨਗਰ ਖਡੂਰ ਸਾਹਿਬ ਵਿਖੇ ਸ਼ਤਾਬਦੀ ਸਬੰਧੀ ਕਰਵਾਏ ਗਏ ਸੈਮੀਨਾਰ ਦੀਆਂ ਕੁਝ ਯਾਦਗਾਰੀ ਤਸਵੀਰਾਂ







450 ਸਾਲਾ ਸ਼ਤਾਬਦੀ ਸਬੰਧੀ ਸਜਾਏ ਗਏ ਵੱਖ-ਵੱਖ ਨਗਰ ਕੀਰਤਨਾਂ ਦੀਆਂ ਤਸਵੀਰਾਂ









ਸ੍ਰੀ ਗੁਰੂ ਅਮਰਦਾਸ ਜੀ ਦੇ
ਜੋਤੀ ਜੋਤਿ ਦਿਵਸ
ਦੀ 450 ਸਾਲਾ ਸ਼ਤਾਬਦੀ
ਮੌਕੇ
ਖਡੂਰ ਸਾਹਿਬ ਤੋਂ ਸਜਾਏ
ਵਿਸ਼ੇਸ਼ ਨਗਰ ਕੀਰਤਨ
'ਚ ਸ਼ਾਮਲ
ਸਿੱਖ ਪੰਥ ਦੀਆਂ
ਪ੍ਰਮੁੱਖ ਸ਼ਖ਼ਸੀਅਤਾਂ



# 450 ਸਾਲਾ ਸ਼ਤਾਬਦੀ ਮੌਕੇ ਸ੍ਰੀ ਗੋਇੰਦਵਾਲ ਸਾਹਿਬ ਨਤਮਸਤਕ ਹੋਏ ਪੰਜਾਬ ਦੇ ਰਾਜਪਾਲ:

ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਮੌਕੇ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ, ਸ੍ਰੀ ਗੋਇੰਦਵਾਲ ਸਾਹਿਬ ਵਿਖੇ ਹੋਏ ਸਮਾਗਮਾਂ ਦੌਰਾਨ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਆਪਣੇ ਪਰਿਵਾਰ ਨਾਲ ਨਤਮਸਤਕ ਹੋਣ ਪੁੱਜੇ। ਇਸ ਮੌਕੇ ਉਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰਕੀ ਪ੍ਰਧਾਨ ਸ. ਬਲਵਿੰਦਰ ਸਿੰਘ ਭੂੰਦੜ ਅਤੇ ਹੋਰ ਅਹੁਦੇਦਾਰਾਂ ਨੇ ਸਨਮਾਨਿਤ ਕੀਤਾ।





## ਧਾਰਮਿਕ ਅਧਿਆਪਕਾਂ ਦੀ ਭਰਤੀ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਪ੍ਰਬੰਧ ਵਾਲੇ ਸਕੂਲਾਂ/ਕਾਲਜਾਂ ਵਿਚ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਧਰਮ ਇਤਿਹਾਸ ਦੀ ਜਾਣਕਾਰੀ ਦੇਣ ਲਈ ਵੀ ਨਿਰੰਤਰ ਕਾਰਜਸ਼ੀਲ ਹੈ। ਇਸ ਵਾਸਤੇ ਧਰਮ ਪ੍ਰਚਾਰ ਕਮੇਟੀ ਰਾਹੀਂ ਵਿਦਿਅਕ ਅਦਾਰਿਆਂ ਅੰਦਰ ਧਾਰਮਿਕ ਅਧਿਆਪਕ ਨਿਯੁਕਤ ਹਨ। ਪਹਿਲਾਂ ਨਿਯੁਕਤ ਇਨ੍ਹਾਂ ਧਾਰਮਿਕ ਅਧਿਆਪਕਾਂ ਦੀ ਗਿਣਤੀ ਵਿਚ ਹੋਰ ਵਾਧਾ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਧਰਮ ਪ੍ਰਚਾਰ ਕਮੇਟੀ ਵੱਲੋਂ ਵੱਖ-ਵੱਖ ਸਕੂਲਾਂ/ਕਾਲਜਾਂ ਵਿਚ 30 ਨਵੇਂ ਧਾਰਮਿਕ ਅਧਿਆਪਕਾਂ ਦੀ ਨਿਯੁਕਤੀ ਕੀਤੀ ਗਈ ਹੈ। ਇਸ ਤੋਂ ਪਹਿਲਾਂ ਧਰਮ ਪ੍ਰਚਾਰ ਕਮੇਟੀ ਵੱਲੋਂ ਵੱਖ-ਵੱਖ ਸਕੂਲਾਂ/ਕਾਲਜਾਂ ਵਿਚ 53 ਧਾਰਮਿਕ ਅਧਿਆਪਕ ਸੇਵਾਵਾਂ ਨਿਭਾ ਰਹੇ ਹਨ। ਇਨ੍ਹਾਂ ਨਵ-ਨਿਯੁਕਤ ਅਧਿਆਪਕਾਂ ਦੀ ਭਰਤੀ ਨਾਲ ਧਾਰਮਿਕ ਅਧਿਆਪਕਾਂ ਦੀ ਗਿਣਤੀ 80 ਤੋਂ ਉੱਪਰ ਹੋ ਗਈ ਹੈ। ਇਹ ਉੱਦਮ ਵਿਦਿਆਰਥੀਆਂ ਅੰਦਰ ਆਪਣੇ ਵਿਰਸੇ ਪ੍ਰਤੀ ਜਾਗਰੂਕਤਾ ਲਈ ਅਤਿ ਅਹਿਮ ਹੈ।



**ਨਵੇਂ ਪ੍ਰਚਾਰਕਾਂ ਦੀ ਨਿਯੁਕਤੀ:** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਕੀਤੇ ਜਾ ਰਹੇ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਉਣ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ 31 ਹੋਰ ਪ੍ਰਚਾਰਕਾਂ ਦੀ ਨਿਯੁਕਤੀ ਕੀਤੀ ਗਈ। ਇਸ ਤੋਂ ਪਹਿਲਾਂ ਧਰਮ ਪ੍ਰਚਾਰ ਲਹਿਰ ਨੂੰ ਘਰ-ਘਰ ਤੱਕ ਪਹੁੰਚਾਉਣ ਦੇ ਮੰਤਵ ਨਾਲ ਮਿਸ਼ਨਰੀ ਕਾਲਜਾਂ ਤੋਂ ਸਿੱਖਿਆ ਪ੍ਰਾਪਤ ਕਰਨ ਵਾਲੇ ਪ੍ਰਚਾਰਕ ਭਰਤੀ ਕੀਤੇ ਗਏ ਇਨ੍ਹਾਂ ਵਿਦਿਆਰਥੀਆਂ ਦੀਆਂ ਵਲੰਟਰੀਅਰ ਦੇ ਤੌਰ 'ਤੇ ਸੇਵਾਵਾਂ ਲਈਆਂ ਜਾ ਰਹੀਆਂ ਸਨ। ਵਲੰਟੀਅਰ ਦੇ ਤੌਰ 'ਤੇ ਇਨ੍ਹਾਂ ਨੇ ਸਰਹੱਦੀ ਇਲਾਕਿਆਂ ਦੇ ਵੱਖ-ਵੱਖ ਪਿੰਡਾਂ ਵਿਚ ਵਿਚਰਦਿਆਂ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਅਹਿਮ ਭੂਮਿਕਾ ਨਿਭਾਈ। ਪ੍ਰਚਾਰਕ ਵਜੋਂ ਨਿਯੁਕਤ ਹੋਏ ਸਿੱਖ ਮਿਸ਼ਨਰੀ ਕਾਲਜਾਂ ਅਤੇ ਗੁਰਮਤਿ ਵਿਦਿਆਲਿਆਂ ਤੋਂ ਸਿਖਿਅਤ ਇਹ ਵਿਦਿਆਰਥੀ ਪੰਜਾਬ ਅਤੇ ਪੰਜਾਬ ਤੋਂ ਬਾਹਰਲਿਆਂ ਸੂਬਿਆਂ ਅੰਦਰ ਸਿੱਖੀ ਪ੍ਰਚਾਰ ਦੀਆਂ ਸੇਵਾਵਾਂ ਨਿਭਾਉਣਗੇ।



**ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਵਜ਼ੀਫ਼ੇ:** ਸ਼੍ਰੋਮਣੀ ਕਮੇਟੀ ਵੱਲੋਂ ਆਪਣੇ ਵਿਦਿਅਕ ਅਦਾਰਿਆਂ ਅੰਦਰ ਜਿਥੇ ਬਹੁਤ ਘੱਟ ਖਰਚੇ 'ਤੇ ਮਿਆਰੀ ਵਿਦਿਆ ਦਾ ਪ੍ਰਬੰਧ ਕੀਤਾ ਜਾਂਦਾ ਹੈ, ਉਥੇ ਹੀ ਗਰੀਬ ਅਤੇ ਲੋੜਵੰਦ ਬੱਚਿਆਂ ਦੀ ਆਰਥਿਕ ਮੱਦਦ ਲਈ ਵੀ ਕਈ ਸਕੀਮਾਂ ਚਲਾਈਆਂ ਜਾਂਦੀਆਂ ਹਨ। ਇਸ ਦੇ ਨਾਲ ਹੀ ਜੋ ਵਿਦਿਆਰਥੀ ਅੰਮ੍ਰਿਤਧਾਰੀ ਗੁਰਸਿੱਖ ਹਨ, ਉਨ੍ਹਾਂ ਲਈ ਇਕ ਵਿਸ਼ੇਸ਼ ਪ੍ਰੋਗਰਾਮ ਤਹਿਤ ਫੀਸਾਂ ਵਿਚ ਸਹਾਇਤਾ ਲਈ ਸਾਲਾਨਾ ਵਜੀਫਾ ਰਾਸ਼ੀ ਦਿੱਤੀ ਜਾਂਦੀ ਹੈ। ਇਸ ਦਾ ਮੰਤਵ ਸਿੱਖੀ ਪ੍ਰਤੀ ਨੌਜੁਆਨਾਂ ਨੂੰ ਰੁਚਿਤ ਕਰਨਾ ਅਤੇ ਆਪਣੇ ਵਿਰਸੇ ਨਾਲ ਜੋੜਨਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਕਾਰਜਕਾਲ ਦੌਰਾਨ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ 7 ਕਰੋੜ ਤੋਂ ਵੱਧ ਦੀ ਰਾਸ਼ੀ ਵਜ਼ੀਫੇ ਦੇ ਤੌਰ 'ਤੇ ਦਿੱਤੀ ਗਈ ਹੈ।



**ਅੰਮ੍ਰਿਤਧਾਰੀ ਬੱਚੀਆਂ ਨੂੰ ਮੁਫ਼ਤ ਵਿਦਿਆ:** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਸਿੱਖ ਬੱਚੀਆਂ ਦੀ ਮੁਫਤ ਪੜ੍ਹਾਈ ਲਈ ਵੀ ਵਿਸ਼ੇਸ ਉਪਰਾਲੇ ਕੀਤੇ ਜਾ ਰਹੇ ਹਨ। ਇਸ ਕਾਰਜ ਤਹਿਤ ਬੱਚੀਆਂ ਨੂੰ ਉਚੇਰੀ ਸਿੱਖਿਆ ਦੇਣ ਲਈ ਮਾਤਾ ਸਾਹਿਬ ਕੌਰ ਗਰਲਜ਼ ਕਾਲਜ, ਤਲਵੰਡੀ ਸਾਬੋ (ਬਠਿੰਡਾ) ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਬੇਬੇ ਨਾਨਕੀ ਜੀ ਧਾਰਮਿਕ ਤੇ ਅਕਾਦਮਿਕ ਮੁਫ਼ਤ ਵਿਦਿਆ ਯੋਜਨਾ ਤਹਿਤ ਕੇਂਦਰ ਸਥਾਪਤ ਕੀਤੇ ਗਏ ਹਨ। ਐਡਵੋਕੇਟ ਧਾਮੀ ਦੇ ਪ੍ਰਧਾਨਗੀ ਕਾਲ ਸਮੇਂ ਇਸ 'ਤੇ 2 ਕਰੋੜ 67 ਲੱਖ ਰੁਪਏ ਖਰਚੇ ਗਏ ਹਨ।

**ਸਿਕਲੀਗਰ ਅਤੇ ਵਣਜਾਰੇ ਸਿੱਖਾਂ ਦੀ ਸਹਾਇਤਾ:** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖੀ ਪ੍ਰਚਾਰ ਦੇ ਨਾਲ-ਨਾਲ ਸਿੱਖ ਪੰਥ ਦਾ ਅਹਿਮ ਅੰਗ ਸਿਕਲੀਗਰ ਤੇ ਵਣਜਾਰੇ ਸਿੱਖਾਂ ਲਈ ਵਿਸ਼ੇਸ਼ ਸਹਾਇਤਾ ਪ੍ਰੋਗਰਾਮ ਉਲੀਕ ਕੇ ਸਿੱਖ ਬੱਚਿਆਂ ਦੀ ਪੜ੍ਹਾਈ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਸ਼੍ਰੋਮਣੀ ਕਮੇਟੀ ਸਿਕਲੀਗਰ ਤੇ ਵਣਜਾਰੇ ਸਿੱਖਾਂ ਦੇ ਬੱਚਿਆਂ ਦੀਆਂ ਫੀਸਾਂ ਦੀ ਅਦਾਇਗੀ ਕਰਕੇ ਉਨ੍ਹਾਂ ਨੂੰ ਰੋਜ਼ਗਾਰ ਦੇ ਯੋਗ ਬਣਾਉਣ ਲਈ ਨਿਰੰਤਰ ਉਪਰਾਲੇ ਕਰ ਰਹੀ ਹੈ। ਇਸ ਤਹਿਤ ਸਿਕਲੀਗਰ ਅਤੇ ਵਣਜਾਰੇ ਸਿੱਖਾਂ ਦੇ ਬੱਚਿਆਂ ਦੀਆਂ ਫੀਸਾਂ ਦਾ ਪ੍ਰਬੰਧ ਸ਼੍ਰੋਮਣੀ ਕਮੇਟੀ ਕਰਦੀ ਹੈ। ਭਾਰਤ ਦੇ ਵੱਖ-ਵੱਖ ਸੂਬਿਆਂ ਵਿਚ ਵੱਸੇ ਸਿੱਖ ਸਮਾਜ ਦੇ ਇਸ ਵਰਗ ਦੇ ਬੱਚਿਆਂ ਨੂੰ ਰੁਜ਼ਗਾਰ ਦਾ ਕਾਬਲ ਬਣਾਉਣ ਲਈ ਵਿਦਿਆ ਪ੍ਰਾਪਤੀ ਵਾਸਤੇ ਉਤਸ਼ਾਹਤ ਕੀਤਾ ਜਾਂਦਾ ਹੈ। ਇਨ੍ਹਾਂ ਬੱਚਿਆਂ ਦੀ ਫੀਸਾਂ ਵੱਖ-ਵੱਖ ਵਿਦਿਅਕ ਅਦਾਰਿਆਂ ਵਿਚ ਜਾ ਕੇ ਸ਼੍ਰੋਮਣੀ ਕਮੇਟੀ ਦੇ ਨੁਮਾਇੰਦਿਆਂ ਵੱਲੋਂ ਸਿੱਧੇ ਤੌਰ 'ਤੇ ਅਦਾ ਕੀਤੀਆਂ ਜਾਂਦੀਆਂ ਹਨ, ਤਾਂ ਜੋ ਇਹ ਬੱਚੇ ਵਿਦਿਅਕ ਤੌਰ 'ਤੇ ਨਿਪੁੰਨ ਹੋ ਸਕਣ ਅਤੇ ਭਵਿੱਖ ਵਿਚ ਕੰਮਕਾਜ ਲਈ ਯੋਗ ਬਣਨ ਸਕਣ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਕਾਰਜਕਾਲ ਦੌਰਾਨ ਸਿਕਲੀਗਰ ਤੇ ਵਣਜਾਰੇ ਸਿੱਖਾਂ ਦੇ ਬੱਚਿਆਂ ਦੀਆਂ ਫੀਸਾਂ ਅਦਾ ਕਰਨ ਦੀ ਲਗਾਤਾਰਤਾ ਵਿਚ 7 ਕਰੋੜ 67 ਲੱਖ ਰੁਪਏ ਖਰਚੇ ਗਏ ਹਨ।








# ਵਿਦਿਆ ਦੇ ਖੇਤਰ ਵਿਚ ਕਾਰਜ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰਦੁਆਰਾ ਸਾਹਿਬਾਨ ਦਾ ਸੁਯੋਗ ਪ੍ਰਬੰਧ ਚਲਾਉਣ ਦੇ ਨਾਲ-ਨਾਲ ਵਿਦਿਆ ਦੇ ਖੇਤਰ ਵਿਚ ਵੀ ਜ਼ਿਕਰਯੋਗ ਸੇਵਾਵਾਂ ਨਿਭਾਅ ਰਹੀ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਯੂਨੀਵਰਸਿਟੀ, ਮੈਡੀਕਲ ਕਾਲਜ, ਡੈਂਟਲ ਕਾਲਜ, ਡਿਗਰੀ ਕਾਲਜ, ਇੰਜੀਨੀਅਰਿੰਗ ਕਾਲਜ ਸਮੇਤ ਇਕ ਸੌ ਦੇ ਲਗਭਗ ਸਕੂਲ/ਕਾਲਜ ਚੱਲ ਰਹੇ ਹਨ। ਭਾਵੇਂ ਕਿ ਸਮਾਜ ਦੇ ਹਰ ਵਰਗ ਨੂੰ ਵਿਦਿਆ ਦੇਣਾ ਸਰਕਾਰ ਦੀ ਜ਼ੁੰਮੇਵਾਰੀ ਹੈ, ਪਰੰਤੂ ਸਰਕਾਰ ਆਪਣੀ ਇਸ ਜ਼ੁੰਮੇਵਾਰੀ ਨੂੰ ਨਿਭਾਉਣ ਵਿਚ ਫੇਲ੍ਹ ਸਾਬਤ ਹੋ ਰਹੀ ਹੈ। ਸਰਕਾਰ ਵੱਲੋਂ ਵਿਦਿਅਕ ਸੰਸਥਾਵਾਂ ਦੇ ਐਸ ਸੀ ਸਕਾਲਰਸ਼ਿਪ ਦਾ ਕਰੋੜਾਂ ਰੁਪਏ ਦਾ ਭੁਗਤਾਨ ਅਤੇ ਏਡਿਡ ਪੋਸਟਾਂ ਦੀ ਬਣਦੀ ਗਰਾਂਟ ਦਾ ਹਿੱਸਾ ਪਿਛਲੇ ਕਈ ਸਾਲਾਂ ਤੋਂ ਨਹੀਂ ਦਿੱਤਾ ਗਿਆ, ਜਿਸ ਕਾਰਨ ਸ਼੍ਰੋਮਣੀ ਕਮੇਟੀ ਨੂੰ ਵਿਦਿਅਕ ਅਦਾਰਿਆਂ ਸਬੰਧੀ ਕਈ ਵਿੱਤੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸ਼੍ਰੋਮਣੀ ਕਮੇਟੀ ਆਪਣਾ ਫ਼ਰਜ਼ ਸਮਝਦਿਆਂ ਵਿਦਿਆ ਦੇ ਖੇਤਰ ਵਿਚ ਆਪਣਾ ਮੋਹਰੀ ਰੋਲ ਅਦਾ ਕਰਦੇ ਹੋਏ ਵਿਦਿਅਕ ਅਦਾਰਿਆਂ ਦੀਆਂ ਵਿੱਤੀ ਲੋੜਾਂ ਵੀ ਸਮੇਂ-ਸਮੇਂ ਪ੍ਰਬੰਧ ਕਰਦੀ ਹੈ। ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰਿਆਂ ਦੇ ਮਿਆਰ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਵੱਖਰੇ ਤੌਰ 'ਤੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਸਥਾਪਤ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਵੱਲੋਂ ਆਪਣੇ ਵਿਦਿਅਕ ਅਦਾਰਿਆਂ ਦੇ ਦਾਖਲੇ ਅਤੇ ਫੀਸਾਂ ਬਾਕੀ ਸਕੂਲਾਂ ਦੇ ਮੁਕਾਬਲੇ ਘਟ ਰੱਖੀਆਂ ਗਈਆਂ ਹਨ। ਕਰੋਨਾ ਕਾਲ, ਘਟ ਫੀਸਾਂ ਅਤੇ ਸਰਕਾਰ ਵੱਲੋਂ ਐਸ ਸੀ ਸਕਾਲਰਸ਼ਿਪ ਦਾ ਭੁਗਤਾਨ ਨਾਂ ਹੋਣ ਕਰਕੇ ਪਿਛਲੇ ਸਮੇਂ ਦੌਰਾਨ ਵਿਦਿਅਕ ਸੰਸਥਾਵਾਂ ਦੇ ਸਟਾਫ ਦੀਆਂ ਤਨਖਾਹਾਂ ਦੇਣ ਵਾਲੀਆਂ ਰਹਿ ਗਈਆਂ ਸਨ।




ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਕਾਰਜਕਾਲ ਸਮੇਂ ਵਿਦਿਅਕ ਸੰਸਥਾਵਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਗਿਆ। ਸਟਾਫ ਨੂੰ ਬਕਾਇਆ ਤਨਖਾਹਾਂ ਦੀ ਅਦਾਇਗੀ ਕੀਤੀ ਗਈ ਅਤੇ ਬਣਦੀਆਂ ਤਰੱਕੀਆਂ ਵੀ ਦਿੱਤੀਆਂ ਗਈਆਂ। ਇਸ ਸਮੇਂ ਜਿਥੇ ਕਾਲਜਾਂ ਅੰਦਰ ਸਮੇਂ ਦੀਆਂ ਹਾਣੀ ਲੈਬਾਂ ਤਿਆਰ ਕੀਤੀਆਂ ਗਈਆਂ, ਉੱਥੇ ਸਕੂਲਾਂ ਅੰਦਰ ਸਮਾਰਟ ਕਲਾਸ ਰੂਮ ਵੀ ਤਿਆਰ ਕਰਵਾਏ ਗਏ। ਸ਼੍ਰੋਮਣੀ ਕਮੇਟੀ ਵੱਲੋਂ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਰਾਹੀਂ ਕੀਤੇ ਗਏ ਕਾਰਜਾਂ ਵਿੱਚ ਹੇਠ ਲਿਖੇ ਜਿਕਰਯੋਗ ਹਨ:

ਵਿਦਿਅਕ ਅਦਾਰਿਆਂ ਦੇ ਕਰਮਚਾਰੀਆਂ ਦੀਆਂ ਪਿਛਲੇ ਕਾਫ਼ੀ ਸਮੇਂ ਤੋਂ ਬਕਾਇਆ ਰਹਿੰਦੀਆਂ ਤਨਖ਼ਾਹਾਂ ਦਾ ਭੁਗਤਾਨ ਕੀਤਾ ਗਿਆ। ਕੋਰੋਨਾ ਕਾਲ ਸਮੇਂ ਬਹੁਤ ਸਾਰੀਆਂ ਸੰਸਥਾਵਾਂ ਵਿਚ ਬੱਚਿਆਂ ਦੀ ਗਿਣਤੀ ਘਟ ਗਈ ਸੀ, ਇਨ੍ਹਾਂ ਸਕੂਲਾਂ ਵਿਚ ਦਾਖ਼ਲਿਆਂ ਦੀ ਗਿਣਤੀ ਨੂੰ ਵਧਾਇਆ ਗਿਆ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਪ੍ਰਧਾਨਗੀ ਕਾਲ ਸਮੇਂ ਤਕਰੀਬਨ 20 ਹਜ਼ਾਰ ਨਵੇਂ ਵਿਦਿਆਰਥੀ ਦਾਖ਼ਲ ਹੋਏ। ਇਸਦੇ ਨਾਲ ਹੀ ਸਕੂਲਾਂ ਅਤੇ ਕਾਲਜਾਂ ਦੇ ਨਾਨ-ਟੀਚਿੰਗ ਕਰਮਚਾਰੀਆਂ ਲਈ ਯੋਜਨਾਬੰਦ ਤਰੀਕੇ ਨਾਲ ਤਨਖ਼ਾਹ ਵਿਚ ਵਾਧਾ ਅਤੇ ਪਦਉੱਨਤੀ ਲਈ ਨੀਤੀ ਬਣਾਈ ਗਈ।

ਇਸ ਸਮੇਂ ਦੌਰਾਨ ਕਾਲਜਾਂ ਵਿਚ ਵਿਦਿਆਰਥੀਆਂ ਦੀ ਰੁਚੀ ਨੂੰ ਧਿਆਨ ਵਿਚ ਰੱਖਦੇ ਹੋਏ ਕਿੱਤਾ ਮੁਖੀ ਕੋਰਸ ਸ਼ੁਰੂ ਕੀਤੇ ਗਏ, ਜਿਸ ਵਿਚ ਪੜ੍ਹਾਈ ਦੇ ਨਾਲ-ਨਾਲ ਸਰਟੀਫਿਕੇਟ ਕੋਰਸ ਕਰਵਾਏ ਜਾ ਰਹੇ ਹਨ। ਇਨ੍ਹਾਂ ਕੋਰਸਾਂ ਲਈ ਵਿਸ਼ੇਸ਼ ਤੌਰ 'ਤੇ ਸ੍ਰੀ ਗੁਰੂ ਨਾਨਕ ਦੇਵ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਅਤੇ ਗਲੋਬਲ ਇੰਸਟੀਚਿਊਟ, ਕੈਨੇਡਾ ਨਾਲ ਐਮ.ਓ.ਯੂ. ਕੀਤੇ ਗਏ। ਜਿਸ ਦਾ ਵਿਦਿਆਰਥੀ ਭਰਪੂਰ ਲਾਭ ਲੈ ਰਹੇ ਹਨ।

ਵਿਦਿਆਰਥੀਆਂ ਨੂੰ ਰੁਜ਼ਗਾਰ ਦੇ ਮੌਕੇ ਦੇਣ ਲਈ ਕਾਲਜਾਂ ਵਿਖੇ ਪਲੇਸਮੈਂਟ ਸੈਲ ਸਥਾਪਿਤ ਕੀਤੇ ਗਏ, ਜਿਸ ਰਾਹੀਂ ਰੁਜ਼ਗਾਰ ਮੇਲੇ ਲਗਾ ਕੇ ਵਿਦਿਆਰਥੀਆਂ ਨੂੰ ਮਲਟੀ ਨੈਸ਼ਨਲ ਕੰਪਨੀਆਂ ਵਿਚ ਨੌਕਰੀਆਂ ਮੁਹੱਈਆ ਕਰਵਾਉਣ ਸਬੰਧੀ ਵੱਖ-ਵੱਖ ਕੰਪਨੀਆਂ ਵੱਲੋਂ ਵਿਦਿਆਰਥੀਆਂ ਨੂੰ ਟਰੇਨਿੰਗ ਦੇ ਕੇ ਇੰਟਰਵਿਊ ਲਈ ਤਿਆਰ ਕੀਤਾ ਜਾਂਦਾ ਹੈ। ਇਸ ਸਬੰਧੀ 29 ਜੂਨ 21024 ਨੂੰ ਵੱਡੇ ਪੱਧਰ 'ਤੇ ਰੁਜ਼ਗਾਰ ਮੇਲਾ ਵੀ ਲਗਾਇਆ ਗਿਆ।

ਸਕੂਲੀ ਵਿਦਿਆਰਥੀਆਂ ਅਤੇ ਕਾਲਜ ਦੇ ਵਿਦਿਆਰਥੀਆਂ ਨੂੰ ਨੈਤਿਕ ਸਿੱਖਿਆ ਨਾਲ ਜੋੜਨ ਲਈ ਵੀ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਕਦਮ ਚੁੱਕੇ ਗਏ, ਜਿਸ ਵਿਚ ਪ੍ਰਚਾਰਕ, ਢਾਡੀ, ਕਵੀਸ਼ਰ ਅਤੇ ਕਥਾਵਾਚਕਾਂ ਦੁਆਰਾ ਸਕੂਲਾਂ ਅਤੇ ਕਾਲਜਾਂ ਵਿਚ ਜਾ ਕੇ ਬੱਚਿਆਂ ਨੂੰ ਸਿੱਖੀ ਸਿਧਾਂਤਾਂ ਨਾਲ ਜੋੜਨ ਲਈ ਵਿਸ਼ੇਸ਼ ਕੈਂਪ ਲਗਾਏ ਗਏ।

ਸਕੂਲਾਂ ਅਤੇ ਕਾਲਜਾਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਪ੍ਰਧਾਨ ਸਾਹਿਬ ਜੀ ਦੀ ਦੂਰਅੰਦੇਸ਼ੀ ਸਦਕਾ ਅਤਿ ਆਧੁਨਿਕ ਇਨਫਰਾਸਟ੍ਰੱਕਚਰ ਦਿੱਤਾ ਗਿਆ, ਜਿਸ ਤਹਿਤ ਸਮਾਰਟ ਕਲਾਸ ਰੂਮ, ਕੰਪਿਊਟਰ ਲੈਬਸ, ਭਾਸ਼ਾ ਲੈਬਸ, ਪਲੇਅ ਸਟੇਸ਼ਨ ਅਤੇ ਬੱਚਿਆਂ ਲਈ ਕਿੰਡਰ ਗਾਰਡਨ ਗੇਮਸ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਕਾਲਜਾਂ ਵਿਖੇ ਅਤਿ ਆਧੁਨਿਕ ਆਈ.ਸੀ.ਟੀ. ਲੈਬ ਸਥਾਪਿਤ ਕੀਤੀਆਂ ਗਈਆਂ ਹਨ। ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਤਲਵੰਡੀ ਸਾਬੋ (ਬਠਿੰਡਾ) ਵਿਖੇ 250 ਅੰਮ੍ਰਿਤਧਾਰੀ ਵਿਦਿਆਰਥਣਾਂ ਨੂੰ ਮੁਫ਼ਤ ਵਿੱਦਿਆ ਦੀ ਸਹੂਲਤ ਦਿੱਤੀ ਜਾ ਰਹੀ ਹੈ, ਜਿਸ ਵਿਚ ਮੁਫ਼ਤ ਵਿਦਿਆ ਦੇ ਨਾਲ-ਨਾਲ ਮੁਫ਼ਤ ਰਿਹਾਇਸ਼ ਅਤੇ ਲੰਗਰ ਦਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤਾ ਜਾ ਰਿਹਾ ਹੈ। ਉਕਤ ਸਕੀਮ ਅਧੀਨ ਅੰਮ੍ਰਿਤਧਾਰੀ ਬੱਚੀਆਂ ਮੈਰਿਟ ਦੇ ਅਧਾਰ 'ਤੇ ਕਿਸੇ ਵੀ ਕੋਰਸ ਵਿਚ ਦਾਖ਼ਲਾ ਪ੍ਰਾਪਤ ਕਰ ਸਕਦੀਆਂ ਹਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਵਿਦਿਅਕ ਅਦਾਰਿਆਂ ਦਾ ਪ੍ਰਚਾਰ ਕਰਨ ਹਿੱਤ ਆਈ.ਟੀ. ਸੈੱਲ ਸਥਾਪਿਤ ਕੀਤਾ ਗਿਆ, ਜੋ ਕਿ ਸਮੇਂ-ਸਮੇਂ ਤੋਂ ਵਿਦਿਅਕ ਅਦਾਰਿਆਂ ਵੱਲੋਂ ਕੀਤੀਆਂ ਜਾਂਦੀਆਂ ਗਤੀਵਿਧੀਆਂ ਨੂੰ ਸੋਸ਼ਲ ਮੀਡੀਆ ਰਾਹੀਂ ਦੇਸ਼ਾਂ-ਵਿਦੇਸ਼ਾਂ ਵਿਚ ਪ੍ਰਚਾਰ ਕਰਨ ਲਈ ਸਹਾਇਕ ਸਿੱਧ ਹੋਇਆ ਹੈ। ਸੰਸਥਾਗਤ ਸੁਧਾਰ ਦੇ ਤਹਿਤ ਸਾਰੇ ਸਕੂਲਾਂ ਅਤੇ ਕਾਲਜਾਂ ਦਾ ਆਡਿਟ ਕਰਵਾਉਣ ਨੂੰ ਵੀ ਲਾਜ਼ਮੀ ਕੀਤਾ।






# ਸਿੱਖ ਨੌਜਵਾਨਾਂ ਨੂੰ ਪ੍ਰਸ਼ਾਸਕੀ ਤੇ ਜੁਡੀਸ਼ੀਅਲ ਸੇਵਾਵਾਂ ਲਈ ਤਿਆਰ ਕਰਨ ਦਾ ਉੱਦਮ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਸਿੱਖ ਨੌਜੁਆਨ ਵਿਦਿਆਰਥੀਆਂ ਨੂੰ ਯੂਪੀਐੱਸਸੀ (ਆਈਏਐੱਸ, ਆਈਪੀਐੱਸ, ਆਈਐੱਫਐੱਸ ਆਦਿ) ਅਤੇ ਪੀਸੀਐੱਸ ਦੀਆਂ ਮੁਕਾਬਲਾ ਪ੍ਰੀਖਿਆਵਾਂ ਲਈ ਤਿਆਰ ਕਰਨ ਵਾਸਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਇਤਿਹਾਸਕ ਫੈਸਲਾ ਕੀਤਾ ਗਿਆ। ਸਿੱਖ ਕੌਮ ਦੀ ਚਿਰੋਕਣੀ ਮੰਗ ਨੂੰ ਵੇਖਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਅੰਤ੍ਰਿੰਗ ਕਮੇਟੀ ਨਾਲ ਵਿਚਾਰ-ਵਿਟਾਂਦਰੇ ਮਗਰੋਂ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਲਈ ਇੱਕ ਅਕੈਡਮੀ ਸਥਾਪਤ ਕਰਨ ਦੇ ਫੈਸਲੇ 'ਤੇ ਮੋਹਰ ਲਗਾਈ। ਇਹ ਅਕੈਡਮੀ ਚੰਡੀਗੜ੍ਹ ਵਿਖੇ 'ਨਿਸ਼ਚੈ ਪ੍ਰਸ਼ਾਸਕੀ ਸੇਵਾਵਾਂ ਸਿਖਲਾਈ ਕੇਂਦਰ' ਦੇ ਨਾਂ ਹੇਠ ਸ਼ੁਰੂ ਕੀਤੀ ਗਈ, ਜਿਸ ਸਬੰਧੀ 4 ਮਾਰਚ 2023 ਨੂੰ ਹੋਈ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਵਿਚ ਸਿਧਾਂਤਕ ਤੌਰ 'ਤੇ ਫੈਸਲਾ ਕੀਤਾ ਗਿਆ। ਇਸ ਫੈਸਲੇ ਤਹਿਤ ਹਰ ਸਾਲ 25 ਗੁਰਸਿੱਖ ਬੱਚਿਆਂ ਦਾ ਖਰਚਾ ਸ਼੍ਰੋਮਣੀ ਕਮੇਟੀ ਵੱਲੋਂ ਕਰਨ ਦੀ ਪ੍ਰਵਾਨਗੀ ਦਿੱਤੀ ਗਈ, ਪ੍ਰੰਤੂ ਬਾਅਦ ਵਿਚ ਇਸ ਦਾ ਹੋਰ ਵਿਸਥਾਰ ਕਰ ਦਿੱਤਾ ਗਿਆ। ਇਸ ਅਕੈਡਮੀ ਵਿਚ ਦਾਖ਼ਲਾ ਲੈਣ ਵਾਲੇ ਉਮੀਦਵਾਰਾਂ ਲਈ ਮੁਫ਼ਤ ਰਿਹਾਇਸ਼, ਖਾਣਾ, ਪੜ੍ਹਾਈ ਅਤੇ ਲੋੜੀਂਦੀਆਂ ਸੇਵਾਵਾਂ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਕਾਰਜ ਵਿਚ ਪੰਥ ਦਰਦੀਆਂ ਅਤੇ ਕਈ ਸਿੱਖ ਸੰਸਥਾਵਾਂ ਵੱਲੋਂ ਵੀ ਸ਼੍ਰੋਮਣੀ ਕਮੇਟੀ ਨੂੰ ਵਿੱਤੀ ਸਹਿਯੋਗ ਦਿੱਤਾ ਜਾ ਰਿਹਾ ਹੈ। ਇਸ ਦੇ ਦਾਖ਼ਲੇ ਵਾਸਤੇ ਨਿਰੋਲ ਮੈਰਿਟ ਨੂੰ ਮੁੱਖ ਰੱਖਿਆ ਗਿਆ ਅਤੇ ਬੱਚਿਆਂ ਦੀ ਚੋਣ ਲਿਖਤੀ ਇਮਤਿਹਾਨ, ਇੰਟਰਵਿਊ ਅਤੇ ਕਾਊਂਸਲਿੰਗ ਆਦਿ ਕਈ ਪੜਾਵਾਂ ਵਿੱਚੋਂ ਲੰਘਣ ਮਗਰੋਂ ਪਾਰਦਰਸ਼ੀ ਢੰਗ ਨਾਲ ਕੀਤੀ ਜਾਂਦੀ ਹੈ। ਮੌਜੂਦਾ ਸਮੇਂ ਨਿਸ਼ਚੈ ਪ੍ਰਸਾਸ਼ਕੀ ਸੇਵਾਵਾਂ ਸਿਖਲਾਈ ਕੇਂਦਰ ਸ੍ਰੀ ਗੁਰੂ ਕਲਗੀਧਰ ਨਿਵਾਸ ਸੈਕਟਰ 27, ਚੰਡੀਗੜ੍ਹ ਵਿਖੇ ਚੱਲ ਰਿਹਾ ਹੈ। ਇਥੇ ਵਧੀਆ ਅਕਾਦਮਿਕ ਮਾਹੌਲ ਪੈਦਾ ਕੀਤਾ ਗਿਆ ਹੈ ਅਤੇ ਕੁਸ਼ਲ

ਪ੍ਰਬੰਧਕ ਤੇ ਅਧਿਆਪਕ ਸੇਵਾਵਾਂ ਦੇ ਰਹੇ ਹਨ। ਇਸ ਕਾਰਜ ਲਈ ਪ੍ਰਬੰਧਕੀ ਢਾਂਚਾ ਡਾਇਰੈਕਟੋਰੇਟ ਆਫ ਐਜੂਕੇਸ਼ਨ ਦੀ ਨਿਗਰਾਨੀ ਹੇਠ, ਜਦਕਿ ਵਿੱਤੀ ਪ੍ਰਬੰਧ ਧਰਮ ਪ੍ਰਚਾਰ ਕਮੇਟੀ ਰਾਹੀਂ ਕੀਤਾ ਜਾ ਰਿਹਾ ਹੈ। ਖ਼ਾਸ ਤੌਰ 'ਤੇ 28 ਮਾਰਚ 2023 ਨੂੰ ਪਾਸ ਹੋਏ ਬਜਟ (ਸਾਲ 2023-24 ਲਈ) ਵਿਚ ਇਸ ਕਾਰਜ ਲਈ 1 ਕਰੋੜ ਰੁਪਏ ਦੀ ਰਾਸ਼ੀ ਰੱਖੀ ਗਈ ਹੈ। ਇਹ ਰਾਸ਼ੀ ਹਰ ਸਾਲ ਲੋੜਾਂ ਅਨੁਸਾਰ ਪ੍ਰਵਾਨ ਕੀਤੀ ਜਾਂਦੀ ਰਹੇਗੀ। ਇਸ ਬਜਟ ਇਜਲਾਸ ਦੌਰਾਨ ਪਾਸ ਕੀਤੇ ਗਏ ਮਤੇ ਵਿਚ ਇਕ ਵਿਸ਼ੇਸ਼ ਫੈਸਲਾ ਕਰਦਿਆਂ ਸੰਗਤ ਨੂੰ ਰੁਮਾਲਾ ਸਾਹਿਬ ਦੀ ਬਹੁਤਾਤ ਕਾਰਨ ਸਾਂਭ-ਸੰਭਾਲ ਵਿਚ ਆਉਂਦੀ ਮੁਸ਼ਕਲ ਨੂੰ ਵੇਖਦਿਆਂ ਇਹ ਪ੍ਰੇਰਣਾ ਕੀਤੀ ਗਈ ਕਿ ਸਿੱਖ ਨੌਜੁਆਨੀ ਨੂੰ ਵੱਡੀ ਪ੍ਰਬੰਧਕੀ ਸੀਟਾਂ 'ਤੇ ਪਹੁੰਚਾਉਣ ਲਈ ਨਿਸ਼ਚੈ ਅਕੈਡਮੀ ਦੇ ਕਾਰਜਾਂ ਵਿਚ ਸਹਿਯੋਗ ਕੀਤਾ ਜਾਵੇ।

ਇਸ ਤੋਂ ਇਲਾਵਾ 8 ਨਵੰਬਰ, 2023 ਦੇ ਜਨਰਲ ਇਜਲਾਸ ਦੌਰਾਨ ਵੀ ਨਿਸ਼ਚੈ ਅਕੈਡਮੀ ਲਈ ਵਿਸ਼ੇਸ਼ ਫੰਡ ਸਥਾਪਤ ਕਰਨ ਨੂੰ ਪ੍ਰਵਾਨਗੀ ਦਿੱਤੀ ਗਈ। ਜਨਰਲ ਇਜਲਾਸ ਨੇ ਮਤਾ ਪਾਸ ਕਰਦਿਆਂ ਕਿਹਾ ਕਿ ਇਸ ਪੰਥਕ ਕਾਰਜ ਨੂੰ ਵੱਡੇ ਪੱਧਰ 'ਤੇ ਪ੍ਰਫੁੱਲਤ ਕਰਨਾ ਬੇਹੱਦ ਲਾਜ਼ਮੀ ਹੈ। ਇਸ ਲਈ ਦੇਸ਼ ਵਿਦੇਸ਼ ਦੀ ਸੰਗਤ ਦੀ ਸ਼ਮੂਲੀਅਤ ਤੇ ਸਹਿਯੋਗ ਲਿਆ ਜਾਣਾ ਚਾਹੀਦਾ ਹੈ। ਇਸ ਦੇ ਮੱਦੇਨਜ਼ਰ ਵਿਸ਼ੇਸ਼ ਫੰਡ ਕਾਇਮ ਕਰਨ ਦਾ ਫੈਸਲਾ ਹੋਇਆ।



## ਨਿਸ਼ਚੈ ਅਕੈਡਮੀ ਦੀ ਆਰੰਭਤਾ:

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਸਿੱਖ ਨੌਜੁਆਨਾਂ ਨੂੰ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਕਰਵਾਉਣ ਲਈ ਖੋਲ੍ਹੇ ਇਸ 'ਨਿਸ਼ਚੈ ਪ੍ਰਸ਼ਾਸਕੀ ਸੇਵਾਵਾਂ ਸਿਖਲਾਈ ਕੇਂਦਰ' ਦਾ ਪਹਿਲਾ ਬੈਚ 9 ਮਈ 2023 ਨੂੰ ਆਰੰਭ ਕੀਤਾ ਗਿਆ। ਸ਼ੁਰੂਆਤ ਮੌਕੇ 11 ਵਿਦਿਆਰਥੀਆਂ ਦੀ ਚੋਣ ਕੀਤੀ ਗਈ ਸੀ, ਜਿਸ ਮਗਰੋਂ ਇਸ ਦਾ ਵਿਸਥਾਰ ਕਰਦਿਆਂ 39 ਬੱਚੇ ਹੋਰ ਭਰਤੀ ਕੀਤੇ ਗਏ। ਅਕੈਡਮੀ ਦੀ ਰਸਮੀ ਤੌਰ 'ਤੇ ਸ਼ੁਰੂਆਤ ਸ੍ਰੀ ਕਲਗੀਧਰ ਨਿਵਾਸ ਸੈਕਟਰ-27 ਵਿਖੇ 21 ਅਕਤੂਬਰ 2023 ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਕੀਤੀ ਗਈ। ਇਥੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਮੌਜੂਦਗੀ ਵਿਚ ਅਕੈਡਮੀ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਐਡਵੋਕੇਟ ਧਾਮੀ ਨੇ ਵਚਨਬੱਧਤਾ ਪ੍ਰਗਟਾਉਂਦਿਆਂ ਕਿਹਾ ਕਿ ਸਿੱਖ ਨੌਜੁਆਨੀ ਨੂੰ ਪ੍ਰਸ਼ਾਸਕੀ ਖੇਤਰ ਅੰਦਰ ਲਿਆਉਣ ਵਾਸਤੇ ਯਤਨ ਜਾਰੀ ਰੱਖੇ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜੁਆਨੀ ਦਾ ਵਿਦੇਸ਼ਾਂ 'ਚ ਜਾ ਕੇ ਪੜ੍ਹਨ ਦਾ ਰੁਝਾਨ ਬੇਹੱਦ ਚਿੰਤਾਜਨਕ ਹੈ, ਜਿਸ ਨਾਲ ਪੰਜਾਬ ਦੇ ਪ੍ਰਸ਼ਾਸਨਿਕ ਹਲਕਿਆਂ ਵਿਚ ਸਿੱਖ ਨੌਜੁਆਨਾਂ ਦਾ ਖਲਾਅ ਪੈਦਾ ਹੋ ਰਿਹਾ ਹੈ। ਇਹ ਸੋਚਣ ਦਾ ਵਿਸ਼ਾ ਹੈ, ਕਿਉਂਕਿ ਜੇਕਰ ਉੱਚ ਅਹੁਦਿਆਂ 'ਤੇ ਸਿੱਖ ਬੱਚੇ ਨਾ ਰਹੇ ਤਾਂ ਸੱਭਿਆਚਾਰਕ ਅਤੇ ਖ਼ਿੱਤੇ ਦੀ ਵਿਰਾਸਤ ਦੀ ਤਰਜ਼ਮਾਨੀ ਸਹੀ ਨਹੀਂ ਹੋ ਸਕੇਗੀ। ਉਨ੍ਹਾਂ ਨਿਸ਼ਚੈ ਅਕੈਡਮੀ ਲਈ ਸਹਿਯੋਗ ਦੇਣ ਵਾਲਿਆਂ ਦਾ ਧੰਨਵਾਦ ਕੀਤਾ ਅਤੇ ਆਸ ਪ੍ਰਗਟਾਈ ਕਿ ਇਹ ਕਾਫਲਾ ਭਵਿੱਖ ਅੰਦਰ ਵੱਡਾ ਵਿਸਥਾਰ ਲਵੇਗਾ। ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਕਈ ਵਕਾਰੀ ਅਦਾਰਿਆਂ ਰਾਹੀਂ ਮੈਡੀਕਲ, ਇੰਜੀਨੀਅਰਿੰਗ ਅਤੇ ਹੋਰ ਖੇਤਰਾਂ ਅੰਦਰ ਵੀ ਪ੍ਰਭਾਵਸ਼ਾਲੀ ਹਿੱਸਾ ਪਾਇਆ ਜਾ ਰਿਹਾ ਹੈ।








# ਨਿਸ਼ਚੈ ਅਕੈਡਮੀ ਫਾਰ ਜੁਡੀਸ਼ੀਅਲ ਸਰਵਿਸਿਜ਼ ਦੀ ਸ਼ੁਰੂਆਤ

ਸਿੱਖ ਨੌਜੁਆਨ ਕਾਨੂੰਨੀ ਸੇਵਾਵਾਂ ਵਿਚ ਉੱਚ ਮੁਕਾਮ ਹਾਸਲ ਕਰ ਸਕਣ ਇਸ ਆਸ਼ੇ ਦੀ ਪੂਰਤੀ ਲਈ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਨਿਸ਼ਚੈ ਅਕੈਡਮੀ ਫਾਰ ਜੁਡੀਸ਼ੀਅਲ ਸਰਵਿਸਿਜ਼ ਦੀ ਸ਼ੁਰੂਆਤ ਕੀਤੀ ਹੈ। ਇਸ ਅਕੈਡਮੀ ਦੀ ਆਰੰਭਤਾ 13 ਜੁਲਾਈ 2024 ਨੂੰ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ਼ ਐਡਵਾਂਸ ਸਟੱਡੀ ਇਨ ਸਿੱਖਇਜ਼ਮ ਬਹਾਦਰਗੜ੍ਹ ਪਟਿਆਲਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਕੀਤੀ ਗਈ। ਇਸ ਅਕੈਡਮੀ ਵਿਚ ਸਿੱਖ ਵਿਦਿਆਰਥੀਆਂ ਨੂੰ ਕਾਨੂੰਨੀ ਸੇਵਾਵਾਂ ਦੀਆਂ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਕਰਵਾਈ ਜਾਵੇਗੀ। ਪਹਿਲੇ ਸੈਸ਼ਨ ਵਿਚ 25 ਵਿਦਿਆਰਥੀਆਂ ਦੀ ਚੋਣ ਕੀਤੀ ਗਈ ਹੈ, ਜਿਨ੍ਹਾਂ ਦੀ ਪੜ੍ਹਾਈ ਦੇ ਨਾਲ-ਨਾਲ ਰਹਿਣ ਸਹਿਣ ਦਾ ਖ਼ਰਚਾ ਵੀ ਸ਼੍ਰੋਮਣੀ ਕਮੇਟੀ ਵੱਲੋਂ ਕੀਤਾ ਜਾਵੇਗਾ।



# ਉਚੇਰੀ ਸਿੱਖਿਆ ਦਾ ਮਿਆਰ ਉੱਚਾ ਚੁੱਕਣ ਸਬੰਧੀ ਚਿੰਤਨ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਦਿਆ ਦੇ ਪ੍ਰਸਾਰ ਲਈ ਜਿਥੇ ਵੱਡੀ ਗਿਣਤੀ ਵਿਚ ਸਕੂਲ, ਕਾਲਜ ਸਥਾਪਤ ਕੀਤੇ ਗਏ ਹਨ, ਉਥੇ ਹੀ ਸਮੇਂ-ਸਮੇਂ 'ਤੇ ਸਿੱਖਿਆ ਦੇ ਖੇਤਰ ਵਿਚ ਪ੍ਰਭਾਵਸ਼ਾਲੀ ਨਤੀਜਿਆਂ ਵਾਸਤੇ ਚਿੰਤਨ ਮੰਥਨ ਦੇ ਪ੍ਰੋਗਰਾਮ ਵੀ ਉਲੀਕੇ ਜਾਂਦੇ ਹਨ। ਅਜਿਹੀ ਹੀ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਦੀ ਦੇਖ ਰੇਖ ਹੇਠ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ 2 ਤੇ 3 ਅਕਤੂਬਰ 2023 ਨੂੰ ਇਕ ਵਿਸ਼ਾਲ ਵਿਦਿਅਕ ਕਾਨਫਰੰਸ ਦਾ ਆਯੋਜਨ ਕੀਤਾ ਗਿਆ। ਇਸ ਦਾ ਵਿਸ਼ਾ 'ਉਚੇਰੀ ਸਿੱਖਿਆ ਦੀ ਅਜੋਕੀ ਸਥਿਤੀ, ਮੌਜੂਦਾ ਸਮੱਸਿਆਵਾਂ ਅਤੇ ਸੰਭਾਵੀ ਹੱਲ' ਸੀ। ਇਹ ਕਾਨਫਰੰਸ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਗਿਆਨੀ ਦਿੱਤ ਸਿੰਘ ਆਡੋਟੋਰੀਅਮ ਵਿਚ ਹੋਈ। ਇਸ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਉੱਘੇ ਵਿਦਵਾਨਾਂ ਨੇ ਸ਼ਿਰਕਤ ਕੀਤੀ।

ਕਾਨਫਰੰਸ ਵਿਚ ਵੱਖ-ਵੱਖ ਮਾਹਿਰ ਬੁਲਾਰਿਆਂ ਨੇ ਮੌਜੂਦਾ ਸਮੇਂ ਅੰਦਰ ਸਰਕਾਰਾਂ ਵੱਲੋਂ ਸਿੱਖਿਆ ਦੇ ਖੇਤਰ ਵਿੱਚੋਂ ਹੱਥ ਪਿੱਛੇ ਖਿੱਚਣ ਨੂੰ ਘਾਤਕ ਕਰਾਰ ਦਿੰਦਿਆਂ ਸਰਕਾਰਾਂ ਵੱਲੋਂ ਬਣਾਈਆਂ ਨੀਤੀਆਂ ਦੇ ਸਰਲੀਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਸਰਕਾਰਾਂ ਵੱਲੋਂ ਸਿੱਖਿਆ ਅਦਾਰਿਆਂ ਦੀਆਂ ਗ੍ਰਾਂਟਾਂ ਘਟਾਉਣੀਆਂ ਅਤੇ ਘੱਟਗਿਣਤੀਆਂ ਦੀ



ਸਕਾਲਰਸ਼ਿਪ ਨੂੰ ਸਮੇਂ ਸਿਰ ਜਾਰੀ ਨਾ ਕਰਨਾ ਵੱਡੀ ਚਿੰਤਾ ਦਾ ਵਿਸ਼ਾ ਕਰਾਰ ਦਿੱਤਾ ਗਿਆ। ਮਹਿਸੂਸ ਕੀਤਾ ਗਿਆ ਕਿ ਧਾਰਮਿਕ ਫ਼ਲਸਫ਼ੇ 'ਤੇ ਰਹਿੰਦਿਆਂ ਆਪਣੀ ਅਜੋਕੀ ਪੀੜ੍ਹੀ ਨੂੰ ਅਜਿਹਾ ਮਾਰਗ ਦਿਖਾਉਣਾ ਹੋਵੇਗਾ, ਜਿਸ ਨਾਲ ਸਾਡੀ ਭਾਸ਼ਾ, ਸਿਧਾਂਤ ਅਤੇ ਫ਼ਲਸਫ਼ਾ ਬਚਿਆ ਰਹਿ ਸਕੇ। ਪੰਜਾਬ ਦੇ ਕਾਲਜਾਂ ਅੰਦਰ ਸਿੱਖਿਆ ਨੂੰ ਹੋਰ ਵੀ ਤਰਾਸ਼ਣ 'ਤੇ ਜ਼ੋਰ ਦਿੰਦਿਆਂ ਅਗਾਂਹਵਧੂ ਸੋਚ ਰੱਖ ਕੇ ਚੰਗੀ ਸਿੱਖਿਆ ਦੇ ਨਾਲ-ਨਾਲ ਹੁਨਰ ਦੀ ਲੋੜ ਵੀ ਮਹਿਸੂਸ ਕੀਤੀ ਗਈ। ਸਿੱਖਿਆ ਮਾਹਿਰਾਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਸ ਉਪਰਾਲੇ ਦੀ ਭਰਵੀਂ ਪ੍ਰਸ਼ੰਸਾ ਕੀਤੀ ਗਈ ਅਤੇ ਸਰਕਾਰਾਂ ਦੇ ਕੀਤੇ ਜਾਣ ਵਾਲੇ ਕਾਰਜਾਂ ਨੂੰ ਸਿੱਖ ਸੰਸਥਾ ਵੱਲੋਂ ਨਿਭਾਏ ਜਾਣ ਨੂੰ ਸ਼ੁੱਭ ਅਮਲ ਦੱਸਿਆ ਗਿਆ।






# ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰਿਆਂ ਦਾ ਖ਼ਾਲਸਈ ਖੇਡ ਉਤਸਵ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਿਥੇ ਗੁਰਦੁਆਰਾ ਸਾਹਿਬਾਨ ਦਾ ਸੁਚੱਜਾ ਪ੍ਰਬੰਧ ਦੇਖਦੀ ਹੈ, ਉਥੇ ਹੀ ਧਰਮ ਦੇ ਪ੍ਰਚਾਰ ਪ੍ਰਸਾਰ ਦੇ ਨਾਲ-ਨਾਲ ਸਿੱਖਿਆ ਦੇ ਖੇਤਰ ਵਿਚ ਵੀ ਜ਼ਿਕਰਯੋਗ ਕਾਰਜ ਕਰ ਰਹੀ ਹੈ। ਸ਼੍ਰੋਮਣੀ ਕਮੇਟੀ ਦਾ ਮੰਤਵ ਨੌਜੁਆਨੀ ਨੂੰ ਸਿੱਖਿਆ ਦੇ ਨਾਲ-ਨਾਲ ਖੇਡਾਂ ਅਤੇ ਸਿੱਖ ਵਿਰਸੇ ਨਾਲ ਜੋੜਨਾ ਵੀ ਹੈ। ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰਿਆਂ ਦਾ ਖੇਡ ਉਤਸਵ ਵਿਸ਼ੇਸ਼ ਮਹੱਤਵ ਰੱਖਦਾ ਹੈ। 2022 ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿਚ ਖਾਲਸਈ ਖੇਡ ਉਤਸਵ ਸ੍ਰੀ ਅਨੰਦਪੁਰ ਸਾਹਿਬ ਦੇ ਭਾਈ ਨੰਦ ਲਾਲ ਜੀ ਪਬਲਿਕ ਸਕੂਲ ਵਿਖੇ ਕਰਵਾਇਆ ਗਿਆ। ਇਹ ਸ਼ਹੀਦੀ ਸਾਕਾ ਸ੍ਰੀ ਪੰਜਾ ਸਾਹਿਬ ਦੀ 100 ਸਾਲਾ ਸ਼ਤਾਬਦੀ ਨੂੰ ਸਮਰਪਿਤ ਕੀਤਾ ਗਿਆ। ਇਸ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠ ਚੱਲਦੇ 52 ਸਕੂਲਾਂ ਦੇ 3700 ਬੱਚਿਆਂ ਨੇ ਭਾਗ ਲਿਆ। ਆਰੰਭਤਾ ਸਮੇਂ ਸ਼੍ਰੋਮਣੀ ਕਮੇਟੀ ਦੇ ਵੱਖ ਵੱਖ ਸਕੂਲਾਂ ਦੇ ਖਿਡਾਰੀਆਂ ਨੇ ਆਪੋ ਆਪਣੇ ਸਕੂਲ ਦੇ ਫਲੈਗ ਹੇਠ ਮਾਰਚ ਪਾਸਟ ਕੀਤਾ, ਜਿਸ ਵਿਚ ਭਾਈ ਨੰਦ ਲਾਲ ਪਬਲਿਕ ਸਕੂਲ ਅਤੇ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਐਨਸੀਸੀ ਵਿੰਗ ਨੇ ਵੀ ਹਿੱਸਾ ਲਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਉਚੇਚੇ ਤੌਰ 'ਤੇ ਪੁੱਜੇ ਅਤੇ ਉਨ੍ਹਾਂ ਨੇ ਖਿਡਾਰੀਆਂ ਦੀ ਹੌਂਸਲਾ ਅਫ਼ਜਾਈ ਕੀਤੀ। ਤਿੰਨ ਦਿਨ ਚੱਲੇ ਇਸ ਖ਼ਾਲਸਈ ਖੇਡ ਉਤਸਵ ਵਿੱਚ ਹਾਕੀ, ਫੁਟਬਾਲ, ਬੈਡਮਿੰਟਨ, ਕਬੱਡੀ (ਨੈਸ਼ਨਲ ਸਟਾਈਲ), ਵਾਲੀਬਾਲ, ਖੋ-ਖੋ, ਚੈੱਸ, ਰੱਸਾਕਸ਼ੀ, ਗੱਤਕਾ, ਹੈਂਡਬਾਲ, ਬਾਸਕਟਬਾਲ ਅਤੇ ਅਥਲੈਟਿਕਸ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ ਦੇ ਠਹਿਰਨ ਦਾ ਉਚਿਤ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੀਆਂ ਸਰਾਵਾਂ ਵਿੱਚ ਕੀਤਾ ਗਿਆ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ ਖਾਸਲਈ ਖੇਡ ਉਤਸਵ 2022 ਸਬੰਧੀ ਤਿਆਰ ਕੀਤਾ ਵਿਸ਼ੇਸ਼ ਸੋਵੀਨਰ ਵੀ ਜਾਰੀ ਕੀਤਾ।





## ਸਿੱਖ ਨੌਜੁਆਨੀ ਆਪਣੇ ਸੱਭਿਆਚਾਰ ਨਾਲ ਜੋੜਨ ਦਾ ਉਪਰਾਲਾ

# ਗਿਆਨ ਪਰਚੰਡ ਪ੍ਰਸ਼ਨੋਤਰੀ ਮੁਕਾਬਲਾ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਿਥੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦਾ ਮਰਯਾਦਾ ਅਨੁਸਾਰ ਪ੍ਰਬੰਧ ਦੇਖਦੀ ਹੈ, ਉਥੇ ਧਰਮ ਦੇ ਪ੍ਰਚਾਰ ਪ੍ਰਸਾਰ ਦੇ ਨਾਲ-ਨਾਲ ਵਿਦਿਅਕ ਅਦਾਰਿਆਂ ਰਾਹੀਂ ਵਿਦਿਆਰਥੀਆਂ ਲਈ ਚੰਗੀ ਸਿੱਖਿਆ ਦਾ ਵੀ ਪ੍ਰਬੰਧ ਕੀਤਾ ਜਾ ਰਿਹਾ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਪ੍ਰਧਾਨਗੀ ਕਾਰਜਕਾਲ ਸਮੇਂ ਵਿਦਿਆਰਥੀਆਂ ਨੂੰ ਧਰਮ ਇਤਿਹਾਸ ਅਤੇ ਵਿਰਸੇ ਨਾਲ ਜੋੜਨ ਲਈ ਸ਼੍ਰੋਮਣੀ ਕਮੇਟੀ ਦੀ ਡਾਇਰੈਕਟੋਰੈਟ ਆਫ਼ ਐਜੂਕੇਸ਼ਨ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ। ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਵਿਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਦੇ ਧਾਰਮਿਕ ਮੁਕਾਬਲੇ ਕਰਵਾ ਕੇ ਆਪਣੀ ਵਿਰਾਸਤ ਦੀ ਜਾਣਕਾਰੀ ਲਈ ਰੁਚੀ ਪ੍ਰਗਟ ਕਰਨ ਦੇ ਯਤਨ ਕੀਤੇ ਜਾ ਰਹੇ ਹਨ। ਡਾਇਰੈਕਟੋਰੈਟ ਆਫ਼ ਐਜੂਕੇਸ਼ਨ ਵੱਲੋਂ ਸ਼ਹੀਦਾਂ ਦੀ ਧਰਤੀ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ 'ਗਿਆਨ ਪਰਚੰਡ ਪ੍ਰਸ਼ਨੋਤਰੀ ਮੁਕਾਬਲੇ' ਕਰਵਾਏ ਗਏ ਜਿਸ ਵਿੱਚ ਜੇਤੂ ਰਹੇ ਬੱਚਿਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।








ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਵਿਦਿਅਕ ਅਦਾਰਿਆਂ ਵਿਚ ਹੋਏ ਵੱਖ-ਵੱਖ ਸਮਾਗਮਾਂ 'ਚ ਸ਼ਮੂਲੀਅਤ ਦੇ ਦ੍ਰਿਸ਼





# 'ਕਾਲਾਪਾਣੀ: ਆਜ਼ਾਦੀ ਸੰਗਰਾਮ ਵਿੱਚ ਪੰਜਾਬੀਆਂ ਦਾ ਯੋਗਦਾਨ' ਪੁਸਤਕ ਜਾਰੀ




ਦੇਸ਼ ਦੀ ਅਜ਼ਾਦੀ ਲਈ ਲੜੇ ਸੰਘਰਸ਼ ਵਿਚ ਪੰਜਾਬੀਆਂ ਖਾਸ ਕਰਕੇ ਸਿੱਖਾਂ ਵੱਲੋਂ ਪਾਏ ਯੋਗਦਾਨ ਤੋਂ ਆਮ ਲੋਕਾਂ ਨੂੰ ਜਾਣੂ ਕਰਵਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 'ਕਾਲਾਪਾਣੀ: ਆਜ਼ਾਦੀ ਸੰਗਰਾਮ ਵਿਚ ਪੰਜਾਬੀਆਂ ਦਾ ਯੋਗਦਾਨ' ਪੁਸਤਕ 10 ਜੂਨ 2023 ਨੂੰ ਚੰਡੀਗੜ੍ਹ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਵਿਖੇ ਇਕ ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਲੋਕ ਅਰਪਣ ਕੀਤੀ ਗਈ। ਸ਼੍ਰੋਮਣੀ ਕਮੇਟੀ ਵੱਲੋਂ ਪ੍ਰਕਾਸ਼ਿਤ ਇਸ ਪੁਸਤਕ ਨੂੰ ਪੱਤਰਕਾਰ ਤੇ ਇਤਿਹਾਸਕਾਰ ਸ. ਜਗਤਾਰ ਸਿੰਘ ਅਤੇ ਖੋਜਕਾਰ ਸ. ਗੁਰਦਰਸ਼ਨ ਸਿੰਘ ਬਾਹੀਆ ਨੇ ਲਿਖਿਆ ਹੈ।

ਇਹ ਪੁਸਤਕ ਆਜ਼ਾਦੀ ਸੰਗਰਾਮ ਦੇ ਪ੍ਰਚਲਿਤ ਬਿਰਤਾਂਤ ਦੀ ਥਾਂ ਸ਼ੁੱਧ ਅਤੇ ਸਹੀ ਜਾਣਕਾਰੀ ਨੂੰ ਪ੍ਰਸਤੁਤ ਕਰਦੀ ਹੈ। ਅਜ਼ਾਦੀ ਸੰਗਰਾਮ ਦੌਰਾਨ ਅੰਡੇਮਾਨ ਵਿੱਚ ਬੰਦ ਪੰਜਾਬੀਆਂ ਨੇ ਭਾਰੀ ਤਸ਼ੱਦਦ ਝੱਲਿਆ, ਜਿਸ ਨੂੰ ਹੁਣ ਤੱਕ ਅਣਗੌਲਿਆ ਗਿਆ ਹੈ। ਸਮੇਂ ਦੀਆਂ ਹਕੂਮਤਾਂ ਸਿੱਖਾਂ ਤੇ ਪੰਜਾਬੀਆਂ ਦੇ ਮੁਲਵਾਨ ਇਤਿਹਾਸ ਨੂੰ ਵਿਗਾੜਨ ਅਤੇ ਰਲਗੱਡ ਕਰਨ ਦੇ ਯਤਨ ਵਿਚ ਹਨ। ਸੈਲੂਲਰ ਜੇਲ੍ਹ ਦੀ ਸੂਚੀ ਵਿਚੋਂ ਸਿੱਖਾਂ ਦੇ ਨਾਵਾਂ ਨੂੰ ਅਣਗੌਲਾ ਕਰਨਾ ਵੀ ਇਕ ਕੋਝੀ ਸਾਜ਼ਿਸ਼ ਹੈ। ਇਹ ਪੁਸਤਕ ਸਿੱਖਾਂ ਦੇ ਅਜ਼ਾਦੀ 'ਚ ਪਾਏ ਯੋਗਦਾਨ ਤੋਂ ਆਮ ਲੋਕਾਂ ਨੂੰ ਜਾਣੂ ਕਰਵਾਉਣ ਦਾ ਜਰੀਆ ਬਣੇਗੀ।

ਪੁਸਤਕ ਲੋਕਅਰਪਣ ਕਰਨ ਤੋਂ ਪਹਿਲਾਂ ਇਕ ਸੈਮੀਨਾਰ ਕਰਵਾਇਆ ਗਿਆ, ਜਿਸ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੀਨੀਅਰ ਅਕਾਲੀ ਆਗੂ ਪ੍ਰੋ: ਪ੍ਰੇਮ ਸਿੰਘ ਚੰਦੂਮਾਜਰਾ, ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ, ਜੂਨੀਅਰ ਮੀਤ ਪ੍ਰਧਾਨ ਸ. ਅਵਤਾਰ ਸਿੰਘ ਰਿਆ, ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ, ਡਾ. ਪਰਮਵੀਰ ਸਿੰਘ, ਡਾ. ਮਦਨਜੀਤ ਕੌਰ ਸਹੋਤਾ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਪੁਸਤਕ ਦੇ ਲੇਖਕਾਂ ਅਤੇ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ।



# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਕੀਰਤਨ ਪ੍ਰਸਾਰਣ ਲਈ ਵੈੱਬ ਚੈਨਲ ਸਥਾਪਤ ਕਰਨਾ




ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਕ ਇਤਿਹਾਸਕ ਫੈਸਲਾ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗੁਰਬਾਣੀ ਕੀਰਤਨ ਪ੍ਰਸਾਰਣ ਲਈ 24 ਜੁਲਾਈ 2023 ਤੋਂ ਆਪਣਾ ਵੈੱਬ ਚੈਨਲ ਸ਼ੁਰੂ ਕੀਤਾ ਗਿਆ। ਇਸ ਤੋਂ ਪਹਿਲਾਂ ਵੱਖ-ਵੱਖ ਚੈਨਲਾਂ ਰਾਹੀਂ ਬੀਤੇ ਕਈ ਸਾਲਾਂ ਤੋਂ ਗੁਰਬਾਣੀ ਪ੍ਰਸਾਰਣ ਸੰਗਤ ਤੱਕ ਪੁੱਜਦਾ ਰਿਹਾ ਹੈ। ਦੇਸ਼ ਦੁਨੀਆਂ ਦੀ ਸੰਗਤ ਦੀ ਮੰਗ ਦੇ ਅਧਾਰ 'ਤੇ ਗੁਰਬਾਣੀ ਪ੍ਰਸਾਰਣ ਸ਼ੁਰੂ ਕੀਤਾ ਗਿਆ ਸੀ, ਜਿਸ ਨੂੰ ਮੌਜੂਦਾ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੋਏ ਆਦੇਸ਼ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅਮਲੀ ਰੂਪ ਦਿੰਦਿਆਂ ਇੰਟਰਨੈੱਟ ਮਾਧਿਅਮ ਦੁਆਰਾ ਯੂਟਿਊਬ ਅਤੇ ਫੇਸਬੁੱਕ ਚੈਨਲ ਸਥਾਪਤ ਕਰਕੇ ਖ਼ੁਦ ਇਹ ਸੇਵਾ ਸ਼ੁਰੂ ਕੀਤੀ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਸਬੰਧ ਵਿਚ ਸਬ-ਕਮੇਟੀ ਗਠਤ ਕਰਕੇ ਗੰਭੀਰ ਵਿਚਾਰ-ਵਟਾਂਦਰੇ ਮਗਰੋਂ ਸਾਰੇ ਪੱਖਾਂ ਨੂੰ ਧਿਆਨ ਵਿਚ ਰੱਖਦਿਆਂ ਇਸ ਕਾਰਜ ਨੂੰ ਅਮਲੀ ਰੂਪ ਦਿੱਤਾ। ਇਸ ਨਾਲ ਹੁਣ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਪ੍ਰਸਾਰਣ ਦੇ ਸਾਰੇ ਹੱਕ-ਹਕੂਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਾਸ ਰਾਖਵੇਂ ਹਨ। ਭਾਵੇਂ ਸ਼੍ਰੋਮਣੀ ਕਮੇਟੀ ਵੱਲੋਂ ਆਪਣਾ ਸੈਟੇਲਾਈਟ ਚੈਨਲ ਸਥਾਪਤ ਕਰਨ ਦੀ ਵੀ ਕਾਰਵਾਈ ਚੱਲ ਰਹੀ ਹੈ, ਪਰੰਤੂ ਤਕਨੀਕੀ ਪਹਿਲੂਆਂ ਦੇ ਨਾਲ-ਨਾਲ ਸਰਕਾਰਾਂ ਦੇ ਨਿਯਮ ਅਤੇ ਸ਼ਰਤਾਂ ਕਾਰਨ ਫਿਲਹਾਲ ਇਹ ਸੇਵਾ ਪਹਿਲਾਂ ਦੀ ਤਰ੍ਹਾਂ ਪੀਟੀਸੀ ਨੂੰ ਹੀ ਜਾਰੀ ਰੱਖੀ ਗਈ ਹੈ। ਸ਼੍ਰੋਮਣੀ ਕਮੇਟੀ ਦੇ ਵੈੱਬ ਚੈਨਲ ਲਈ ਵੀ ਪੀਟੀਸੀ ਵੱਲੋਂ ਹੀ ਤਕਨੀਕੀ ਸਹਿਯੋਗ ਦਿੱਤੇ ਜਾਣ ਦੀ ਪੇਸ਼ਕਸ਼ ਨੂੰ ਪ੍ਰਵਾਨ ਕਰਕੇ ਦੇਸ਼ ਦੁਨੀਆਂ ਵਿਚ ਗੁਰਬਾਣੀ ਕੀਰਤਨ ਪ੍ਰਸਾਰਣ ਦੀਆਂ ਸੇਵਾਵਾਂ ਨਿਰੰਤਰ ਜਾਰੀ ਹਨ।

ਇਸ ਦੇ ਨਾਲ ਹੀ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਸ੍ਰੀ ਅੰਮ੍ਰਿਤਸਰ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ, ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਆਦਿ ਅਸਥਾਨਾਂ ਤੋਂ ਵੀ ਆਪਣੇ ਤੌਰ 'ਤੇ ਗੁਰਬਾਣੀ ਪ੍ਰਸਾਰਣ ਦੀ ਸੇਵਾ ਸ਼ੁਰੂ ਕਰਨ ਦਾ ਫੈਸਲਾ ਕੀਤਾ ਗਿਆ ਹੈ।

# ਅੰਤਰਰਾਸ਼ਟਰੀ ਸਿੱਖ ਸਲਾਹਕਾਰ ਬੋਰਡ ਦਾ ਗਠਨ



ਸਿੱਖ ਕੌਮ ਦੇ ਅੰਤਰਰਾਸ਼ਟਰੀ ਸਰੋਕਾਰਾਂ ਨੂੰ ਸਮਝਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿਚ 11 ਅਕਤੂਬਰ 2022 ਨੂੰ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਲਏ ਗਏ ਫੈਸਲੇ ਦੇ ਅਧਾਰ 'ਤੇ 'ਅੰਤਰਰਾਸ਼ਟਰੀ ਸਿੱਖ ਸਲਾਹਕਾਰ ਬੋਰਡ' ਦਾ ਗਠਨ ਕੀਤਾ ਗਿਆ। ਇਸ ਬੋਰਡ ਨੂੰ ਕਾਇਮ ਕਰਨ ਦਾ ਮੰਤਵ ਵੱਖ-ਵੱਖ ਦੇਸ਼ਾਂ ਅੰਦਰ ਵੱਸਦੇ ਸਿੱਖਾਂ ਦੇ ਮਸਲਿਆਂ ਨੂੰ ਸੰਬੋਧਤ ਹੋਣਾ ਅਤੇ ਉਨ੍ਹਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਯਤਨ ਕਰਨਾ ਹੈ। ਇਸ ਦੇ ਨਾਲ ਹੀ ਸਲਾਹਕਾਰ ਬੋਰਡ ਦਾ ਕਾਰਜ ਵਿਦੇਸ਼ਾਂ ਅੰਦਰ ਸਥਾਨਕ ਗੁਰਦੁਆਰਾ ਕਮੇਟੀਆਂ ਨਾਲ ਤਾਲਮੇਲ ਬਣਾ ਕੇ ਸ਼੍ਰੋਮਣੀ ਕਮੇਟੀ ਦੀ ਪ੍ਰਤੀਨਿਧਤਾ ਕਰਨ ਦੀ ਭੂਮਿਕਾ ਨਿਭਾਉਣਾ ਵੀ ਹੈ। ਭਾਵੇਂ ਇਸ ਤੋਂ ਪਹਿਲਾਂ ਵੀ ਸ਼੍ਰੋਮਣੀ ਕਮੇਟੀ ਵੱਲੋਂ ਵਿਦੇਸ਼ਾਂ ਅੰਦਰ ਸਿੱਖਾਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਵੀ ਯਤਨ ਕੀਤੇ ਜਾਂਦੇ ਹਨ, ਪਰੰਤੂ ਇਸ ਬੋਰਡ ਰਾਹੀਂ ਹੁਣ ਹੋਰ ਪੁਖਤਗੀ ਨਾਲ ਵਿਦੇਸ਼ੀ ਸਿੱਖਾਂ ਦੇ ਮਸਲੇ ਹੱਲ ਕਰਨ ਦਾ ਯਤਨ ਹੋਵੇਗਾ।

ਅੰਤਰਰਾਸ਼ਟਰੀ ਸਿੱਖ ਸਲਾਹਕਾਰ ਬੋਰਡ ਦੀ ਸਥਾਪਨਾ ਮਗਰੋਂ ਇਸ ਦੇ ਮੈਂਬਰਾਂ ਨਾਲ ਲਗਾਤਾਰ ਤਾਲਮੇਲ ਕਰਕੇ ਪੰਥਕ ਮਾਮਲਿਆਂ ਬਾਰੇ ਚਰਚਾ ਕਰਨ ਦੇ ਨਾਲ-ਨਾਲ ਸਮੂਹਕ ਰੂਪ ਵਿਚ ਇਸ ਦੀ ਪਲੇਠੀ ਇਕੱਤਰਤਾ ਡਿਜੀਟਲ ਮਾਧਿਅਮ ਦੁਆਰਾ 25 ਸਤੰਬਰ 2023 ਨੂੰ ਕੀਤੀ ਗਈ। ਇਕੱਤਰਤਾ ਦੌਰਾਨ ਸਿੱਖ ਧਰਮ ਦੇ ਵਿਸ਼ਵੀ ਸਰੋਕਾਰਾਂ ਨੂੰ ਉਭਾਰਿਆ ਗਿਆ ਅਤੇ ਵੱਖ-ਵੱਖ ਦੇਸ਼ਾਂ ਵਿਚ ਸਿੱਖਾਂ ਦੀ ਸਮੱਸਿਆਵਾਂ ਬਾਰੇ ਵਿਚਾਰ-ਚਰਚਾ ਹੋਈ।

ਬੁਲਾਰਿਆਂ ਨੇ ਸਮੁੱਚੇ ਵਿਸ਼ਵ ਦੇ ਸਿੱਖਾਂ ਨੂੰ ਸੰਗਠਤ ਕਰਨ ਲਈ ਵਿਸ਼ੇਸ਼ ਯਤਨਾਂ ਦੀ ਲੋੜ 'ਤੇ ਜ਼ੋਰ ਦਿੱਤਾ। ਇਕੱਤਰਤਾ ਦੌਰਾਨ ਇਹ ਵਿਚਾਰ ਉੱਭਰਿਆ ਕਿ ਦੁਨੀਆਂ ਅੰਦਰ ਸਥਿਤ ਹਰ ਗੁਰਦੁਆਰਾ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਜੁੜਿਆ ਹੋਵੇ ਅਤੇ ਅੱਜ ਦੇ ਵਿਸ਼ਵੀ ਪ੍ਰਸੰਗ ਵਿਚ ਸਿੱਖਾਂ ਦੀ ਲੋੜਾਂ, ਸਮੱਸਿਆਵਾਂ ਅਤੇ ਕਾਰਜਾਂ ਲਈ ਇਕ ਏਜੰਡਾ ਤਿਆਰ ਕੀਤਾ ਜਾਵੇ। ਕਈ ਹੋਰ ਅਹਿਮ ਸੁਝਾਅ ਆਏ, ਜਿਨ੍ਹਾਂ ਨੂੰ ਰਿਕਾਰਡ 'ਤੇ ਲਿਆ ਗਿਆ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਾਰੇ ਬੁਲਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮੁੱਲਵਾਨ ਸੁਝਾਅ ਲਾਗੂ ਕਰਨ ਲਈ ਸੰਸਥਾ ਵੱਲੋਂ ਢੁੱਕਵੇਂ ਕਾਰਜ ਕੀਤੇ ਜਾਣਗੇ।

# ਹੜ੍ਹਾਂ ਦੌਰਾਨ ਮਾਨਵ ਭਲਾਈ ਲਈ ਸੇਵਾਵਾਂ



ਮੁਸ਼ਕਲ ਸਮੇਂ ਮਾਨਵਤਾ ਨਾਲ ਖੜ੍ਹਨਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰੰਪਰਾ ਰਹੀ ਹੈ। ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚੱਲਦਿਆਂ ਸਿੱਖ ਸੰਸਥਾ ਹਰ ਕੁਦਰਤੀ ਆਫ਼ਤ ਸਮੇਂ ਲੋਕਾਈ ਲਈ ਮੱਦਦਗਾਰ ਬਣਦੀ ਹੈ। ਮੌਜੂਦਾ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿਚ ਵੀ ਸ਼੍ਰੋਮਣੀ ਕਮੇਟੀ ਵੱਲੋਂ ਕੁਦਰਤੀ ਆਫ਼ਤਾਂ ਸਮੇਂ ਮਨੁੱਖਤਾ ਦੀ ਮੱਦਦ ਵਾਸਤੇ ਕਾਰਜਾਂ ਦੀ ਨਿਰੰਤਰਤਾ ਬਣੀ ਰਹੀ। ਤਾਜ਼ਾ ਸੇਵਾਵਾਂ ਵਿਚ ਸਾਲ 2023 'ਚ ਭਾਰੀ ਮੀਂਹ ਕਾਰਨ ਪੰਜਾਬ ਅੰਦਰ ਹੜ੍ਹ ਦੀ ਸਥਿਤੀ ਨੂੰ ਵੇਖਦਿਆਂ ਸਿੱਖ ਕੌਮ ਦੀ ਪ੍ਰਤੀਨਿਧ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹੜ੍ਹ ਪੀੜਤਾਂ ਦੀ ਮੱਦਦ ਲਈ ਮੋਹਰੀ ਰਹੀ। ਸ਼੍ਰੋਮਣੀ ਕਮੇਟੀ ਵੱਲੋਂ ਹੜ੍ਹ ਪੀੜਤਾਂ ਲਈ ਰਿਹਾਇਸ਼, ਲੰਗਰ ਅਤੇ ਹੋਰ ਲੋੜੀਂਦੀਆਂ ਵਸਤਾਂ ਮੁਹੱਈਆ ਕਰਵਾਉਣ ਲਈ ਪ੍ਰਬੰਧ ਕੀਤੇ ਗਏ। ਵੱਖ-ਵੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਵਿਖੇ ਸਰਾਵਾਂ ਅੰਦਰ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਮੁਫ਼ਤ ਕਮਰੇ ਮੁਹੱਈਆ ਕਰਵਾਉਣ ਦੇ ਨਾਲ-ਨਾਲ ਲੰਗਰ ਅਤੇ ਹੋਰ ਵਸਤਾਂ ਦੀ ਵਿਵਸਥਾ ਕੀਤੀ ਗਈ। ਵੱਖ-ਵੱਖ ਜ਼ਿਲ੍ਹਿਆਂ ਵਿਚ 25 ਤੋਂ ਵੱਧ ਗੁਰਦੁਆਰਾ ਸਾਹਿਬਾਨ ਅੰਦਰ ਕੇਂਦਰ ਸਥਾਪਤ ਕਰਕੇ ਇਹ ਸੇਵਾਵਾਂ ਜਾਰੀ ਰੱਖੀਆਂ ਗਈਆਂ।

ਸ਼੍ਰੋਮਣੀ ਕਮੇਟੀ ਨੇ ਹੜ੍ਹ ਤੋਂ ਪ੍ਰਭਾਵਿਤ ਲੋਕਾਂ ਲਈ ਜਿਥੇ ਰਿਹਾਇਸ਼ ਅਤੇ ਲੰਗਰ ਆਦਿ ਦੇ ਪ੍ਰਬੰਧ ਕੀਤੇ, ਉਥੇ ਹੀ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਵੱਲ੍ਹਾ (ਅੰਮ੍ਰਿਤਸਰ) ਤੋਂ ਮੈਡੀਕਲ ਸੇਵਾਵਾਂ ਲਈ ਵੱਖ-ਵੱਖ ਇਲਾਕਿਆਂ ਵਿਚ ਟੀਮਾਂ ਭੇਜੀਆਂ ਅਤੇ ਐਬੂਲੈਂਸਾਂ ਦਾ ਪ੍ਰਬੰਧ ਕੀਤਾ। ਸਿਹਤ ਸਹੂਲਤਾਂ ਦੀ ਵੱਡੀ ਲੋੜ ਨੂੰ ਸਮਝਦਿਆਂ ਮੈਡੀਕਲ ਅਮਲੇ ਦੇ ਨਾਲ-ਨਾਲ ਮੁਫ਼ਤ ਦਵਾਈਆਂ ਦਾ ਪ੍ਰਬੰਧ ਕੀਤਾ ਗਿਆ। ਹੜ੍ਹਾਂ ਕਰਕੇ ਬਹੁਤ ਸਾਰੀਆਂ ਰੇਲ ਗੱਡੀਆਂ ਰੱਦ ਹੋਣ ਕਾਰਨ ਰੇਲਵੇ ਸਟੇਸ਼ਨਾਂ 'ਤੇ ਫਸੇ ਯਾਤਰੀਆਂ ਲਈ ਅੰਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲੰਗਰ ਦਾ ਪ੍ਰਬੰਧ ਕੀਤਾ ਗਿਆ।

ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਦੀ ਮੱਦਦ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਰਾਹਤ ਸੇਵਾਵਾਂ ਦੇ ਨਾਲ ਪ੍ਰਭਾਵਿਤ ਖੇਤਰਾਂ ਵਿੱਚ ਪਸ਼ੂਆਂ ਲਈ ਚਾਰੇ ਦੀ ਲੋੜ ਨੂੰ ਦੇਖਦਿਆਂ ਇਸ ਦੇ ਵੀ ਪ੍ਰਬੰਧ ਕੀਤੇ ਗਏ। ਪਸ਼ੂਆਂ ਲਈ ਜਿਥੇ ਵੱਖ-ਵੱਖ ਥਾਵਾਂ ਤੋਂ ਹਰਾ ਚਾਰਾ ਭੇਜਿਆ ਗਿਆ, ਉਥੇ ਚਾਰੇ ਲਈ ਅਚਾਰ ਦਾ ਵੀ ਪ੍ਰਬੰਧ ਕੀਤਾ ਗਿਆ।













ਪੰਜਾਬ ਵਿੱਚ ਹੜ੍ਹਾਂ ਕਾਰਨ ਕਿਸਾਨਾਂ ਦੀਆਂ ਫਸਲਾਂ ਦਾ ਵੱਡਾ ਨੁਕਸਾਨ ਹੋਇਆ, ਜਿਸ ਨੂੰ ਵੇਖਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੀ ਜ਼ਮੀਨ ਵਿਚ ਝੋਨੇ ਦੀ ਪਨੀਰੀ ਬੀਜੀ ਗਈ। ਇਸ ਤਹਿਤ ਗੁਰਦੁਆਰਾ ਬਾਬਾ ਗਾਂਧਾ ਸਿੰਘ ਜੀ ਬਰਨਾਲਾ ਵਿਖੇ 10 ਏਕੜ, ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਹੇਰਾਂ ਲੁਧਿਆਣਾ ਵਿਖੇ 12 ਏਕੜ, ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ ਸੰਗਰੂਰ ਵਿਖੇ 15 ਏਕੜ, ਗੁਰਦੁਆਰਾ ਸ੍ਰੀ ਮੰਜੀ ਸਾਹਿਬ ਕੋਟਾਂ ਵਿਖੇ 5 ਏਕੜ, ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਜਲਾਲਬਾਦ ਫਾਰਮ ਵਿਖੇ 8 ਏਕੜ ਅਤੇ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਰੱਤੋਕੇ ਵਿਖੇ 3 ਏਕੜ ਝੋਨੇ ਦੀ ਪਨੀਰੀ ਬੀਜਣ ਦਾ ਪ੍ਰਬੰਧ ਕੀਤਾ। ਪਛੇਤੀਆਂ ਕਿਸਮਾਂ ਦੀ ਬੀਜੀ ਇਹ ਪਨੀਰੀ ਪੀੜਤ ਕਿਸਾਨਾਂ ਨੂੰ ਦੁਬਾਰਾ ਝੋਨਾ ਲਗਾਉਣ ਲਈ ਸਹਾਈ ਹੋਈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਹੜ੍ਹ ਪੀੜਤਾਂ ਦੀ ਮੱਦਦ ਲਈ ਕੀਤੇ ਗਏ ਕਾਰਜਾਂ ਦੀ ਨਿਗਰਾਨੀ ਖ਼ੁਦ ਕਰਦੇ ਰਹੇ ਅਤੇ ਸਮੇਂ-ਸਮੇਂ 'ਤੇ ਦਿਸ਼ਾ ਨਿਰਦੇਸ਼ ਦੇਣ ਦੇ ਨਾਲ-ਨਾਲ ਖ਼ੁਦ ਪ੍ਰਭਾਵਿਤ ਇਲਾਕਿਆਂ ਵਿਚ ਜਾ ਕੇ ਲੋਕਾਂ ਨੂੰ ਮਿਲਦੇ ਰਹੇ।

ਹੜ੍ਹ ਪੀੜਤਾਂ ਦੀ ਮੱਦਦ ਲਈ ਵੱਖ-ਵੱਖ ਸੰਗਤਾਂ ਵੱਲੋਂ ਸ਼੍ਰੋਮਣੀ ਕਮੇਟੀ ਦਾ ਸਹਿਯੋਗ ਕੀਤਾ ਗਿਆ, ਉਥੇ ਹੀ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਨੇ ਇਕ-ਇਕ ਦਿਨ ਦੀ ਤਨਖ਼ਾਹ ਰਾਹਤ ਫੰਡ ਲਈ ਦਿੱਤੀ। ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਵੱਲੋਂ ਵੀ ਉਚੇਚੇ ਤੌਰ 'ਤੇ ਵਿੱਤੀ ਸਹਿਯੋਗ ਦਿੱਤਾ ਗਿਆ। ਸ਼੍ਰੋਮਣੀ ਕਮੇਟੀ ਦੇ ਸਾਬਕਾ ਮੁਲਾਜ਼ਮਾਂ ਦੀ ਐਸੋਸੀਏਸ਼ਨ ਨੇ ਵੀ ਮਾਇਆ ਇਕੱਤਰ ਕਰਕੇ ਹੜ੍ਹ ਪੀੜਤਾਂ ਦੀ ਮੱਦਦ ਲਈ ਸਹਿਯੋਗ ਕੀਤਾ। ਮੁੰਬਈ ਦੀਆਂ ਸੰਗਤਾਂ ਵੱਲੋਂ ਵੀ ਹੜ੍ਹ ਪੀੜਤਾਂ ਲਈ ਸਮੱਗਰੀ ਭੇਜੀ ਗਈ।

## ਹੜ੍ਹਾਂ ਕਾਰਨ ਹਿਮਾਚਲ ਪ੍ਰਦੇਸ਼ 'ਚ ਫਸੇ ਲੋਕਾਂ ਦੀ ਮੱਦਦ



**ਸ਼੍ਰੋਮਣੀ ਕਮੇਟੀ ਵੱਲੋਂ ਪੰਜਾਬ ਦੇ ਨਾਲ-ਨਾਲ ਹਿਮਾਚਲ ਪ੍ਰਦੇਸ਼ ਵਿਖੇ ਹੜ੍ਹਾਂ ਕਾਰਨ ਫਸੇ ਪੰਜਾਬ ਦੇ ਲੋਕਾਂ ਨੂੰ ਸੁਰੱਖਿਅਤ ਵਾਪਸ ਲਿਆਉਣ ਦੇ ਕਾਰਜ ਵੀ ਕੀਤੇ ਗਏ। ਜੁਲਾਈ 2023 ਵਿਚ ਇਹ ਸਥਿਤੀ ਬਣਨ 'ਤੇ ਗੁਰਦੁਆਰਾ ਸ੍ਰੀ ਮਨੀਕਰਨ ਸਾਹਿਬ ਦਰਸ਼ਨ ਕਰਨ ਗਏ ਸ਼ਰਧਾਲੂਆਂ ਨੂੰ ਸਿੱਖ ਸੰਸਥਾ ਨੇ ਰਾਹਤ ਸੇਵਾਵਾਂ ਦਿੱਤੀਆਂ। ਇਸ ਤੋਂ ਇਲਾਵਾ ਹਿਮਾਚਲ ਪ੍ਰਦੇਸ਼ ਵਿਚ ਹੋਰ ਥਾਵਾਂ 'ਤੇ ਫਸੇ ਲੋਕਾਂ ਨੂੰ ਸੁਰੱਖਿਅਤ ਪੰਜਾਬ ਲਿਆਉਣ ਲਈ ਵੀ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਬੰਧ ਕੀਤੇ ਗਏ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ 'ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਇੱਕ ਟੀਮ ਹਿਮਾਚਲ ਪ੍ਰਦੇਸ਼ ਦੇ ਮੰਡੀ ਸ਼ਹਿਰ ਵਿਚ ਪੁੱਜੀ, ਜਿਸ ਨੇ ਉਥੋਂ ਦੇ ਹਾਲਾਤਾਂ ਦਾ ਜਾਇਜ਼ਾ ਲਿਆ ਅਤੇ ਮੰਡੀ ਦੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਨਾਲ ਮਿਲ ਕੇ ਲੋੜਵੰਦਾਂ ਦੀ ਸਹਾਇਤਾ ਲਈ ਕਾਰਜ ਆਰੰਭਿਆ। ਵਿਸ਼ੇਸ਼ ਬੱਸਾਂ ਰਾਹੀਂ ਯਾਤਰੀਆਂ ਨੂੰ ਪੰਜਾਬ ਲਿਆਂਦਾ ਅਤੇ ਉਨ੍ਹਾਂ ਦੇ ਘਰਾਂ ਤੱਕ ਪਹੁੰਚਾਉਣ ਦੇ ਪ੍ਰਬੰਧ ਕੀਤੇ ਗਏ। ਇਨ੍ਹਾਂ ਲੋਕਾਂ ਲਈ ਸ਼੍ਰੋਮਣੀ ਕਮੇਟੀ ਵੱਲੋਂ ਲੰਗਰ ਵਿਵਸਥਾ ਵੀ ਕੀਤੀ ਗਈ।**

# ਸੰਗਤ ਦੀ ਸਹੂਲਤ ਲਈ ਨਵੀਆਂ ਸਰਾਵਾਂ ਦੀ ਉਸਾਰੀ






ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਆਉਂਦੇ ਸ਼ਰਧਾਲੂਆਂ ਦੀ ਆਮਦ ਵਿੱਚ ਦਿਨ-ਬ-ਦਿਨ ਵਾਧਾ ਹੋ ਰਿਹਾ ਹੈ। ਮੌਜੂਦਾ ਸਮੇਂ ਦੇਸ਼-ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਸੰਗਤ ਇਸ ਮੁਕੱਦਸ ਸਥਾਨ ਦੇ ਦਰਸ਼ਨ ਕਰਕੇ ਨਿਹਾਲ ਹੁੰਦੀ ਹੈ। ਦੂਰ-ਦੁਰੇਡੇ ਤੋਂ ਨਤਮਸਤਕ ਹੋਣ ਆਈ ਸੰਗਤ ਦੇ ਠਹਿਰਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲਾਂ ਤੋਂ 8 ਨਿਵਾਸ ਕਾਰਜਸ਼ੀਲ ਹਨ, ਜਿਨ੍ਹਾਂ ਵਿਚ ਸ੍ਰੀ ਗੁਰੂ ਰਾਮਦਾਸ ਜੀ ਨਿਵਾਸ, ਸ੍ਰੀ ਗੁਰੂ ਅਰਜਨ ਦੇਵ ਜੀ ਨਿਵਾਸ, ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨਿਵਾਸ, ਮਾਤਾ ਗੰਗਾ ਜੀ ਨਿਵਾਸ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਐਨਆਰਆਈ ਨਿਵਾਸ, ਸਾਰਾਗੜ੍ਹੀ ਨਿਵਾਸ, ਬਾਬਾ ਦੀਪ ਸਿੰਘ ਜੀ ਨਿਵਾਸ ਅਤੇ ਮਾਤਾ ਭਾਗ ਕੌਰ ਜੀ ਯਾਤਰੀ ਨਿਵਾਸ ਹਨ। ਇਨ੍ਹਾਂ ਨਿਵਾਸਾਂ ਵਿਚ ਕੁੱਲ 788 ਕਮਰੇ ਅਤੇ 25 ਹਾਲ ਹਨ।

ਸੰਗਤ ਦੀ ਆਮਦ ਵਿੱਚ ਲਗਾਤਾਰ ਵਾਧੇ ਅਤੇ ਸ਼ਰਧਾਲੂਆਂ ਦੀ ਸਹੂਲਤ ਲਈ ਸ਼੍ਰੋਮਣੀ ਕਮੇਟੀ ਵੱਲੋਂ ਹੋਰ ਸਰਾਵਾਂ ਤਿਆਰ ਕਰਵਾਈਆਂ ਜਾ ਰਹੀਆਂ ਹਨ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਪ੍ਰਧਾਨਗੀ ਕਾਲ ਸਮੇਂ ਤਿੰਨ ਨਵੀਆਂ ਸਰਾਵਾਂ ਦੀ ਉਸਾਰੀ ਸ਼ੁਰੂ ਕੀਤੀ ਗਈ ਹੈ, ਜਿਨ੍ਹਾਂ ਵਿੱਚ ਭਗਤ ਨਾਮਦੇਵ ਜੀ ਯਾਤਰੀ ਨਿਵਾਸ, ਬਾਬਾ ਬਸੰਤ ਸਿੰਘ ਜੀ ਨਿਵਾਸ ਅਤੇ ਭਾਈ ਜੈਤਾ ਜੀ ਨਿਵਾਸ ਤਿਆਰ ਕੀਤੇ ਜਾ ਰਹੇ ਹਨ।

ਭਗਤ ਨਾਮਦੇਵ ਜੀ ਯਾਤਰੀ ਨਿਵਾਸ ਦੀ ਸੇਵਾ ਸ਼੍ਰੋਮਣੀ ਕਮੇਟੀ ਵੱਲੋਂ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੂੰ ਸੌਂਪੀ ਗਈ ਹੈ। ਇਹ ਸਰਾਂ ਕੇਸਰੀ ਬਾਗ, ਸ੍ਰੀ ਅੰਮ੍ਰਿਤਸਰ ਵਿਖੇ ਉਸਾਰੀ ਅਧੀਨ ਹੈ ਜੋ ਛੇਤੀ ਹੀ ਸੰਗਤ ਦੀ ਸਹੂਲਤ ਲਈ ਤਿਆਰ ਹੋ ਜਾਵੇਗੀ। ਇਸ ਸਰਾਂ ਵਿੱਚ 110 ਦੇ ਕਰੀਬ ਕਮਰੇ ਹੋਣਗੇ।

ਸ਼੍ਰੋਮਣੀ ਕਮੇਟੀ ਵੱਲੋਂ ਬਾਬਾ ਬਸੰਤ ਸਿੰਘ ਜੀ ਨਿਵਾਸ ਬਾਬਾ ਬਚਨ ਸਿੰਘ ਜੀ ਦਿੱਲੀ ਵਾਲਿਆਂ ਦੇ ਸਹਿਯੋਗ ਨਾਲ ਤਿਆਰ ਕੀਤਾ ਜਾ ਰਿਹਾ ਹੈ, ਜੋ ਪਰਾਗ ਦਾਸ ਚੌਂਕ, ਸ੍ਰੀ ਅੰਮ੍ਰਿਤਸਰ ਵਿਖੇ ਉਸਾਰੀ ਅਧੀਨ ਹੈ। ਇਸ ਨਿਵਾਸ ਵਿੱਚ 90 ਦੇ ਕਰੀਬ ਕਮਰੇ ਤਿਆਰ ਕੀਤੇ ਜਾ ਰਹੇ ਹਨ। ਛੇਤੀ ਹੀ ਇਹ ਨਿਵਾਸ ਸੰਗਤ ਦੀ ਸਹੂਲਤ ਕਾਰਜਸ਼ੀਲ ਹੋਵੇਗਾ।

ਇਸੇ ਤਰ੍ਹਾਂ ਭਾਈ ਜੈਤਾ ਜੀ ਨਿਵਾਸ ਦੀ ਬਹੁ-ਮੰਜ਼ਲੀ ਸਰਾਂ ਤਿਆਰ ਹੋ ਰਹੀ ਹੈ, ਜਿਸ ਵਿੱਚ 80 ਦੇ ਕਰੀਬ ਕਮਰੇ ਤਿਆਰ ਕੀਤੇ ਜਾ ਰਹੇ ਹਨ। ਗੁਰਦੁਆਰਾ ਬਾਬਾ ਅਟੱਲ ਰਾਇ ਜੀ ਦੇ ਨਜ਼ਦੀਕ ਬਾਬਾ ਸਾਹਿਬ ਚੌਂਕ ਵਿਖੇ ਇਸ ਨਿਵਾਸ ਦੀ ਸੇਵਾ ਬਾਬਾ

ਸੁੱਚਾ ਸਿੰਘ ਕਾਰ ਸੇਵਾ ਕਿਲ੍ਹਾ ਸ੍ਰੀ ਅਨੰਦਗੜ੍ਹ ਸਾਹਿਬ ਵਾਲਿਆਂ ਵੱਲੋਂ ਕਰਵਾਈ ਜਾ ਰਹੀ ਹੈ। ਇਸ ਤੋਂ ਇਲਾਵਾ ਸਰਾਵਾਂ ਦੇ ਦੋ ਅਗਲੇਰੇ ਪ੍ਰੋਜੈਕਟਾਂ ਦੀ ਆਰੰਭਤਾ ਦੀ ਤਿਆਰੀ ਹੈ ਜਿਸ ਅਧੀਨ ਸਾਰਾਗੜ੍ਹੀ ਫੇਜ਼ 2 ਅਤੇ ਅਕਾਲੀ ਮਾਰਕੀਟ ਵਿਖੇ ਆਉਣ ਵਾਲੇ ਸਮੇਂ ਵਿੱਚ ਵਿਸ਼ਾਲ ਸਰਾਵਾਂ ਦੀ ਉਸਾਰੀ ਸ਼ੁਰੂ ਹੋ ਜਾਵੇਗੀ।



ਇਹ ਸਾਰੀਆਂ ਸਰਾਵਾਂ ਏ.ਸੀ. ਕਮਰਿਆਂ ਦੀ ਸਹੂਲਤ ਵਾਲੀਆਂ ਹਨ। ਹਰ ਕਮਰੇ ਵਿੱਚ ਅਟੈਚ ਬਾਥਰੂਮ ਹੋਵੇਗਾ, ਜਿਨ੍ਹਾਂ ਵਿੱਚ ਗੀਜ਼ਰ ਦੀ ਸਹੂਲਤ ਵੀ ਸੰਗਤ ਨੂੰ ਮੁਹੱਈਆ ਕਰਵਾਈ ਜਾਵੇਗੀ। ਕਮਰਿਆਂ ਦੇ ਨਾਲ ਸੰਬੰਧਤ ਬਾਥਰੂਮਾਂ ਤੋਂ ਇਲਾਵਾ ਸੰਗਤ ਦੀ ਸਹੂਲਤ ਲਈ ਆਮ ਬਾਥਰੂਮ ਵੀ ਤਿਆਰ ਕਰਵਾਏ ਜਾਣਗੇ। ਇਨ੍ਹਾਂ ਬਹੁ-ਮੰਜ਼ਲੀ ਸਰਾਵਾਂ ਵਿੱਚ ਇੱਕ ਮੰਜ਼ਿਲ ਤੋਂ ਦੂਸਰੀ ਮੰਜ਼ਿਲ 'ਤੇ ਪਹੁੰਚਣ ਲਈ ਲਿਫਟ ਦੀ ਸੁਵਿਧਾ ਵੀ ਹੋਵੇਗੀ।

ਸਰਾਵਾਂ ਤੋਂ ਇਲਾਵਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਿੰਘ ਸਾਹਿਬਾਨ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬ ਦੀ ਰਹਾਇਸ਼ ਲਈ ਵੀ ਵਿਸ਼ੇਸ਼ ਫਲੈਟ ਤਿਆਰ ਕਰਵਾਏ ਜਾ ਰਹੇ ਹਨ। ਇਸ ਕਾਰਜ ਦੀ ਸੇਵਾ ਸ਼੍ਰੋਮਣੀ ਕਮੇਟੀ ਵੱਲੋਂ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਨੂੰ ਸੌਂਪੀ ਗਈ ਹੈ।









## ਸਿੰਘ ਸਾਹਿਬਾਨ ਲਈ ਰਿਹਾਇਸ਼ੀ ਕੰਪਲੈਕਸ ਦੀ ਉਸਾਰੀ:

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੇਵਾਵਾਂ ਨਿਭਾਉਣ ਵਾਲੇ ਸਿੰਘ ਸਾਹਿਬਾਨ ਦੇ ਸਤਿਕਾਰ ਨੂੰ ਮੁੱਖ ਰੱਖਦਿਆਂ ਉਨ੍ਹਾਂ ਲਈ ਇਕ ਵੱਖਰਾ ਰਿਹਾਇਸ਼ੀ ਕੰਪਲੈਕਸ ਤਿਆਰ ਕਰਵਾਇਆ ਜਾ ਰਿਹਾ ਹੈ। ਇਹ ਫੈਸਲਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਕੀਤੇ ਗਏ ਵਿਸ਼ੇਸ਼ ਯਤਨਾਂ ਸਦਕਾ ਕੀਤਾ ਗਿਆ। ਸਿੰਘ ਸਾਹਿਬਾਨ ਲਈ ਇਹ ਰਿਹਾਇਸ਼ੀ ਇਮਾਰਤ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਚੂੜੇ ਵਾਲਾ ਬਜ਼ਾਰ (ਅਕਾਲੀ ਮਾਰਕੀਟ) ਦੇ ਨਜ਼ਦੀਕ ਬਣਾਈ ਜਾ ਰਹੀ ਹੈ। ਇਸ ਵਿਚ 9 ਫਲੈਟ ਬਣਨਗੇ। ਇਹ ਇਮਾਰਤ ਬਣਨ ਨਾਲ ਸਿੰਘ ਸਾਹਿਬਾਨ ਦੀਆਂ ਪਹਿਲੀਆਂ ਰਿਹਾਇਸ਼ਾਂ ਦੀ ਜਗ੍ਹਾ ਖਾਲੀ ਹੋ ਜਾਵੇਗੀ, ਜਿਸ ਨੂੰ ਸਿੱਖ ਰੈਫਰੈਂਸ ਲਾਇਬ੍ਰੇਰੀ ਅਤੇ ਕੇਂਦਰੀ ਸਿੱਖ ਅਜਾਇਬ ਘਰ ਦੇ ਵਿਸਥਾਰ ਲਈ ਵਰਤਿਆ ਜਾਵੇਗਾ। ਇਸ ਕਾਰਜ ਦੀ ਸੇਵਾ ਸ਼੍ਰੋਮਣੀ ਕਮੇਟੀ ਵੱਲੋਂ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਨੂੰ ਸੌਂਪੀ ਗਈ ਹੈ।

## ਸੰਗਤ ਦੀ ਸਹੂਲਤ ਲਈ ਦੋ ਪਹੀਆ ਵਾਹਨ ਸਟੈਂਡ ਦਾ ਉਦਘਾਟਨ

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜਦੀ ਸੰਗਤ ਦੇ ਦੋ ਪਹੀਆ ਵਾਹਨ ਲਗਾਉਣ ਲਈ ਸਟੈਂਡ ਤਿਆਰ ਕਰਵਾਇਆ ਗਿਆ ਹੈ। 20 ਹਜ਼ਾਰ ਵਰਗ ਫੁੱਟ ਖੇਤਰਫਲ ਦੇ ਇਸ ਸਟੈਂਡ ਵਿਚ ਇਕ ਸਮੇਂ 1500 ਵਾਹਨ ਲਗਾਉਣ ਦੀ ਸਮਰਥਾ ਹੈ। ਸ਼੍ਰੋਮਣੀ ਕਮੇਟੀ ਵੱਲੋਂ ਇਸ ਦੀ ਸੇਵਾ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਨੂੰ ਸੌਂਪੀ ਗਈ ਸੀ। ਇਹ ਸਟੈਂਡ ਦੇ ਬਣਨ ਨਾਲ ਸੰਗਤਾਂ ਨੂੰ ਵੱਡੀ ਸਹੂਲਤ ਮਿਲੀ ਹੈ ਅਤੇ ਪਾਰਕਿੰਗ ਦੀ ਵੱਡੀ ਸਮੱਸਿਆ ਦੂਰ ਹੋਈ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਦੇ ਨਜ਼ਦੀਕ ਇਸ ਇਮਾਰਤ ਦੀ ਬੇਸਮੈਂਟ ਵਿਚ ਦੋ ਪਹੀਆ ਵਾਹਨ ਸਟੈਂਡ ਸ਼ੁਰੂ ਕਰ ਦਿੱਤਾ ਗਿਆ ਹੈ, ਜਦਕਿ ਇਸ ਉਪਰ ਜੋੜਾ ਘਰ ਅਤੇ ਗੱਠੜੀ ਘਰ ਦੇ ਨਿਰਮਾਣ ਦੀ ਸੇਵਾ ਨਿਰੰਤਰ ਜਾਰੀ ਹੈ।







## ਪ੍ਰਬੰਧਕੀ ਬਲਾਕ ਦਾ ਵਿਸਥਾਰ:

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫ਼ਤਰ ਦੀਆਂ ਮੌਜੂਦਾ ਜ਼ਰੂਰਤਾਂ ਨੂੰ ਮੁੱਖ ਰੱਖਦਿਆਂ ਇਸ ਦੇ ਦਫ਼ਤਰ ਦਾ ਵਿਸਥਾਰ ਕੀਤਾ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਬਲਾਕ ਦੇ ਵਿਸਥਾਰ ਵਾਸਤੇ ਦੂਜੀ ਅਤੇ ਤੀਜੀ ਮੰਜਿਲ ਉਸਾਰੀ ਜਾ ਰਹੀ ਹੈ, ਜਿਸ ਦੀ ਸੇਵਾ ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲਿਆਂ ਨੂੰ ਸੌਂਪੀ ਗਈ ਹੈ। ਨਵੀਆਂ ਤਿਆਰ ਕੀਤੀਆਂ ਜਾ ਰਹੀਆਂ ਦੋ ਮੰਜ਼ਲਾਂ ਇਮਾਰਤਾਂ ਵਿਚ ਜਿਥੇ ਵੱਖ-ਵੱਖ ਵਿਭਾਗਾਂ ਦੇ ਦਫ਼ਤਰ ਤਿਆਰ ਕੀਤੇ ਜਾਣਗੇ, ਉਥੇ ਹੀ ਇਕ ਕਾਨਫਰੰਸ ਹਾਲ ਵੀ ਬਣਾਇਆ ਜਾਵੇਗਾ। ਇਹ ਦਫ਼ਤਰੀ ਕੰਪਲੈਕਸ ਬਣਾਉਣ ਦੇ ਨਾਲ-ਨਾਲ ਸ੍ਰੀ ਗੁਰੂ ਰਾਮਦਾਸ ਲੰਗਰ ਤੋਂ ਲੈ ਕੇ ਬਾਬਾ ਅਟੱਲ ਰਾਏ ਸਾਹਿਬ ਤੱਕ ਰਸਤੇ ਦਾ ਸੁੰਦਰੀਕਰਨ ਵੀ ਕੀਤਾ ਜਾਵੇਗਾ।







# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨੀ ਡਿਓੜੀ ਦੇ ਅੰਦਰੂਨੀ ਹਿੱਸੇ ਦੀ ਕਾਰਸੇਵਾ



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨੀ ਡਿਓੜੀ ਦੀ ਮੁਰੰਮਤ ਦੀ ਕਾਰਸੇਵਾ 5 ਅਗਸਤ 2023 ਨੂੰ ਅਰਦਾਸ ਉਪਰੰਤ ਆਰੰਭ ਕੀਤੀ ਗਈ। ਅੰਤ੍ਰਿੰਗ ਕਮੇਟੀ ਵੱਲੋਂ ਲਏ ਗਏ ਫੈਸਲੇ ਅਨੁਸਾਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨੀ ਡਿਓੜੀ ਦੀ ਮੁਰੰਮਤ ਦੇ ਕਾਰਜ ਦੀ ਸੇਵਾ ਬਾਬਾ ਪ੍ਰਦੀਪ ਸਿੰਘ ਬੋਰੇ ਵਾਲਿਆਂ ਨੂੰ ਸੌਂਪੀ ਗਈ ਹੈ। ਸੇਵਾ ਦੌਰਾਨ ਦਰਸ਼ਨੀ ਡਿਓੜੀ ਦੇ ਅੰਦਰੂਨੀ ਹਿੱਸੇ ਦੀ ਮੁਰੰਮਤ ਪੁਰਾਤਨ ਦਿੱਖ ਅਨੁਸਾਰ ਹੋਵੇਗੀ। ਦਰਸ਼ਨੀ ਡਿਓੜੀ ਦੇ ਅੰਦਰ ਹੋਈ ਮੀਨਾਕਾਰੀ ਨੂੰ ਹੂਬਹੂ ਉਸੇ ਤਰ੍ਹਾਂ ਹੀ ਸੁਰੱਖਿਅਤ ਰੱਖਿਆ ਜਾਵੇਗਾ, ਜਿਸ ਕਾਰਜ ਲਈ ਰਾਜਸਥਾਨ ਦੇ ਕਾਰੀਗਰਾਂ ਦੀਆਂ ਸੇਵਾਵਾਂ ਲਈਆਂ ਜਾ ਰਹੀਆਂ ਹਨ।

# ਜੂਨ 1984 ਦੇ ਘੱਲੂਘਾਰੇ ਸਬੰਧੀ ਸ਼ਹੀਦੀ ਗੈਲਰੀ



ਜੂਨ 1984 'ਚ ਸਿੱਖ ਕੌਮ ਦੇ ਸਰਵਉੱਚ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਭਾਰਤ ਦੀ ਕਾਂਗਰਸ ਸਰਕਾਰ ਵੱਲੋਂ ਕਰਵਾਏ ਗਏ ਫ਼ੌਜੀ ਹਮਲੇ ਦੌਰਾਨ ਸ਼ਹੀਦ ਹੋਏ ਸਿੰਘ/ਸਿੰਘਣੀਆਂ ਦੀ ਯਾਦ ਵਿਚ ਸ਼ਹੀਦੀ ਗੈਲਰੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਪਣੇ ਕਾਰਜਕਾਲ ਦੌਰਾਨ ਵਿਸ਼ੇਸ਼ ਰੁਚੀ ਲੈ ਕੇ ਮੁਕੰਮਲ ਕਰਵਾਈ। ਇਹ ਸ਼ਹੀਦੀ ਗੈਲਰੀ ਸ਼ਹੀਦ ਭਾਈ ਅਮਰੀਕ ਸਿੰਘ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ, ਸ਼ਹੀਦ ਜਨਰਲ ਸੁਬੇਗ ਸਿੰਘ ਅਤੇ ਸ਼ਹੀਦ ਬਾਬਾ ਠਾਹਰਾ ਸਿੰਘ ਨੂੰ ਸਮਰਪਿਤ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਵੱਲੋਂ ਇਸ ਕਾਰਜ ਦੀ ਸੇਵਾ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ ਨੂੰ ਸੌਂਪੀ ਗਈ ਸੀ। ਇਸ ਸ਼ਹੀਦੀ ਗੈਲਰੀ ਵਿਚ 1984 ਦੇ ਘੱਲੂਘਾਰੇ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਢਹਿ-ਢੇਰੀ ਹੋਈ ਇਮਾਰਤ ਦਾ ਮਾਡਲ ਅਤੇ ਸ਼ਹੀਦ ਹੋਏ ਸਿੰਘ/ਸਿੰਘਣੀਆਂ ਦੀਆਂ ਤਸਵੀਰਾਂ ਲਗਾਈਆਂ ਗਈਆਂ ਹਨ। ਇਸ ਦੇ ਨਾਲ ਹੀ ਗੈਲਰੀ ਅੰਦਰ ਡਿਜੀਟਲ ਰੂਪ ਵਿਚ ਘੱਲੂਘਾਰੇ ਦੇ ਇਤਿਹਾਸ ਨੂੰ ਬਿਆਨ ਕਰਦੀ ਡਾਕੂਮੈਂਟਰੀ ਵਿਖਾਉਣ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।

ਸ਼ਹੀਦਾਂ ਦੀ ਯਾਦ ਵਿਚ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਬਣਾਈ ਗਈ ਇਹ ਸ਼ਹੀਦੀ ਗੈਲਰੀ ਸੰਗਤ ਨੂੰ ਹਮੇਸ਼ਾ ਉਨ੍ਹਾਂ ਸ਼ਹੀਦਾਂ ਦੀ ਯਾਦ ਦਿਵਾਉਂਦੀ ਰਹੇਗੀ। ਇਹ ਯਾਦਗਾਰ ਆਉਣ ਵਾਲੀ ਪੀੜ੍ਹੀ ਨੂੰ ਇਸ ਘੱਲੂਘਾਰੇ ਦੌਰਾਨ ਵਾਪਰੇ ਦੁਖਾਂਤ ਦੇ ਨਾਲ-ਨਾਲ ਸ਼ਹੀਦ ਹੋਏ ਸਿੰਘਾਂ/ਸਿੰਘਣੀਆਂ ਬਾਰੇ ਵੀ ਜਾਣਕਾਰੀ ਦੇਵੇਗੀ ਅਤੇ ਨੌਜਵਾਨਾਂ ਲਈ ਪ੍ਰੇਰਣਾ ਸਰੋਤ ਬਣੇਗੀ ਜਿਥੋਂ ਸੰਗਤਾਂ ਕੌਮੀ ਜਜ਼ਬਾ ਹਾਸਲ ਕਰਨਗੀਆਂ।



# ਸੱਚਖੰਡ ਸ੍ਰੀ ਹਰਿੰਦਰ ਸਾਹਿਬ ਵਿਖੇ ਸੋਨੇ ਦੇ ਪੱਤਰਿਆਂ ਅਤੇ ਮੀਨਾਕਾਰੀ ਦੀ ਸੇਵਾ



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਸ਼ਵ ਦੀਆਂ ਸੰਗਤਾਂ ਲਈ ਆਸਥਾ ਦਾ ਕੇਂਦਰ ਹੈ, ਜਿਥੇ ਰੋਜ਼ਾਨਾ ਲੱਖਾਂ ਸੰਗਤਾਂ ਨਤਮਸਤਕ ਹੋ ਕੇ ਰੂਹਾਨੀ ਅਨੰਦ ਪ੍ਰਾਪਤ ਕਰਦੀਆਂ ਹਨ। ਇਸ ਪਾਵਨ ਅਸਥਾਨ ਦੀ ਸਥਾਪਨਾ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਆਪ ਕਰਵਾਈ ਸੀ। ਇਥੇ ਸਮੇਂ-ਸਮੇਂ 'ਤੇ ਲੋੜ ਅਨੁਸਾਰ ਸੇਵਾਵਾਂ ਕੀਤੀਆਂ ਜਾਂਦੀਆਂ ਹਨ। ਮੌਜੂਦਾ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਕਾਰਜਕਾਲ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਅੰਦਰੂਨੀ ਹਿੱਸੇ 'ਚ ਸੋਨੇ ਦੇ ਪੱਤਰਿਆਂ ਅਤੇ ਮੀਨਾਕਾਰੀ ਦੀ ਸਾਂਭ-ਸੰਭਾਲ ਦੀ ਸੇਵਾ ਕਰਵਾਈ ਜਾ ਰਹੀ ਹੈ। ਇਹ ਸੇਵਾ ਭਾਈ ਮਹਿੰਦਰ ਸਿੰਘ ਜੀ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ (ਯੂਕੇ) ਨੂੰ ਸੌਂਪੀ ਗਈ ਹੈ। ਇਸ ਸਬੰਧ ਵਿਚ ਮਾਹਿਰਾਂ ਦੀਆਂ ਵੀ ਸੇਵਾਵਾਂ ਲਈਆਂ ਜਾ ਰਹੀਆਂ ਹਨ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਇਹ ਸੇਵਾ ਨਿਰੰਤਰ ਜਾਰੀ ਹੈ ਅਤੇ ਗੁਰੂ ਸਾਹਿਬ ਦੀ ਕਿਰਪਾ ਨਾਲ ਜਲਦ ਸੰਪੂਰਨ ਹੋਵੇਗੀ।



# ਗੁਰਦੁਆਰਾ ਸ਼ਹੀਦ ਬੁੰਗਾ ਸਾਹਿਬ ਦੀ ਸੇਵਾ



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੀ ਮਾਣ-ਮਰਯਾਦਾ ਨੂੰ ਬਹਾਲ ਰੱਖਣ ਲਈ ਆਪਣੀ ਸ਼ਹਾਦਤ ਦੇਣ ਵਾਲੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੀ ਯਾਦ ਵਿਚ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਗੁਰਦੁਆਰਾ ਸ਼ਹੀਦ ਬੁੰਗਾ ਸਾਹਿਬ ਦੀ ਕਾਰ ਸੇਵਾ ਕਰਵਾਉਣ ਦਾ ਫੈਸਲਾ ਵੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿਚ ਅੰਤ੍ਰਿੰਗ ਕਮੇਟੀ ਵੱਲੋਂ ਕੀਤਾ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਹ ਸੇਵਾ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ ਨੂੰ ਸੌਂਪੀ ਗਈ ਹੈ।

ਇਸ ਸੇਵਾ ਦੀ ਆਰੰਭਤਾ ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ ਵਿਚ ਪੰਥਕ ਰਵਾਇਤਾਂ ਅਨੁਸਾਰ ਕੀਤੀ ਗਈ ਹੈ। ਕਾਰ ਸੇਵਾ ਦੌਰਾਨ ਗੁਰਦੁਆਰਾ ਸ਼ਹੀਦ ਬੁੰਗਾ ਸਾਹਿਬ ਨੂੰ ਮੂਲ ਰੂਪ ਵਿਚ ਹੀ ਰੱਖਿਆ ਜਾਵੇਗਾ ਅਤੇ ਇਸ ਪਾਵਨ ਅਸਥਾਨ ਦੀ ਲੋੜੀਂਦੀ ਮੁਰੰਮਤ ਦੇ ਨਾਲ-ਨਾਲ ਸੁੰਦਰੀਕਰਨ ਦੇ ਕਾਰਜ ਕੀਤੇ ਜਾਣਗੇ।





## ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਵਾਹਨ ਪਾਰਕਿੰਗ ਦੀ ਸੇਵਾ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤ ਦੀ ਸਹੂਲਤ ਲਈ ਜਿਥੇ ਵੱਖ-ਵੱਖ ਕਾਰਜ ਕਰਵਾਏ ਜਾ ਰਹੇ ਹਨ, ਉਥੇ ਹੀ ਸੰਗਤ ਦੀ ਵੱਧ ਰਹੀ ਆਮਦ ਦੇ ਮੱਦੇਨਜ਼ਰ ਵਾਹਨ ਲਗਾਉਣ ਲਈ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਜ਼ਮੀਨਦੋਜ਼ ਵਾਹਨ ਪਾਰਕਿੰਗ ਤਿਆਰ ਕਰਵਾਈ ਜਾ ਰਹੀ ਹੈ। ਸ਼੍ਰੋਮਣੀ ਕਮੇਟੀ ਵੱਲੋਂ ਇਸ ਕਾਰਜ ਦੀ ਸੇਵਾ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਨੂੰ ਸੌਂਪੀ ਗਈ ਹੈ। ਬਹੁਮੰਜ਼ਲੀ ਇਹ ਵਾਹਨ ਪਾਰਕਿੰਗ ਤਿਆਰ ਹੋਣ ਨਾਲ ਸੰਗਤਾਂ ਨੂੰ ਆਪਣੇ ਵਾਹਨ ਪਾਰਕ ਕਰਨ ਵਿਚ ਵੱਡੀ ਸਹੂਲਤ ਮਿਲੇਗੀ। ਸੰਗਤਾਂ ਇਥੇ ਆਪਣੇ ਸਾਧਨ ਖੜ੍ਹੇ ਕਰਕੇ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰ ਸਕਣਗੀਆਂ। ਕਾਰ ਪਾਰਕਿੰਗ ਦੇ ਨਾਲ-ਨਾਲ ਇਥੇ ਲੰਗਰ ਦੇ ਵਿਸਥਾਰ ਤੇ ਜੋੜਾ ਘਰ ਆਦਿ ਦੀ ਵੀ ਸੇਵਾ ਕਰਵਾਈ ਜਾ ਰਹੀ ਹੈ।



# ਗੁਰਦੁਆਰਾ ਸ੍ਰੀ ਪਲਾਹ ਸਾਹਿਬ ਵਿਖੇ ਕਾਰਸੇਵਾ ਦੀ ਆਰੰਭਤਾ



ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨਛੋਹ ਪ੍ਰਾਪਤ ਗੁਰਦੁਆਰਾ ਸ੍ਰੀ ਪਲਾਹ ਸਾਹਿਬ, ਸ੍ਰੀ ਅੰਮ੍ਰਿਤਸਰ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਕਾਰਜਾਂ ਦੀ ਕਾਰਸੇਵਾ ਸ਼ੁਰੂ ਕੀਤੀ ਗਈ। ਅਰਦਾਸ ਉਪਰੰਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਟੱਕ ਲਗਾ ਕੇ ਕਾਰ ਸੇਵਾ ਦਾ ਆਰੰਭ ਕੀਤਾ। ਇਨ੍ਹਾਂ ਸੇਵਾਵਾਂ ਵਿਚ ਲੰਗਰ ਹਾਲ ਦੇ ਨਾਲ-ਨਾਲ ਸ੍ਰੀ ਅਖੰਡ ਪਾਠ ਸਾਹਿਬ ਲਈ 15 ਕਮਰੇ, 2 ਹਾਲ, ਸੰਗਤਾਂ ਦੀ ਸਹੂਲਤ ਲਈ ਬਾਥਰੂਮ ਅਤੇ ਹੋਰ ਲੋੜੀਂਦੇ ਕਾਰਜ ਕੀਤੇ ਜਾਣਗੇ। ਸ਼੍ਰੋਮਣੀ ਕਮੇਟੀ ਵੱਲੋਂ ਇਨ੍ਹਾਂ ਕਾਰਜਾਂ ਦੀ ਸੇਵਾ ਬਾਬਾ ਕਸ਼ਮੀਰ ਸਿੰਘ ਕਾਰਸੇਵਾ ਭੂਰੀਵਾਲਿਆਂ ਨੂੰ ਸੌਂਪੀ ਗਈ ਹੈ।



# ਕਿਸਾਨੀ ਸੰਘਰਸ਼ ਦੀ ਜਿੱਤ ਦੇ ਸ਼ੁਕਰਾਨੇ ਵਜੋਂ ਸਮਾਗਮ

ਕੇਂਦਰ ਸਰਕਾਰ ਵੱਲੋਂ ਕਿਸਾਨੀ ਨੂੰ ਲੈ ਕੇ ਲਿਆਂਦੇ ਗਏ ਤਿੰਨ ਕਾਲੇ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ ਦੇਸ਼ ਭਰ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਲੰਮਾਂ ਸੰਘਰਸ਼ ਲੜਿਆ ਗਿਆ। ਸਿੱਖ ਕੌਮ ਦੀ ਨੁਮਾਇੰਦਾ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਸ ਸੰਘਰਸ਼ ਵਿਚ ਕਿਸਾਨਾਂ ਨੂੰ ਹਰ ਤਰ੍ਹਾਂ ਦਾ ਸਹਿਯੋਗ ਕੀਤਾ। ਕਿਸਾਨੀ ਸੰਘਰਸ਼ ਦੌਰਾਨ ਜਾਨਾਂ ਗਵਾਉਣ ਵਾਲੇ ਕਿਸਾਨਾਂ ਦੇ ਪਰਿਵਾਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਆਰਥਿਕ ਸਹਾਇਤਾ ਵੀ ਦਿੱਤੀ ਗਈ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਵੱਲੋਂ ਤਿੰਨ ਕਾਲੇ ਕਾਨੂੰਨ ਵਾਪਸ ਲੈਣ ਮਗਰੋਂ ਸ਼੍ਰੋਮਣੀ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਗੁਰਦੁਅਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵਿਸ਼ੇਸ਼ ਸਮਾਗਮ ਕਰਵਾਏ ਗਏ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਕਿਸਾਨੀ ਸੰਘਰਸ਼ ਵਿਚ ਹਿੱਸਾ ਪਾਉਣ ਵਾਲੀਆਂ ਸੰਯੁਕਤ ਕਿਸਾਨ ਮੋਰਚੇ ਦੀਆਂ ਕਿਸਾਨ ਜਥੇਬੰਦੀਆਂ ਦੇ ਆਗੂਆਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਸਨਮਾਨ ਵਿਚ ਗੁਰੂ ਬਖ਼ਸ਼ਿਸ਼ ਸਿਰੋਪਾਓ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸੁਨਹਿਰੀ ਮਾਡਲ ਦਿੱਤੇ ਗਏ।



# ਕਿਸਾਨੀ ਸੰਘਰਸ਼ ਵਿਚ ਹਿੱਸਾ ਪਾਉਣ ਵਾਲੀਆਂ ਸੰਯੁਕਤ ਕਿਸਾਨ ਮੋਰਚੇ 'ਚ ਸ਼ਾਮਲ ਜਥੇਬੰਦੀਆਂ ਦੇ ਆਗੂਆਂ ਦੇ ਸਨਮਾਨ ਦੀ ਤਸਵੀਰਾਂ










# ਕਿਸਾਨ ਸੰਘਰਸ਼ ਦੌਰਾਨ ਸੇਵਾਵਾਂ

ਸਰਕਾਰ ਵੱਲੋਂ ਕਿਸਾਨਾਂ ਦੀਆਂ ਮੰਗਾਂ ਪ੍ਰਤੀ ਕੀਤੀ ਗਈ ਵਾਅਦਾਖਿਲਾਫੀ ਦੇ ਰੋਸ ਵਜੋਂ ਦਿੱਲੀ ਵਿਖੇ ਧਰਨੇ ਲਈ ਜਾ ਰਹੇ ਕਿਸਾਨਾਂ 'ਤੇ ਹਰਿਆਣਾ ਸਰਕਾਰ ਵੱਲੋਂ ਤਾਨਾਸ਼ਾਹੀ ਤਰੀਕੇ ਨਾਲ ਸ਼ੰਭੂ ਬਾਰਡਰ ਅਤੇ ਖਨੌਰੀ ਬਾਰਡਰ 'ਤੇ ਪੈਰਾ ਮਿਲਟਰੀ ਦਾ ਸਖ਼ਤ ਪਹਿਰਾ ਲਗਾ ਕੇ ਰੋਕੇ ਜਾਣ ਤੋਂ ਬਾਅਦ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਆਦੇਸ਼ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਕਿਸਾਨ ਸੰਘਰਸ਼ ਦੀ ਹਮਾਇਤ ਕਰਦਿਆਂ ਲੰਗਰ ਅਤੇ ਮੈਡੀਕਲ ਸੇਵਾਵਾਂ ਵਿੱਚ ਵੱਡਮੁੱਲਾ ਯੋਗਦਾਨ ਪਾਇਆ।

ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼ੰਭੂ ਬਾਰਡਰ ਪਹੁੰਚ ਕੇ ਸ਼੍ਰੋਮਣੀ ਕਮੇਟੀ ਵੱਲੋਂ ਚੱਲ ਰਹੇ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਕਿਸਾਨ ਭਰਾਵਾਂ ਨੂੰ ਖੁਦ ਆਪਣੇ ਹੱਥੀਂ ਲੰਗਰ ਵਰਤਾਇਆ। ਉਨ੍ਹਾਂ ਵੱਲੋਂ ਸੰਘਰਸ਼ ਕਰਨ ਵਾਲੇ ਕਿਸਾਨ ਭਰਾਵਾਂ ਲਈ ਚੜ੍ਹਦੀਕਲਾ ਦੀ ਅਰਦਾਸ ਵੀ ਕੀਤੀ ਗਈ।









# 1984 'ਚ ਜੋਧਪੁਰ ਜੇਲ੍ਹ ਅੰਦਰ ਨਜ਼ਰਬੰਦ ਰਹੇ ਸਿੱਖਾਂ ਦੇ ਕੇਸਾਂ ਦੀ ਪੈਰਵਾਈ ਕਰਨ ਵਾਲਿਆਂ ਦਾ ਸਨਮਾਨ

ਜੂਨ 1984 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਤਤਕਾਲੀ ਕਾਂਗਰਸ ਸਰਕਾਰ ਵੱਲੋਂ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਗ੍ਰਿਫ਼ਤਾਰ ਕਰਕੇ ਜੋਧਪੁਰ ਜੇਲ੍ਹ ਵਿਚ ਨਜ਼ਰਬੰਦ ਰੱਖੇ ਗਏ ਸਿੱਖਾਂ ਦੇ ਕੇਸਾਂ ਦੀ ਪੈਰਵਾਈ ਕਰਨ ਵਾਲੇ ਵਕੀਲਾਂ ਅਤੇ ਹੋਰਨਾਂ ਸਹਿਯੋਗੀ ਸ਼ਖ਼ਸੀਅਤਾਂ ਦਾ 24 ਅਕਤੂਬਰ 2026 ਨੂੰ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਨ੍ਹਾਂ ਸਨਮਾਨਿਤ ਸ਼ਖ਼ਸੀਅਤਾਂ ਵਿਚ ਸੀਨੀਅਰ ਐਡਵੋਕੇਟ ਪੂਰਨ ਸਿੰਘ ਹੁੰਦਲ, ਐਡਵੋਕੇਟ ਲਖਵੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਸਾਬਕਾ ਸਕੱਤਰ ਸ. ਸਤਬੀਰ ਸਿੰਘ ਧਾਮੀ ਅਤੇ ਸ. ਦਲੀਪ ਸਿੰਘ ਜਗਦੇਵ ਕਲਾਂ ਸ਼ਾਮਲ ਹਨ। ਇਸ ਤੋਂ ਇਲਾਵਾ ਮੌਜੂਦਾ ਸਮੇਂ ਜੇਲ੍ਹਾਂ 'ਚ ਨਜ਼ਰਬੰਦ ਬੇਕਸੂਰ ਸਿੱਖ ਨੌਜੁਆਨਾਂ ਦੇ ਕੇਸਾਂ ਦੀ ਪੈਰਵਾਈ ਕਰ ਰਹੇ ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੂੰ ਵੀ ਸਨਮਾਨਿਤ ਕੀਤਾ ਗਿਆ। ਸਨਮਾਨਿਤ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ, ਲੋਈ, ਸ੍ਰੀ ਸਾਹਿਬ ਤੇ ਨਾਲ ਵਿਸ਼ੇਸ਼ ਤਸਤਰੀ ਦਿੱਤੀ ਗਈ।



# ਗੁਰਦੁਆਰਾ ਸਾਹਿਬਾਨ ਵਿਖੇ ਸੇਵਾ ਕਾਰਜ

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਆਉਂਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਖੇ ਸੰਗਤਾਂ ਦੀ ਸਹੂਲਤ ਨੂੰ ਵੇਖਦਿਆਂ ਸਮੇਂ-ਸਮੇਂ ਵਿਕਾਸ ਕਾਰਜ ਕਰਵਾਏ ਜਾਂਦੇ ਹਨ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਕਾਰਜਕਾਲ ਦੌਰਾਨ ਜਿਥੇ ਗੁਰਦੁਆਰਾ ਸਾਹਿਬਾਨ ਅੰਦਰ ਪਹਿਲਾਂ ਚਲਦੇ ਕਾਰਜਾਂ ਨੂੰ ਸੰਪੂਰਨ ਕਰਵਾਇਆ ਗਿਆ, ਉਥੇ ਬਹੁਤ ਸਾਰੇ ਨਵੇਂ ਕਾਰਜ ਵੀ ਕਰਵਾਏ ਗਏ, ਜਿਨ੍ਹਾਂ ਦਾ ਵਰੇਵਾ ਹੇਠ ਲਿਖੇ ਅਨੁਸਾਰ ਹੈ:-**



**ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ:-** ਦਰਸ਼ਨੀ ਡਿਓੜੀ ਦੇ ਸਾਹਮਣੇ ਪਿੱਤਲ ਦੇ ਜੰਗਲੇ ਲਗਾਏ ਗਏ। ਮੀਂਹ ਦੇ ਪਾਣੀ ਦੇ ਨਿਕਾਸ ਲਈ ਦੋ ਵੱਡੀਆਂ ਮੋਟਰਾਂ ਲਗਾਈਆਂ। ਦਰਸ਼ਨੀ ਡਿਓੜੀ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੱਕ ਪੁੱਲ 'ਤੇ ਨਵਾਂ ਸ਼ੈੱਡ ਪਾਇਆ ਗਿਆ। ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਅਸਥਾਨ ਪੁਰ ਦੋ ਕਮਰੇ ਰੈਨੋਵੇਸ਼ਨ ਕਰਕੇ ਤਿਆਰ ਕੀਤੇ ਗਏ। ਗੁਰਦੁਆਰਾ ਝੰਡਾ ਬੁੰਗਾ ਸਾਹਿਬ ਡਿਓੜੀ ਉੱਪਰ ਸ੍ਰੀ ਅਖੰਡ ਪਾਠ ਸਾਹਿਬ ਲਈ ਕਮਰੇ ਤਿਆਰ ਕਰਵਾਏ ਗਏ। ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਲਾਗੇ ਸ੍ਰੀ ਅਖੰਡ ਪਾਠ ਸਾਹਿਬ ਦੇ ਕਮਰੇ ਤਿਆਰ ਕਰਨ ਦੀ ਸੇਵਾ ਕਰਵਾਈ ਗਈ। ਲੰਗਰ ਸ੍ਰੀ ਗੁਰੂ ਰਾਮਦਾਸ ਜੀ ਦੇ ਸਾਹਮਣੇ ਫ਼ਰਸ਼ ਦੇ ਪੱਥਰ ਦੀ ਸੇਵਾ ਕਰਵਾਈ ਗਈ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਦੇ ਸਾਹਮਣੇ ਸ਼ੈੱਡ ਦੀ ਸੇਵਾ ਕਰਵਾਈ ਜਾ ਰਹੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੁਖਆਸਣ ਸਾਹਿਬ ਵਾਲੇ ਅਸਥਾਨ ਦੀ ਸੇਵਾ ਕਰਵਾਈ ਗਈ। ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਅਕਾਲੀ ਮਾਰਕੀਟ ਵਿਖੇ ਤਕਰੀਬਨ 5 ਏਕੜ ਜਗ੍ਹਾ ਖਾਲੀ ਕਰਵਾ ਕੇ ਸੰਗਤ ਦੀ ਸਹੂਲਤ ਲਈ ਨਿਵਾਸ ਅਤੇ ਦੁਕਾਨਾਂ ਦੀ ਮਾਰਕੀਟ ਤਿਆਰ ਕਰਵਾਉਣ ਸਬੰਧੀ ਕਾਰਵਾਈ ਚੱਲ ਰਹੀ ਹੈ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਨਜਦੀਕ ਬਾਰਾਮਾਹ ਅਸਥਾਨ ਦੀ ਸੇਵਾ ਕਰਵਾਈ ਗਈ। ਹਰਿ ਕੀ ਪਉੜੀ 'ਤੇ ਸਟੀਲੀ ਗਾਰਡਰ ਤੇ ਫੱਟਿਆਂ ਦੀ ਸੇਵਾ ਕਰਵਾਈ ਗਈ। ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਆਉਣ ਵਾਲੇ ਰਾਹ ਪੁਰ ਸੰਗਤਾਂ ਲਈ ਪਾਣੀ ਦੀ ਛਬੀਲ ਤਿਆਰ ਕਰਵਾਈ ਗਈ। ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਦੇ ਉਪਰ ਨਵੇਂ 11 ਕਮਰੇ ਤਿਆਰ ਕੀਤੇ ਗਏ। ਚੌਂਕ ਮੋਨੀ ਵਿਖੇ ਕੁਆਰਟਰ ਅਤੇ ਦੁਕਾਨਾਂ ਬਣਾਉਣ ਦਾ ਕੰਮ ਚੱਲ ਰਿਹਾ ਹੈ। ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ, ਲਿਟਰੇਚਰ ਹਾਊਸ, ਕਾਰ ਪਾਰਕਿੰਗ ਦੇ ਕਾਰਜ਼ ਦੀ ਸੇਵਾ ਚੱਲ ਰਹੀ ਹੈ। ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਨਾਨਕ ਘਾਟ ਉਜੈਨ, ਮੱਧ ਪ੍ਰਦੇਸ਼ ਵਿਖੇ ਸਰਾਂ, ਕੁਆਰਟਰ, ਬਾਥਰੂਮ ਬਨਾਉਣ ਦਾ ਕਾਰਜ ਚੱਲ ਰਿਹਾ ਹੈ। ਗੁਰਦੁਆਰਾ ਸਾਹਿਬ ਬਾਗ ਕੁਸੇਚਰ ਬੁਲੰਦ ਸ਼ਹਿਰ, ਯੂਪੀ ਦੀ ਇਮਾਰਤ ਦੀ ਉਸਾਰੀ ਦਾ ਕਾਰਜ ਚੱਲ ਰਿਹਾ ਹੈ। ਗੁਰਦੁਆਰਾ ਗੁਰੂ ਨਾਨਕ ਮਿਸ਼ਨ ਲਖਨਪੁਰ ਜੰਮੂ ਦੀ ਇਮਾਰਤ ਦੀ ਉਸਾਰੀ ਦਾ ਕਾਰਜ ਚੱਲ ਰਿਹਾ ਹੈ। ਗੁਰਦੁਆਰਾ ਝੂਲਣੇ ਮਹਿਲ ਗੁਰਦਾਸਪੁਰ ਦੀ ਇਮਾਰਤ ਦੀ ਉਸਾਰੀ ਦਾ ਕਾਰਜ ਚੱਲ ਰਿਹਾ ਹੈ। ਮਲਕੀਅਤੀ ਜਗ੍ਹਾ 502 ਵਰਗ ਗਜ਼ ਚੂੜੇ ਵਾਲਾ ਬਜ਼ਾਰ ਵਿਖੇ ਸਿੰਘ ਸਾਹਿਬਾਨ ਦੀ ਰਿਹਾਇਸ਼ ਲਈ ਇਮਾਰਤ ਦੀ ਉਸਾਰੀ ਦਾ ਕਾਰਜ ਚੱਲ ਰਿਹਾ ਹੈ। ਚੌਂਕ ਬਾਬਾ ਸਾਹਿਬ ਵਿਖੇ ਭਾਈ ਜੈਤਾ ਜੀ ਨਿਵਾਸ ਦੀ ਉਸਾਰੀ ਦਾ ਕਾਰਜ ਚੱਲ ਰਿਹਾ ਹੈ। ਗੁਰਦੁਆਰਾ ਬਾਬਾ ਬਸੰਤ ਸਿੰਘ,





ਚੌਂਕ ਪਰਾਗਦਾਸ ਵਿਖੇ ਨਿਵਾਸ ਦੀ ਉਸਾਰੀ ਦਾ ਕਾਰਜ ਚੱਲ ਰਿਹਾ ਹੈ। ਸ੍ਰੀ ਦਰਬਾਰ ਸਾਹਿਬ ਦੀ ਮਲਕੀਅਤੀ ਜਗ੍ਹਾ ਕੇਸਰੀ ਬਾਗ ਵਿਖੇ ਨਿਵਾਸ ਦੀ ਉਸਾਰੀ ਦਾ ਕਾਰਜ ਚੱਲ ਰਿਹਾ ਹੈ। ਹੰਸਲੀ ਨਿਊ ਤਹਿਸੀਲਪੁਰਾ ਵਿਖੇ 6 ਨਵੇਂ ਕੁਆਰਟਰਾਂ ਦੀ ਉਸਾਰੀ ਦਾ ਕਾਰਜ ਚੱਲ ਰਿਹਾ ਹੈ। ਹੰਸਲੀ ਦੀ ਜਗ੍ਹਾ ਰਾਮ ਤਲਾਈ ਚੌਂਕ ਤੋਂ ਘਿਉ ਮੰਡੀ ਤੀਕ ਪਾਰਕਿੰਗ ਅਤੇ ਸਟੋਰ ਦੀ ਉਸਾਰੀ ਦਾ ਕਾਰਜ ਚੱਲ ਰਿਹਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਦੇ ਨਜ਼ਦੀਕ ਜੋੜਾ ਘਰ ਦੀ ਉਸਾਰੀ ਦਾ ਕਾਰਜ ਕੀਤਾ ਜਾ ਰਿਹਾ ਹੈ। ਗੁਰਦੁਆਰਾ ਸ਼ਹੀਦ ਗੰਜ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਪਾਰਕਿੰਗ ਦੀ ਉਸਾਰੀ ਦਾ ਕਾਰਜ ਚੱਲ ਰਿਹਾ ਹੈ। ਗੁਰਦੁਆਰਾ ਪਲਾਹ ਸਾਹਿਬ ਖੈਰਾਬਾਦ ਵਿਖੇ ਕਾਊਂਟਰ ਕੜਾਹਿ ਪ੍ਰਸ਼ਾਦਿ ਦੀ ਉਸਾਰੀ ਕਰਵਾਈ ਗਈ। ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿਖੇ ਕਾਊਂਟਰ ਕੜਾਹਿ ਪ੍ਰਸ਼ਾਦਿ ਦੀ ਉਸਾਰੀ ਦਾ ਕਾਰਜ ਕਰਵਾਇਆ ਗਿਆ।



**ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ, ਰਾਮਦਾਸ, ਜ਼ਿਲ੍ਹਾ ਅੰਮ੍ਰਿਤਸਰ:–** ਗੁਰਦੁਆਰਾ ਸਮਾਧ ਬਾਬਾ ਬੁੱਢਾ ਸਾਹਿਬ ਜੀ ਰਾਮਦਾਸ ਵਿਖੇ ਸੰਗਤ ਦੀ ਸਹੂਲਤ ਲਈ ਸਰ੍ਹਾਂ ਤਿਆਰ ਕਰਵਾਈ ਜਾ ਰਹੀ ਹੈ। ਕਾਰ ਸੇਵਾ ਰਾਹੀਂ ਤਿਆਰ ਕਰਵਾਈ ਜਾ ਰਹੀ ਇਸ ਇਮਾਰਤ ਦਾ ਬੇਸਮੈਂਟ ਸਮੇਤ ਚਾਰ ਮੰਜ਼ਲਾ ਢਾਂਚਾ ਤਿਆਰ ਹੋ ਚੁੱਕਾ ਹੈ, ਜਿਸ ਦੀ ਅੰਦਰੂਨੀ ਤਿਆਰੀ ਦਾ ਕੰਮ ਚੱਲ ਰਿਹਾ ਹੈ। ਗੁਰਦੁਆਰਾ ਸਾਹਿਬ ਭਾਈ ਸੁੱਖਾ ਜੀ ਦੇ ਦਰਬਾਰ ਸਾਹਿਬ ਦੀ ਨਵੀਂ ਇਮਾਰਤ ਦੇ ਗੁੰਬਦ ਦੀ ਕਾਰ ਸੇਵਾ ਚੱਲ ਰਹੀ ਹੈ। ਸੰਗਤ ਦੀ ਸਹੂਲਤ ਲਈ ਸਾਈਕਲ/ਸਕੂਟਰ ਸਟੈਂਡ ਦੀ ਬਿਲਡਿੰਗ ਦੇ ਅੰਦਰ ਕਮਰੇ ਤਿਆਰ ਕੀਤੇ ਗਏ ਹਨ।

**ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ, ਕੱਥੂਨੰਗਲ, ਜ਼ਿਲ੍ਹਾ ਅੰਮ੍ਰਿਤਸਰ:–** ਗੁਰਦੁਆਰਾ ਸਾਹਿਬ ਵਿਖੇ ਨਵਾਂ ਦਫ਼ਤਰ ਅਤੇ ਮੀਟਿੰਗ ਹਾਲ ਤਿਆਰ ਕਰਵਾਇਆ ਗਿਆ। ਲੰਗਰ ਤਿਆਰ ਕਰਨ ਲਈ ਨਵੀਂ ਰਸੋਈ ਤਿਆਰ ਕਰਵਾਈ ਗਈ। 7 ਪੁਰਾਣੀਆਂ ਦੁਕਾਨਾਂ ਢਾਹ ਕੇ ਨਵੀਆਂ 7 ਦੁਕਾਨਾਂ ਤਿਆਰ ਕਰਵਾਈਆਂ ਗਈਆਂ। ਗੁਰਦੁਆਰਾ ਸਾਹਿਬ ਦੀ ਪਰਕਰਮਾ ਵਿਚ ਪਾਰਕ ਤਿਆਰ ਕਰਵਾਈ ਗਈ ਅਤੇ ਲੰਗਰ ਹਾਲ ਦੇ ਬਰਾਂਡੇ ਤਿਆਰ ਕਰਵਾਏ ਗਏ।

**ਗੁਰਦੁਆਰਾ ਗੁਰੂਸਰ ਸਤਲਾਣੀ ਸਾਹਿਬ ਪਾਤਸ਼ਾਹੀ ਛੇਵੀਂ, ਪਿੰਡ ਹੁਸ਼ਿਆਰ ਨਗਰ, ਜ਼ਿਲ੍ਹਾ ਅੰਮ੍ਰਿਤਸਰ:–** ਗੁਰਦੁਆਰਾ ਸਾਹਿਬ ਵਿਖੇ ਸਰੋਵਰ ਦੇ ਤਿੰਨ ਸਾਈਡ ਵਰਾਂਡੇ ਪਾਏ ਗਏ ਹਨ। ਸੰਗਤ ਦੀ ਸਹੂਲਤ ਲਈ ਨਵੇਂ ਬਾਥਰੂਮ ਤਿਆਰ ਕਰਵਾਏ ਗਏ। ਗੁਰਦੁਆਰਾ ਸਾਹਿਬ ਦੀ ਚਾਰ ਦੀਵਾਰੀ ਅਤੇ ਮੇਨ ਗੇਟ ਦਾ ਕੰਮ ਚੱਲ ਰਿਹਾ ਹੈ।

**ਗੁਰਦੁਆਰਾ ਸਾਹਿਬ ਪਾਤਸ਼ਾਹੀ ਪੰਜਵੀਂ ਤੇ ਨੌਵੀਂ, ਗੁਰੂ ਕਾ ਬਾਗ, ਜ਼ਿਲ੍ਹਾ ਅੰਮ੍ਰਿਤਸਰ:–** ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਦਰਬਾਰ ਸਾਹਿਬ ਦੇ ਸਾਹਮਣੇ ਪੌੜੀਆਂ ਉੱਪਰ ਸਟੀਲੀ ਪਾਈਪ ਲਗਾ ਕੇ ਫਾਈਬਰ ਲਗਾਈ ਗਈ ਅਤੇ ਕਾਊਂਟਰ ਕੜਾਹਿ ਪ੍ਰਸ਼ਾਦਿ ਦਾ ਸ਼ੈੱਡ ਤਿਆਰ ਕੀਤਾ ਗਿਆ। ਗੁਰਦੁਆਰਾ ਸਾਹਿਬ ਦੇ ਨਵੇਂ ਦਫ਼ਤਰ ਦੀ ਇਮਾਰਤ ਦੀ ਸੇਵਾ ਚੱਲ ਰਹੀ ਰਹੀ ਹੈ।



**ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤਸ਼ਾਹੀ ਨੌਵੀਂ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ:–** ਨਵੇਂ ਬਣੇ ਲੰਗਰ ਹਾਲ, ਨਵੇਂ ਜੋੜਾ ਘਰ ਅਤੇ ਗੁਰਦੁਆਰਾ ਮੰਜੀ ਸਾਹਿਬ ਦੀ ਨਵੀਂ ਇਮਾਰਤ ਦਾ ਉਦਘਾਟਨ ਕੀਤਾ ਗਿਆ। ਕੜਾਹਿ ਪ੍ਰਸ਼ਾਦਿ ਵਰਤਾਉਣ ਲਈ ਕੈਬਨ ਤਿਆਰ ਕਰਵਾਏ ਗਏ। ਗੁਰਦੁਆਰਾ ਸਾਹਿਬ ਦੀ ਸੁੰਦਰ ਦਿੱਖ ਲਈ 1000 ਗਮਲੇ (ਫੁੱਲਾਂ ਸਮੇਤ) ਲਗਵਾਏ ਗਏ। ਗੁਰਦੁਆਰਾ ਸਾਹਿਬ ਦੀ ਪਰਕਰਮਾ ਵਿਚ 2 ਐਲਈਡੀਜ਼ ਅਤੇ ਨਵੇਂ ਕੈਮਰੇ ਲਗਾਏ ਗਏ।

**ਗੁਰਦੁਆਰਾ ਨਾਨਕਸਰ ਸਾਹਿਬ ਪਾਤਸ਼ਾਹੀ ਪਹਿਲੀ, ਵੇਰਕਾ, ਜ਼ਿਲ੍ਹਾ ਅੰਮ੍ਰਿਤਸਰ:–** ਗੁਰਦੁਆਰਾ ਸਾਹਿਬ ਦੀ ਮਲਕੀਅਤੀ ਜ਼ਮੀਨ 4 ਕਨਾਲ, 17 ਮਰਲੇ ਅਤੇ 7 ਕਨਾਲ 11 ਮਰਲੇ ਦੀ ਨਿਸ਼ਾਨਦੇਹੀ ਹੋਣ ਵਾਲੀ ਸੀ, ਨਿਸ਼ਾਨਦੇਹੀ ਕਰਵਾ ਕੇ ਕਬਜ਼ੇ ਛੁਡਵਾਏ ਗਏ। ਇਸ ਜਗ੍ਹਾ ਵਿਚ ਛੱਪੜ ਹੋਣ ਕਰਕੇ ਉਨ੍ਹਾਂ ਨੂੰ ਪੂਰ ਕੇ ਜਗ੍ਹਾ ਵਰਤੋਂ ਵਿਚ ਲਿਆਉਣ ਲਈ ਚਾਰਦੀਵਾਰੀ ਕਰਨ ਦਾ ਕੰਮ ਕੀਤਾ ਜਾ ਰਿਹਾ ਹੈ। ਜਗ੍ਹਾ ਪੱਧਰੀ ਕਰਕੇ ਦੀਵਾਰ ਕਰਕੇ ਪਲਾਟ ਕਵਰ ਕੀਤਾ ਜਾਵੇਗਾ। ਗੁਰਦੁਆਰਾ ਸਾਹਿਬ ਵਿਖੇ ਦੋ ਦੁਕਾਨਾਂ ਤਿਆਰ ਕੀਤੀਆਂ ਗਈਆਂ ਜੋ ਕਿਰਾਏਪੁਰ ਚਲ ਰਹੀਆਂ ਹਨ।



**ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ:–** ਸ੍ਰੀ ਦਰਬਾਰ ਸਾਹਿਬ ਦੀ ਇਮਾਰਤ ਅਤੇ ਬਾਬਾ ਅਜਿੱਤਾ ਰੰਧਾਵਾ ਜੀ ਦੇ ਖੂਹ ਦੀ ਸੇਵਾ ਮੁਕੰਮਲ ਕਰਨ ਉਪਰੰਤ ਸੰਗਤ ਅਰਪਨ ਕੀਤੇ ਗਏ। ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਗੁੰਬਦ ਉਪਰ ਸੋਨੇ ਦੇ ਸੁਨਹਿਰੀ ਪੱਤਰਿਆਂ ਦੀ ਸੇਵਾ ਚੱਲ ਰਹੀ ਹੈ ਅਤੇ ਪਰਕਰਮਾਂ ਵਿਚ ਪੱਥਰ ਲਗਾਉਣ ਦੀ ਸੇਵਾ ਕਰਵਾਈ ਜਾ ਰਹੀ ਹੈ।

**ਗੁਰਦੁਆਰਾ ਸ੍ਰੀ ਕੰਧ ਸਾਹਿਬ, ਬਟਾਲਾ, ਜ਼ਿਲ੍ਹਾ ਗੁਰਦਾਸਪੁਰ:–** ਸੰਗਤਾਂ ਦੀ ਸਹੂਲਤ ਲਈ ਨਵੇਂ ਬਾਥਰੂਮ ਬਣਵਾਏ ਗਏ। ਕਾਉਂਟਰ ਕੜਾਹਿ ਪ੍ਰਸ਼ਾਦਿ ਲਈ ਨਵਾਂ ਕਾਉਂਟਰ ਬਣਾਇਆ ਗਿਆ। ਦਫ਼ਤਰ ਦੇ ਬਾਹਰ ਅਲਮੂਨੀਅਮ, ਸ਼ੀਸ਼ੇ ਆਦਿ ਦੀ ਫਿਟਿੰਗ ਕਰਵਾਈ ਗਈ ਅਤੇ ਫਰਨੀਚਰ ਆਦਿ ਦੀ ਸੇਵਾ ਕਰਵਾਈ ਗਈ।

**ਗੁਰਦੁਆਰਾ ਬਾਬਾ ਬੁੱਢਾ ਜੀ, ਤੇਜਾ ਕਲਾਂ, ਜ਼ਿਲ੍ਹਾ ਗੁਰਦਾਸਪੁਰ:–** ਗੁਰਦੁਆਰਾ ਸਾਹਿਬ ਵਿਖੇ ਦੀਵਾਨ ਹਾਲ, ਜੋੜਾ ਘਰ ਦਾ ਕਾਰਜ ਕਰਵਾਇਆ ਗਿਆ। ਸੰਗਤ ਦੀ ਸਹੂਲਤ ਲਈ ਕਾਰ ਪਾਰਕਿੰਗ ਦੀ ਸੇਵਾ ਦਾ ਕੰਮ ਚੱਲ ਰਿਹਾ ਹੈ।

**ਗੁਰਦੁਆਰਾ ਅੱਚਲ ਸਾਹਿਬ, ਪਿੰਡ ਸਲੋ ਚਾਹਲ, ਜ਼ਿਲ੍ਹਾ ਗੁਰਦਾਸਪੁਰ:–** ਗੁਰਦੁਆਰਾ ਸਾਹਿਬ ਵਿਖੇ ਲੰਗਰ ਹਾਲ ਅਤੇ ਰਸੋਈ ਦੀ ਇਮਾਰਤ ਦੀ ਤਿਆਰੀ ਦਾ ਕੰਮ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਸੰਗਤ ਵਾਸਤੇ ਪ੍ਰਸ਼ਾਦਿ ਵਰਤਾਉਣ ਵਾਲਾ ਕਾਉਂਟਰ ਤਿਆਰ ਕਰਵਾਇਆ ਗਿਆ। ਧਾਰਮਿਕ ਦੀਵਾਨ ਵਾਲੀ ਸਟੇਜ਼ ਪੁਰ ਕੈਬਿਨ, ਸ੍ਰੀ ਦਰਬਾਰ ਸਾਹਿਬ ਦੇ ਬਾਹਰ ਨਵੀਂ ਚਰਨ ਗੰਗਾ ਅਤੇ ਇੰਟਰਲਾਕ ਟਾਈਲਾਂ ਦੀ ਸੇਵਾ ਕਰਵਾਈ ਗਈ ਹੈ। ਸ੍ਰੀ ਦਰਬਾਰ ਸਾਹਿਬ ਵਾਲੇ ਕਮਰੇ ਵਿਚ ਪੀਵੀਸੀ ਬੋਰਡ ਲਗਵਾ ਕੇ ਤਿਆਰੀ ਕਰਵਾਈ ਗਈ।



**ਗੁਰਦੁਆਰਾ ਸ੍ਰੀ ਛੇਹਰਟਾ ਸਾਹਿਬ ਪਾਤਸ਼ਾਹੀ ਛੇਵੀਂ, ਸ੍ਰੀ ਅੰਮ੍ਰਿਤਸਰ:–** ਗੁਰਦੁਆਰਾ ਸਾਹਿਬ ਵਿਖੇ ਨਵੀਂ ਬਣੀ ਦਰਸ਼ਨੀ ਡਿਓੜੀ ਦਾ ਉਦਘਾਟਨ ਕੀਤਾ ਗਿਆ। ਲੰਗਰ ਵਾਸਤੇ ਨਵੀਂ ਆਟਾ ਚੱਕੀ ਲਗਾਈ ਗਈ। ਕਾਊਂਟਰ ਕੜਾਹਿ ਪ੍ਰਸ਼ਾਦਿ ਪੁਰ ਕੰਪਿਊਟਰ ਲਗਾਏ ਗਏ ਅਤੇ ਨਵੇਂ ਬਾਥਰੂਮ ਤਿਆਰ ਕਰਵਾਏ ਜਾ ਰਹੇ ਹਨ।

**ਗੁਰਦੁਆਰਾ ਡੇਹਰਾ ਸਾਹਿਬ ਸਤਿਕਰਤਾਰੀਆਂ ਪਾਤਸ਼ਾਹੀ ਛੇਵੀਂ, ਜ਼ਿਲ੍ਹਾ ਗੁਰਦਾਸਪੁਰ:–** ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਵਿਖੇ ਸ੍ਰੀ ਦਰਬਾਰ ਸਾਹਿਬ ਦੇ ਅੰਦਰ ਪ੍ਰਕਾਸ਼ ਅਸਥਾਨ ਤੇ ਸਟੀਲੀ ਜਾਗਲਾਂ ਸਮੇਤ ਕੱਚ ਲਗਾਇਆ ਅਤੇ ਦਰਬਾਰ ਵਿਚ ਏਸੀ ਲਗਾਇਆ। ਸਰਾਂ ਵਿਚ ਏਸੀ, ਬੈੱਡ ਅਤੇ ਗੀਜਰ ਲਗਵਾਏ ਗਏ। ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਵਿਖੇ ਪੂਰਾ ਦਰਬਾਰ ਹਾਲ ਏਸੀ ਕਰਾਇਆ ਗਿਆ।

**ਗੁਰਦੁਆਰਾ ਸਾਹਿਬ ਪਾਤਸ਼ਾਹੀ ਪੰਜਵੀਂ, ਓਠੀਆਂ, ਜ਼ਿਲ੍ਹਾ ਗੁਰਦਾਸਪੁਰ:–** ਗੁਰਦੁਆਰਾ ਸਾਹਿਬ ਵਿਖੇ ਲੰਗਰ ਹਾਲ ਦੀ ਰਸੋਈ ਤਿਆਰ ਕੀਤੀ ਗਈ ਹੈ। ਲੰਗਰ ਹਾਲ ਦੇ ਅੱਗੇ ਕੱਚੀ ਜਗ੍ਹਾ 'ਤੇ ਟਾਈਲਾਂ ਲਗਾਈਆਂ ਗਈਆਂ ਅਤੇ ਪਾਣੀ ਵਾਲੀ ਟੈਂਕੀ ਤਿਆਰ ਕਰਵਾਈ ਗਈ ਹੈ।

**ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ, ਜ਼ਿਲ੍ਹਾ ਗੁਰਦਾਸਪੁਰ:–** ਗੁਰਦੁਆਰਾ ਸਾਹਿਬ ਵਿਖੇ ਨਵੇਂ ਦਰਬਾਰ ਹਾਲ ਦੀ ਸੇਵਾ ਚੱਲ ਰਹੀ ਹੈ, ਜੋ ਕੁਝ ਮਹੀਨਿਆਂ ਤੱਕ ਸੰਪੂਰਨ ਹੋ ਜਾਵੇਗੀ। ਨਵਾਂ ਜੋੜਾ ਘਰ ਤਿਆਰ ਕਰਵਾਇਆ ਗਿਆ ਅਤੇ ਗੁਰਦੁਆਰਾ ਸਾਹਿਬ ਦੀ ਲੋੜ ਨੂੰ ਮੁੱਖ ਰੱਖਦਿਆਂ 125 ਕਿਲੋਵਾਟ ਦਾ ਜਨਰੇਟਰ ਲਗਾਇਆ ਗਿਆ। ਗੁਰਦੁਆਰਾ ਸਾਹਿਬ ਵਿਖੇ ਸੰਗਤ ਵੱਲੋਂ ਪ੍ਰਸ਼ਾਦੇ ਪਕਾਉਣ ਵਾਲੀ ਮਸ਼ੀਨ ਦੀ ਸੇਵਾ ਕਰਵਾਈ ਗਈ।

ਗੁਰਦੁਆਰਾ ਸਾਹਿਬ ਵਿਖੇ ਨਵਾਂ ਜੋੜਾ ਘਰ ਬਣਵਾਇਆ ਗਿਆ ਹੈ।

**ਗੁਰਦੁਆਰਾ ਸ੍ਰੀ ਬਾਰਠ ਸਾਹਿਬ, ਜ਼ਿਲ੍ਹਾ ਪਠਾਨਕੋਟ:–** ਗੁਰਦੁਆਰਾ ਸਾਹਿਬ ਲਈ 50 ਏਕੜ ਜ਼ਮੀਨ ਖਰੀਦ ਕੀਤੀ ਗਈ। ਸ਼੍ਰੋਮਣੀ ਕਮੇਟੀ ਵੱਲੋਂ ਆਰੰਭੀ ਹਰਿਆਵਲ ਲਹਿਰ ਤਹਿਤ ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਇਕ ਏਕੜ ਜ਼ਮੀਨ ਵਿਚ ਜੰਗਲ ਲਗਾਇਆ ਗਿਆ। ਇਸ ਦੇ ਨਾਲ ਹੀ ਗੁਰਦੁਆਰਾ ਸਾਹਿਬ ਵਿਖੇ ਸੰਗਤ ਦੀ ਆਮਦ ਨੂੰ ਮੁੱਖ ਰੱਖਦਿਆਂ ਹੋਇਆ ਨਵੀਂ ਸਰਾਂ ਦੀ ਤਿਆਰੀ ਕਰਵਾਈ ਜਾ ਰਹੀ ਹੈ ਅਤੇ ਬਿਜਲੀ ਦੇ ਪ੍ਰਬੰਧ ਨੂੰ ਮੁੱਖ ਰੱਖਦਿਆਂ ਹੋਇਆਂ ਬਿਜਲੀ ਪੈਨਲ ਬੋਰਡ ਲਗਵਾਇਆ ਗਿਆ ਹੈ।

**ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਤਰਨ ਤਾਰਨ:-** ਗੁਰਦੁਆਰਾ ਸਾਹਿਬ ਦੀ ਮੇਨ ਦਰਸ਼ਨੀ ਡਿਓੜੀ ਦੀ ਸੇਵਾ ਸ਼ੁਰੂ ਕਰਵਾਈ, ਜੋ ਮੁਕੰਮਲ ਹੋਣ ਵਾਲੀ ਹੈ। ਗੁਰਦੁਆਰਾ ਸਾਹਿਬ ਵਿਖੇ ਸੰਗਤ ਦੀ ਸਹੂਲਤ ਲਈ ਬਹੁਮੰਜਲੀ ਕਾਰ-ਪਾਰਕਿੰਗ ਦੀ ਸੇਵਾ ਸ਼ੁਰੂ ਕਰਵਾਈ ਗਈ, ਜਿਸਦੀ ਚੌਥੀ ਮੰਜ਼ਲ ਦਾ ਲੈਂਟਰ ਪੈ ਚੁੱਕਾ ਹੈ ਅਤੇ ਸੇਵਾ ਲਗਾਤਾਰ ਜਾਰੀ ਹੈ। ਗੁਰਦੁਆਰਾ ਸਾਹਿਬ ਦੇ ਸਮੁੱਚੇ ਕੰਪਲੈਕਸ ਨੂੰ ਰੰਗ ਰੋਗਨ ਦੀ ਸੇਵਾ ਕਰਵਾਈ ਗਈ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਯਤਨਾਂ ਸਦਕਾ ਗੁਰਦੁਆਰਾ ਸਾਹਿਬ ਦੇ ਲੰਗਰ ਹਾਲ ਦੇ ਨਜ਼ਦੀਕ ਤਕਰੀਬਨ ਤਿੰਨ ਕਨਾਲ ਜਗ੍ਹਾ ਜਿਸਦੀ ਕੀਮਤ 2 ਕਰੋੜ ਤੋਂ ਵੱਧ ਸੀ, ਨੂੰ ਬਿਨਾਂ ਕਿਸੇ ਖਰਚੇ/ਫਰੀ ਵਿਚ ਸੰਗਤਾਂ ਦੀ ਵਰਤੋਂ ਵਿਚ ਲਿਆਂਦਾ ਗਿਆ ਹੈ। ਗੁਰਦੁਆਰਾ ਸਾਹਿਬ ਦੇ ਪ੍ਰਬੰਧ ਨਾਲ ਅਟੈਚ ਗੁਰਦੁਆਰਾ ਗੁਰੂ ਕਾ ਖੂਹ ਸਾਹਿਬ ਵਿਖੇ ਲੰਗਰ ਹਾਲ ਦੀ ਨਵੀਂ ਇਮਾਰਤ, ਸ੍ਰੀ ਅਖੰਡ ਪਾਠ ਸਾਹਿਬ ਲਈ ਦੋ ਕਮਰੇ ਅਤੇ ਸੁਖਆਸਣ ਅਸਥਾਨ ਦੀ ਕਾਰ ਸੇਵਾ ਕਰਵਾਈ ਜਾ ਰਹੀ ਹੈ। ਗੁਰਦੁਆਰਾ ਖੂਹ ਬੀਬੀ ਭਾਨੀ ਜੀ ਦਾ ਪ੍ਰਬੰਧ ਨਵੇਂ ਸਿਰਿਉਂ ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਪਾਸੋਂ ਲਿਆ ਗਿਆ। ਗੁਰਦੁਆਰਾ ਸਾਹਿਬ ਦੀ ਪਰਕਰਮਾ ਵਿਚ ਸਥਿਤ ਸਮਾਧ ਬਾਬਾ ਫੂਲਾ ਸਿੰਘ ਜੀ ਦਾ ਪ੍ਰਬੰਧ ਲਿਆ ਗਿਆ। ਗੁਰਦੁਆਰਾ ਸਾਹਿਬ ਦੇ ਨਿਵਾਸ ਵਿਚ ਨਵੇਂ ਬਾਥਰੂਮਾਂ ਦੀ ਕਾਰ ਸੇਵਾ ਚੱਲ ਹੀ ਹੈ। ਗੁਰਦੁਆਰਾ ਸਾਹਿਬ ਵਿਖੇ ਬਿਜਲੀ ਦੀ ਖਪਤ ਨੂੰ ਵੇਖਦੇ ਹੋਏ 150 ਕੇ.ਵੀ.ਏ. ਦਾ ਨਵਾਂ ਸੋਲਰ ਸਿਸਟਮ ਸੇਵਾ ਵਿਚ ਸੰਗਤਾਂ ਪਾਸੋਂ ਲਗਵਾਇਆ ਗਿਆ ਹੈ।

**ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ, ਠੱਠਾ, ਜ਼ਿਲ੍ਹਾ ਤਰਨ ਤਾਰਨ:-** ਗੁਰਦੁਆਰਾ ਸਾਹਿਬ ਵਿਖੇ ਅਨੰਦ ਕਾਰਜ ਅਤੇ ਅੰਮ੍ਰਿਤ ਸੰਚਾਰ ਲਈ ਮੀਰੀ ਪੀਰੀ ਹਾਲ ਤਿਆਰ ਕੀਤਾ ਗਿਆ ਅਤੇ ਨਵੀਂ ਛਬੀਲ ਤਿਆਰੀ ਕਰਵਾਈ ਗਈ। ਇਸੇ ਤਰ੍ਹਾਂ ਭਾਫ਼ ਵਿਧੀ ਨਾਲ ਲੰਗਰ ਤਿਆਰ ਕਰਨ ਲਈ ਸਟੀਮ ਬੁਆਇਲਰ ਲਗਾਇਆ ਗਿਆ ਅਤੇ ਸੰਗਤ ਦੀ ਸਹੂਲਤ ਲਈ ਨਵੇਂ ਬਾਥਰੂਮ ਤਿਆਰ ਕੀਤੇ ਗਏ। ਗੁਰਦੁਆਰਾ ਸਾਹਿਬ ਵਿਖੇ ਪਰਕਰਮਾ ਵਿਚ ਪੱਥਰ ਦੀ ਸੇਵਾ ਚੱਲ ਰਹੀ ਹੈ। ਗੁਰਮਤਿ ਲਿਟਰੇਚਰ ਹਾਊਸ ਨੂੰ ਨਵੀਨੀਕਰਨ ਕਰਨ ਦੇ ਨਾਲ-ਨਾਲ ਕਾਰਪਾਰਕਿੰਗ ਦੀ ਚਾਰਦੀਵਾਰੀ ਅਤੇ ਇੰਟਰਲਾਕ ਟਾਇਲਾਂ ਲਗਾਉਣ ਦਾ ਕਾਰਜ ਚੱਲ ਰਿਹਾ ਹੈ।

**ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਗੋਇੰਦਵਾਲ, ਜ਼ਿਲ੍ਹਾ ਤਰਨ ਤਾਰਨ:-** ਸ੍ਰੀ ਗੁਰੂ ਅਮਰਦਾਸ ਜੀ ਦੇ 450 ਸਾਲਾ ਜੋਤੀ ਜੋਤਿ ਦਿਵਸ ਨੂੰ ਸਮਰਪਿਤ ਹੁੰਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਵਿਸ਼ੇਸ਼ ਕਾਰਜ ਕਰਵਾਏ ਜਾ ਰਹੇ ਹਨ। ਗੁਰਦੁਆਰਾ ਸਾਹਿਬ ਵਿਖੇ ਲੰਗਰ ਹਾਲ ਦੀ ਨਵੀਂ ਇਮਾਰਤ ਦੀ ਸੇਵਾ ਸ਼ੁਰੂ ਕੀਤੀ ਗਈ ਹੈ। ਇਸ ਦੇ ਨਾਲ ਹੀ ਨਵੇਂ ਇਸ਼ਨਾਨ ਘਰ ਬਣ ਕੇ ਤਿਆਰ ਹੋ ਗਏ ਹਨ ਅਤੇ ਕਮਰੇ ਬਣਾਉਣ ਦਾ ਕਾਰਜ ਚੱਲ ਰਿਹਾ ਹੈ। ਸ੍ਰੀ ਗੁਰੂ ਅਮਰ ਦਾਸ ਜੀ ਨਿਵਾਸ ਦੇ ਪੁਰਾਣੇ ਕਮਰਿਆਂ ਦੀ ਥਾਂ ਨਵੇਂ ਕਮਰੇ ਤਿਆਰ ਕਰਵਾਏ ਜਾ ਰਹੇ ਹਨ। ਗੁਰਦੁਆਰਾ ਸਾਹਿਬ ਵਿਖੇ ਸ੍ਰੀ ਦਰਬਾਰ ਸਾਹਿਬ ਦੇ ਸਾਹਮਣੇ ਅਤੇ ਕਾਊਂਟਰ ਕੜਾਹਿ ਪ੍ਰਸ਼ਾਦਿ ਦੇ ਸਾਹਮਣੇ ਨਵੇਂ ਸ਼ੈੱਡ ਤਿਆਰ ਕੀਤੇ ਗਏ। ਪੁਰਾਣਾ ਜੋੜੇ ਘਰ ਨੂੰ ਆਧੁਨਿਕ ਤਰੀਕੇ ਨਾਲ ਤਿਆਰ ਕਰਨ ਦਾ ਕਾਰਜ ਚੱਲ ਰਿਹਾ ਹੈ। ਦਰਸ਼ਨੀ ਡਿਓੜੀ ਦੇ ਨਜ਼ਦੀਕ ਲਿਟਰੇਚਰ ਹਾਊਸ ਤਿਆਰ ਕਰਵਾਇਆ ਗਿਆ ਹੈ। ਗੁਰਦੁਆਰਾ ਸ੍ਰੀ ਚੁਬਾਰਾ ਸਾਹਿਬ ਅਤੇ ਗੁਰਦੁਆਰਾ ਖੂਹ ਸਾਹਿਬ ਵਿਖੇ ਸੰਗਤ ਦੀ ਸਹੂਲਤ ਲਈ ਨਵੇਂ ਬਾਥਰੂਮ/ਲੈਟਰੀਨ ਬਣਾਉਣ ਦਾ ਕਾਰਜ ਕੀਤਾ ਗਿਆ।



**ਗੁਰਦੁਆਰਾ ਬਾਬਾ ਬੀਰ ਸਿੰਘ ਜੀ, ਪਿੰਡ ਰੱਤੋਕੇ, ਜ਼ਿਲ੍ਹਾ ਤਰਨ ਤਾਰਨ:-** ਗੁਰਦੁਆਰਾ ਸਾਹਿਬ ਵਿਖੇ ਕੜਾਹਿ ਪ੍ਰਸ਼ਾਦਿ ਕਾਊਂਟਰ ਲਈ ਨਵਾਂ ਕਮਰਾ ਤਿਆਰ ਕੀਤਾ ਗਿਆ। ਲੰਗਰ ਹਾਲ ਦੇ ਬਾਹਰ ਭੱਠੀਆਂ ਬਣਾਈਆਂ ਤੇ ਉੱਪਰ ਸ਼ੈੱਡ ਵੀ ਪਾਇਆ ਗਿਆ। ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਆਦੇਸ਼ ਤਹਿਤ ਗੁਰਦੁਆਰਾ ਸਾਹਿਬ ਦੀ ਜ਼ਮੀਨ 'ਤੇ 1 ਏਕੜ ਰਕਬੇ ਵਿਚ ਜੰਗਲ ਲਗਾਇਆ।

**ਗੁਰਦੁਆਰਾ ਚੋਹਲਾ ਸਾਹਿਬ ਪਾਤਸ਼ਾਹੀ ਪੰਜਵੀਂ, ਜ਼ਿਲ੍ਹਾ ਤਰਨ ਤਾਰਨ:–** ਗੁਰਦੁਆਰਾ ਸਾਹਿਬ ਵਿਖੇ ਸ੍ਰੀ ਦਰਬਾਰ ਸਾਹਿਬ ਦੀ ਪਰਕਰਮਾ ਵਿਚ ਨਵੇਂ ਸਿਰਿਓਂ ਪੱਥਰ ਲਗਵਾਇਆ ਗਿਆ, ਦਰਬਾਰ ਹਾਲ ਨੂੰ ਸਟੀਲ ਦੇ 4 ਨਵੇਂ ਦਰਵਾਜ਼ੇ ਲਗਾਏ ਅਤੇ ਕੜਾਹਿ ਪ੍ਰਸ਼ਾਦਿ ਦੇ ਕਾਊਂਟਰਾਂ ਲਈ ਨਵੇਂ ਕਮਰੇ ਤਿਆਰ ਕੀਤੇ ਗਏ। ਸ੍ਰੀ ਗੁਰੂ ਅਰਜਨ ਦੇਵ ਜੀ ਖਾਲਸਾ ਕਾਲਜ ਚੋਹਲਾ ਸਾਹਿਬ ਵਿਖੇ ਵਾਧੂ ਪਈ 15 ਏਕੜ ਜ਼ਮੀਨ ਖੁਦਕਾਸ਼ਤ ਕੀਤੀ। ਗੁਰਦੁਆਰਾ ਸਾਹਿਬ ਵਿਖੇ ਪਹਿਲਾ ਬਣੇ ਦਫ਼ਤਰ ਦੇ ਉੱਪਰ ਨਵੇਂ ਕਮਰੇ ਤਿਆਰ ਕੀਤੇ ਗਏ।

**ਗੁਰਦੁਆਰਾ ਭਾਈ ਤਾਰਾ ਸਿੰਘ ਜੀ ਸ਼ਹੀਦ, ਪਿੰਡ ਵਾਂ, ਜ਼ਿਲ੍ਹਾ ਤਰਨ ਤਾਰਨ:–** ਗੁਰਦੁਆਰਾ ਸਾਹਿਬ ਨੂੰ ਰੰਗ ਰੋਗਨ ਕਰਵਾਇਆ। ਗੁਰਦੁਆਰਾ ਸਾਹਿਬ ਦੀ ਛੱਤ ਪੁਰ ਪੁਰਾਣਾ ਲੱਗਾ ਪੱਥਰ ਪੁੱਟ ਕੇ ਲਾਲ ਟਾਈਲਾਂ ਲਗਵਾਈਆਂ। ਗੁਰਦੁਆਰਾ ਸਾਹਿਬ ਵਿਖੇ ਸ੍ਰੀ ਦਰਬਾਰ ਸਾਹਿਬ ਜੀ ਦੇ ਛੱਜਿਆ ਦੀ ਰਿਪੇਅਰ ਕੀਤੀ ਗਈ।

**ਗੁਰਦੁਆਰਾ ਗੁਰੂਸਰ ਜਾਮਨੀ ਸਾਹਿਬ ਪਾਤਸ਼ਾਹੀ ਦਸਵੀਂ, ਬਜੀਦਪੁਰ, ਜ਼ਿਲ੍ਹਾ ਫਿਰੋਜ਼ਪੁਰ:–** ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਦੀ ਬੇਸਮੈਂਟ, ਪਾਣੀ ਦੀ ਛਬੀਲ, ਸਰੋਵਰ ਵਿਚ ਬੀਬੀਆਂ ਲਈ ਪੌਣਾ, ਜੋੜਾ ਘਰ ਦਾ ਵਿਸਥਾਰ ਅਤੇ ਸਰੋਵਰ ਦੀ ਪਰਕਰਮਾ ਦੀ ਸੇਵਾ ਕਰਵਾਈ ਗਈ। ਇਸੇ ਤਰ੍ਹਾਂ ਗੁਰਦੁਆਰਾ ਸਾਹਿਬ ਦੀ 1 ਏਕੜ ਜਮੀਨ ਵਿਚ ਜੰਗਲ ਲਗਾਇਆ ਗਿਆ, 32 ਸੀਸੀਟੀਵੀ ਕੈਮਰੇ ਲਗਾਏ ਗਏ ਅਤੇ ਲੰਗਰ ਵਿੱਚ ਰੋਟੀਆਂ ਬਣਾਉਣ ਵਾਲੀ ਵੱਡੀ ਮਸ਼ੀਨ ਲਗਾਈ ਗਈ।

**ਗੁਰਦੁਆਰਾ ਸ੍ਰੀ ਬੇਰ ਸਾਹਿਬ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ:–** ਗੁਰਦੁਆਰਾ ਕੋਠੜੀ ਸਾਹਿਬ ਵਿਖੇ ਜਗ੍ਹਾ ਘੱਟ ਹੋਣ ਦੇ ਕਾਰਨ ਗੁਰਦੁਆਰਾ ਸਾਹਿਬ ਦੀ ਨਾਲ ਲਗਦੀ 25 ਮਰਲੇ ਜਗ੍ਹਾ ਖਰੀਦ ਕੀਤੀ ਗਈ। ਜਿਸ ਵਿਚ ਕਾਰਸੇਵਾ ਰਾਹੀਂ ਮਾਸਟਰ ਪਲੈਨ ਅਨੁਸਾਰ ਇਮਾਰਤੀ ਕਾਰਜ ਤਿਆਰ ਕਰਨ ਦੀ ਤਜਵੀਜ਼ ਹੈ। ਇਸ ਗੁਰਦੁਆਰਾ ਸਾਹਿਬ ਵਿਖੇ ਕਾਰਸੇਵਾ ਰਾਹੀਂ ਲੰਗਰ ਹਾਲ ਦੀ ਰਸੋਈ, ਬੇਬੇ ਨਾਨਕੀ ਨਿਵਾਸ ਦੇ ਸਾਹਮਣੇ ਬਣਿਆ ਹਾਲ ਅਤੇ ਇਸ ਗੁਰਦੁਆਰਾ ਸਾਹਿਬ ਨਾਲ ਅਟੈਚ ਗੁਰਦੁਆਰਾ ਹੱਟ ਸਾਹਿਬ ਵਿਖੇ 18 ਨਵੀਆਂ ਦੁਕਾਨਾਂ ਤਿਆਰ ਕੀਤੀਆਂ ਗਈਆਂ। ਸਟਾਫ ਲਈ ਰਿਹਾਇਸ਼ੀ ਕੁਆਟਰ ਤੇ ਸੰਗਤ ਲਈ ਪਾਰਕਿੰਗ ਦਾ ਕਾਰਜ ਕਾਰ ਸੇਵਾ ਰਾਹੀਂ ਕਰਵਾਇਆ ਜਾ ਰਿਹਾ ਹੈ। ਇਸ ਗੁਰਦੁਆਰਾ ਸਾਹਿਬ ਨਾਲ ਅਟੈਚ ਗੁਰਦੁਆਰਾ ਗੁਰੂ ਕਾ ਬਾਗ ਸਾਹਿਬ ਵਿਖੇ ਸੰਗਤ ਦੀ ਸਹੂਲਤ ਲਈ ਨਵੇਂ ਬਾਥਰੂਮ ਤਿਆਰ ਕਰਵਾਏ ਜਾ ਰਹੇ ਹਨ। ਗੁਰਦੁਆਰਾ ਸਿਹਰਾ ਸਾਹਿਬ ਵਿਖੇ ਲੰਗਰ ਹਾਲ ਅਤੇ ਨਵੇਂ ਬਾਥਰੂਮਾਂ ਦੀ ਕਾਰਸੇਵਾ ਚੱਲ ਰਹੀ ਹੈ। ਇਸ ਗੁਰਦੁਆਰਾ ਸਾਹਿਬ ਨਾਲ ਅਟੈਚ ਗੁਰਦੁਆਰਾ ਸੰਤ ਘਾਟ ਸਾਹਿਬ ਵਿਖੇ ਮੂਲਮੰਤਰ ਅਸਥਾਨ ਦੀ ਉਸਾਰੀ ਕਾਰਸੇਵਾ ਬਾਬਾ ਮਹਿੰਦਰ ਸਿੰਘ ਜੀ ਅਤੇ ਯੂਕੇ ਦੀ ਸੰਗਤ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਹੈ। ਇਸ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਨਾਲ ਅਟੈਚ ਗੁਰਦੁਆਰਾ ਬਾਬਾ ਸੁਖਚੈਨ ਦਾਸ ਜੀ ਬਾਜਵਾ ਕਲਾਂ ਵਿਖੇ ਲੋੜ ਨੂੰ ਮੁੱਖ ਰੱਖਦਿਆਂ ਪ੍ਰਧਾਨ ਸਾਹਿਬ ਜੀ ਅਗਵਾਈ ਵਿਚ ਗੁਰਦੁਆਰਾ ਸਾਹਿਬ ਦੇ ਨਾਲ ਲਗਦੀ 31 ਮਰਲੇ ਜਗ੍ਹਾ ਖਰੀਦ ਕੀਤੀ ਗਈ ਅਤੇ ਦਰਬਾਰ ਸਾਹਿਬ ਵਿਖੇ ਅਖੰਡਪਾਠਾਂ ਦੀ ਗੈਲਰੀ ਨੂੰ ਵੱਡਾ ਕਰਨ ਦੀ ਸੇਵਾ ਦਾ ਕਾਰਜ ਚੱਲ ਰਿਹਾ ਹੈ।

**ਗੁਰਦੁਆਰਾ ਪ੍ਰਕਾਸ਼ ਅਸਥਾਨ ਭਾਈ ਲਾਲੂ ਜੀ ਅਤੇ ਗੁਰਦੁਆਰਾ ਬਾਉਲੀ ਸਾਹਿਬ ਡੱਲਾ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ:–** ਗੁਰਦੁਆਰਾ ਭਾਈ ਲਾਲੂ ਜੀ ਵਿਖੇ ਦੀਵਾਨ ਹਾਲ, ਜੋੜਾ ਘਰ, ਪਾਣੀ ਵਾਲੀ ਟੈਂਕੀ ਦੀ ਉਸਾਰੀ ਕਰਵਾਈ ਗਈ। ਗੁਰਦੁਆਰਾ ਬਾਉਲੀ ਸਾਹਿਬ ਵਿਖੇ ਸਰਾਂ ਦਾ ਸੁੰਦਰੀਕਰਨ ਕਰਨ ਦੇ ਨਾਲ ਸੰਗਤ ਦੀ ਸਹੂਲਤ ਲਈ ਨਵੇਂ ਬਾਥਰੂਮ ਤਿਆਰ ਕਰਵਾਏ ਗਏ। ਇਸੇ ਤਰ੍ਹਾਂ ਗੁਰਦੁਆਰਾ ਸਾਹਿਬ ਦੀ ਪਰਕਰਮਾ ਵਿਖੇ ਨਵਾਂ ਸ਼ੈੱਡ ਬਣਵਾਇਆ ਅਤੇ ਗੁਰਦੁਆਰਾ ਸਾਹਿਬ ਦੀ ਜ਼ਮੀਨ ਵਿਚ ਪਾਈਪ ਲਾਈਨ ਪਵਾਈ ਗਈ। ਗੁਰਦੁਆਰਾ ਸਾਹਿਬ ਦੀ ਜ਼ਮੀਨ ਵਿਚ ਜੰਗਲ/ਬਾਗ ਲਗਵਾਇਆ ਗਿਆ।

**ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਅਤੇ ਗੁਰਦੁਆਰਾ ਪਾਤਸ਼ਾਹੀ ਛੇਵੀਂ (ਚੌੜਾ ਖੂਹ) ਫਗਵਾੜਾ:–** ਲੰਗਰ ਦੇ ਬਾਹਰ ਦੋਵੇਂ ਪਾਸੇ ਨਵੇਂ ਸ਼ੈੱਡ ਬਣਾਏ ਗਏ। ਗੁਰਦੁਆਰਾ ਸਾਹਿਬ ਦੇ ਦਰਬਾਰ ਹਾਲ ਅੰਦਰ ਨਵੇਂ ਏਸੀ ਅਤੇ ਸੀਲਿੰਗ ਕਰਾਈ ਗਈ। ਸੇਵਾ ਵਿਚ 16 ਮਰਲੇ ਜ਼ਮੀਨ ਗੁਰਦੁਆਰਾ ਸਾਹਿਬ ਦੇ ਨਾਮ ਕਰਾਈ। ਗੁਰਦੁਆਰਾ ਸਾਹਿਬ ਦੇ ਪੁਰਾਣੇ ਗੁਬੰਦਾਂ ਦੀ ਮੁਰੰਮਤ ਕਰਵਾਈ। ਨਵੇਂ ਨਿਸ਼ਾਨ ਸਾਹਿਬ ਦੀ ਸੇਵਾ ਕਰਵਾਈ ਗਈ।

**ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਪਾਤਸ਼ਾਹੀ ਛੇਵੀਂ, ਨਡਾਲਾ, ਜ਼ਿਲ੍ਹਾ ਫਿਰੋਜ਼ਪੁਰ:–** ਗੁਰਦੁਆਰਾ ਸਾਹਿਬ ਵਿਖੇ ਸੰਗਤ ਦੀ ਸਹੂਲਤ ਲਈ ਨਿਵਾਸ ਦੇ 7 ਕਮਰੇ ਤਿਆਰ ਕੀਤੇ ਗਏ।

**ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ, ਮੌ ਸਾਹਿਬ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ:–** ਗੁਰਦੁਆਰਾ ਸਾਹਿਬ ਦੀ ਤਿਆਰ ਕੀਤੀ ਜਾ ਰਹੀ ਇਮਾਰਤ ਦੇ ਪੱਥਰ ਅਤੇ ਲੱਕੜ ਦਾ ਕੰਮ ਚੱਲ ਰਿਹਾ ਹੈ।

**ਗੁਰਦੁਆਰਾ ਥੰਮ੍ਹ ਜੀ ਸਾਹਿਬ ਪਾਤਸ਼ਾਹੀ ਪੰਜਵੀਂ ਅਤੇ ਗੁਰਦੁਆਰਾ ਗੰਗਸਰ ਸਾਹਿਬ ਪਾਤਸ਼ਾਹੀ ਪੰਜਵੀਂ ਤੇ ਛੇਵੀਂ, ਕਰਤਾਰਪੁਰ, ਜ਼ਿਲ੍ਹਾ ਜਲੰਧਰ:-** ਗੁਰਦੁਆਰਾ ਸ੍ਰੀ ਥੰਮ੍ਹ ਜੀ ਸਾਹਿਬ ਵਿਖੇ ਦਰਬਾਰ ਸਾਹਿਬ ਜੀ ਦੇ ਗੁੰਬਦ ਦੇ ਛਤਰ ਉੱਪਰ ਸੋਨੇ ਦੀ ਝਾਲ ਦੀ ਸੇਵਾ ਹੋਈ। ਗੁਰਦੁਆਰਾ ਸ੍ਰੀ ਗੰਗਸਰ ਸਾਹਿਬ ਜੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਭਵਨ ਦੀ ਉਸਾਰੀ ਹੋਈ। ਗੁਰਦੁਆਰਾ ਸਾਹਿਬ ਵਿਖੇ ਨਵੇਂ ਦਫ਼ਤਰ ਅਤੇ ਮੀਟਿੰਗ ਹਾਲ ਤਿਆਰ ਕਰਵਾਏ ਗਏ।

**ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਦਸਵੀਂ ਆਲਮਗੀਰ, ਜ਼ਿਲ੍ਹਾ ਲੁਧਿਆਣਾ:-** ਗੁਰਦੁਆਰਾ ਸਾਹਿਬ ਦੀ ਨਵੀਂ ਇਮਾਰਤ ਸੰਗਤ ਅਰਪਨ ਕੀਤੀ ਗਈ, ਦਰਸ਼ਨੀ ਡਿਓੜੀ ਤੇ ਨਵੇਂ ਬਣੇ ਦਫ਼ਤਰ ਦਾ ਉਦਘਾਟਨ ਹੋਇਆ। ਸੰਗਤ ਦੀ ਸਹੂਲਤ ਲਈ ਨਵੀਂ ਸਰਾਂ ਤਿਆਰ ਕਰਵਾਈ ਗਈ। ਨਵੀਂ ਡਿਸਪੈਂਸਰੀ ਦਾ ਉਦਘਾਟਨ ਹੋਇਆ। ਸੰਗਤ ਲਈ ਨਵੀਂ ਸਾਈਕਲ/ਸਕੂਟਰ ਪਾਰਕਿੰਗ ਸਮੇਤ ਜਨਰੇਟਰ ਰੂਮ ਤਿਆਰ ਕੀਤਾ ਗਿਆ।

**ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਛੇਵੀਂ, ਸਰਾਏ ਲਸ਼ਕਰੀ ਕੋਟਾਂ, ਲੁਧਿਆਣਾ:-** ਦਰਬਾਰ ਸਾਹਿਬ ਅੱਗੇ ਸ਼ੈੱਡ ਪਾਇਆ ਗਿਆ। ਗੁਰਦੁਆਰਾ ਸਾਹਿਬ ਲਈ 2 ਨਵੇਂ ਟਰੈਕਟਰ ਖਰੀਦ ਕੀਤੇ। ਫਾਰਮ ਨਵਾਂ ਪਿੰਡ 110 ਕਿਲੇ ਜ਼ਮੀਨ ਵਿਚ ਪਾਈਪ ਲਾਈਨ ਪਾਈ ਗਈ। ਭਾਫ਼ ਨਾਲ ਲੰਗਰ ਤਿਆਰ ਕਰਨ ਵਾਲਾ ਪ੍ਰਾਜੈਕਟ ਲਗਾਇਆ ਗਿਆ। ਸੰਗਤਾਂ ਲਈ ਨਵੇਂ 21 ਬਾਥਰੂਮ ਤਿਆਰ ਕੀਤੇ ਗਏ। ਗੁਰਦੁਆਰਾ ਸਾਹਿਬ ਭਗਵਾਨਪੁਰਾ ਅਮਲੋਹ (ਸੈਕਸ਼ਨ 87) ਵਿਖੇ ਨਵੇਂ ਕਮਰੇ ਤਿਆਰ ਕੀਤੇ ਗਏ। ਗੁਰਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਭੋਰਲਾ (ਸੈਕਸ਼ਨ 87) ਵਿਖੇ ਨਵੇਂ ਕਮਰੇ ਤਿਆਰ ਕੀਤੇ ਗਏ। ਇਸੇ ਤਰ੍ਹਾਂ ਗੁਰਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਪਾਇਲ ਵਿਖੇ ਦਰਬਾਰ ਸਾਹਿਬ ਦੀ ਨਵੀਂ ਇਮਾਰਤ ਤਿਆਰ ਕਰਵਾਈ ਜਾ ਰਹੀ ਹੈ।

**ਗੁਰਦੁਆਰਾ ਸਾਹਿਬ ਪਾਤਸ਼ਾਹ ਦਸਵੀਂ, ਹੇਰਾਂ, ਜ਼ਿਲ੍ਹਾ ਲੁਧਿਆਣਾ:-** 1 ਟਰੈਕਟਰ ਨਿਊ ਹਾਲੈਂਡ 5620, 1 ਸੁਪਰਸੀਡਰ ਮਸ਼ੀਨ ਤੇ 1 ਹਲਾਂ ਵਾਲੀ ਚਰਖੜੀ ਖਰੀਦ ਕੀਤੀ ਗਈ।

**ਗੁਰਦੁਆਰਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਪਾਤਸ਼ਾਹੀ ਛੇਵੀਂ, ਗੁਰੂਸਰ ਸੁਧਾਰ, ਜ਼ਿਲ੍ਹਾ ਲੁਧਿਆਣਾ:-** ਨਹਾਰ ਨਿਵਾਸੀ ਸੰਗਤਾਂ ਵੱਲੋਂ 1 ਕਰੋੜ 40 ਲੱਖ ਦੇ ਕਰੀਬ ਦੀ ਜਗ੍ਹਾ ਗੁਰਦੁਆਰਾ ਸਾਹਿਬ ਨੂੰ ਭੇਟ ਕੀਤੀ ਗਈ। ਪਾਲਕੀ ਸਾਹਿਬ ਵਾਲੀ ਵੈਨ ਸੰਗਤ ਵੱਲੋਂ ਭੇਟ ਕੀਤੀ ਗਈ। ਗੁਰਦੁਆਰਾ ਸਾਹਿਬ ਵਿਖੇ ਯਾਤਰੂਆਂ ਲਈ ਮੀਰੀ-ਪੀਰੀ ਨਿਵਾਸ 45 ਕਮਰੇ, ਨਵਾਂ ਲੰਗਰ ਹਾਲ, ਪਾਣੀ ਵਾਲੀ ਟੈਂਕੀ ਅਤੇ ਸੰਗਤਾਂ ਲਈ ਜਨਰਲ ਬਾਥਰੂਮ ਆਦਿ ਤਿਆਰ ਕਰਵਾਏ ਜਾ ਰਹੇ ਹਨ।



**ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਗੁਰੂਸਰ, ਕਾਉਂਕੇ, ਜ਼ਿਲ੍ਹਾ ਲੁਧਿਆਣਾ:-** ਗੁਰਦੁਆਰਾ ਗੁਰੂਸਰ ਸਾਹਿਬ ਕਾਉਂਕੇ ਵਿਖੇ ਨਵੇਂ ਬਣੇ ਦਰਬਾਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕੀਤਾ ਗਿਆ। ਪੰਜ ਪਿਆਰਿਆਂ ਦੀ ਅਗਵਾਈ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਗੁਰਦੁਆਰਾ ਸਾਹਿਬ ਵਿਖੇ ਸੁਸ਼ੋਭਿਤ ਕਰਨ ਦੀ ਸੇਵਾ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਬਾਬਾ ਨਰਿੰਦਰ ਸਿੰਘ ਹਜ਼ੂਰ ਸਾਹਿਬ ਵਾਲਿਆਂ ਵੱਲੋਂ ਨਿਭਾਈ ਗਈ।

**ਗੁਰਦੁਆਰਾ ਸ੍ਰੀ ਰੇਰੂ ਸਾਹਿਬ ਪਾਤਸ਼ਾਹੀ ਦਸਵੀਂ, ਰਾਮਪੁਰ, ਜ਼ਿਲ੍ਹਾ ਲੁਧਿਆਣਾ:-** ਗੁਰਦੁਆਰਾ ਸਾਹਿਬ ਦੇ ਲੰਗਰ ਤਿਆਰ ਕਰਨ ਲਈ ਸ਼ੈੱਡ ਨੂੰ ਤੋੜ ਕੇ ਲੈਂਟਰ ਪਾਇਆ ਗਿਆ।

**ਗੁਰਦੁਆਰਾ ਲੋਹਗੜ੍ਹ ਸਾਹਿਬ ਦੀਨਾ ਪਾਤਸ਼ਾਹੀ ਦਸਵੀਂ ਅਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਮੋਗਾ:–** ਗੁਰਦੁਆਰਾ ਲੋਹਗੜ੍ਹ ਸਾਹਿਬ ਪਾਤਸ਼ਾਹੀ ਦਸਵੀਂ ਵਿਖੇ 1 ਏਕੜ ਵਿਚ ਬੂਟਿਆਂ ਦਾ ਜੰਗਲ ਲਗਾਇਆ ਗਿਆ। ਗੁਰਦੁਆਰਾ ਲੋਹਗੜ੍ਹ ਸਾਹਿਬ ਅਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਾਹਿਬ ਮੋਗਾ ਵਿਖੇ ਕਾਰ ਸੇਵਾ ਰਾਹੀਂ ਇੰਟਰਲਾਕ ਟਾਈਲਾਂ ਲਗਵਾਈਆਂ ਗਈਆਂ। ਗੁਰਦੁਆਰਾ ਲੋਹਗੜ੍ਹ ਸਾਹਿਬ ਪਾਤਸ਼ਾਹੀ ਦਸਵੀਂ ਦੀਨਾ ਵਿਖੇ ਕਾਰ ਸੇਵਾ ਵਾਲੇ ਬਾਬਿਆਂ ਦੇ ਸਹਿਯੋਗ ਨਾਲ ਸੱਚਖੰਡ ਤਿਆਰ ਕੀਤਾ ਜਾ ਰਿਹਾ ਹੈ। ਗੁਰਦੁਆਰਾ ਸਾਹਿਬ ਦੀ ਚਾਰ ਦੀਵਾਰੀ ਤਿਆਰ ਕਰਕੇ ਚਾਰ ਗੇਟ ਲਗਾਏ ਗਏ ਹਨ।

**ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ, ਰੋਪੜ ਵਿਖੇ ਹੋਏ ਅਤੇ ਹੋ ਰਹੇ ਕਾਰਜ:–** ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸੁੰਦਰੀਕਰਨ ਦਾ ਕੰਮ, ਨਵਾਂ ਪ੍ਰਬੰਧਕੀ ਬਲਾਕ, ਜੋੜਾਘਰ, ਗੱਠੜੀਘਰ, ਸਿੰਘ ਸਾਹਿਬ ਦੀ ਰਿਹਾਇਸ਼ ਅਤੇ ਦਫ਼ਤਰ ਦੀ ਇਮਾਰਤ ਦਾ ਕੰਮ ਕਾਰਸੇਵਾ ਰਾਹੀਂ ਚੱਲ ਰਿਹਾ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਨਿਵਾਸ ਦੇ ਪਹਿਲੇ ਪੜਾ ਦਾ ਉਦਘਾਟਨ ਕੀਤਾ ਗਿਆ। ਬਾਕੀ ਉਸਾਰੀ ਦੇ ਕੰਮ ਵਿਚ ਤੇਜੀ ਲਿਆਂਦੀ ਗਈ ਹੈ। ਗੁਰਦੁਆਰਾ ਸ੍ਰੀ ਪਤਾਲਪੁਰੀ ਸਾਹਿਬ ਵਿਖੇ ਜੋੜਾ ਘਰ, ਸ੍ਰੀ ਦਰਬਾਰ ਸਾਹਿਬ ਅਤੇ ਚੌਗਿਰਦੇ ਦਾ ਸੁੰਦਰੀਕਰਨ ਕਰਨ ਦਾ ਕੰਮ, ਨਵੇਂ ਕਾਊਂਟਰ ਕੜਾਹ ਪ੍ਰਸ਼ਾਦਿ ਦੀ ਉਸਾਰੀ ਦਾ ਕੰਮ ਸੇਵਾ ਰਾਹੀਂ ਕਰਵਾਇਆ ਜਾ ਰਿਹਾ ਹੈ। ਗੁਰਦੁਆਰਾ ਸ੍ਰੀ ਪਤਾਲਪੁਰੀ ਸਾਹਿਬ ਵਿਖੇ ਸਰਾਂ ਦੀ ਉਸਾਰੀ ਦਾ ਕੰਮ ਕਾਰਸੇਵਾ ਰਾਹੀਂ ਸ਼ੁਰੂ ਕਰਵਾਇਆ। ਗੁਰਦੁਆਰਾ ਸ੍ਰੀ ਪਤਾਲਪੁਰੀ ਸਾਹਿਬ ਵਿਖੇ ਕਾਰਸੇਵਾ ਰਾਹੀਂ ਅਸਥਘਾਟ ਸਰੋਵਰ ਦੀ ਰੈਨੋਵੇਸ਼ਨ ਦਾ ਕੰਮ ਕਰਵਾਇਆ। ਗੁਰਦੁਆਰਾ ਬਾਬਾ ਗੁਰਦਿੱਤਾ ਜੀ ਸ੍ਰੀ ਕੀਰਤਪੁਰ ਸਾਹਿਬ ਵਿਖੇ ਸੰਗਤ ਦੀ ਰਿਹਾਇਸ਼ ਲਈ ਸਰਾਂ ਦੀ ਉਸਾਰੀ ਦਾ ਕੰਮ ਸ਼ੁਰੂ ਕੀਤਾ ਗਿਆ। ਗੁਰਦੁਆਰਾ ਸਿਹਰਾ ਸਾਹਿਬ (ਹਿਮਾਚਲ ਪ੍ਰਦੇਸ਼) ਵਿਖੇ ਗ੍ਰੰਥੀ ਸਿੰਘਾਂ ਦੀ ਰਿਹਾਇਸ਼ ਲਈ ਇਮਾਰਤ ਸੇਵਾ ਰਾਹੀਂ ਸ਼ੁਰੂ ਕਰਵਾਈ। ਗੁਰਦੁਆਰਾ ਗੁਰੂ ਕਾ ਲਾਹੌਰ (ਹਿਮਾਚਲ ਪ੍ਰਦੇਸ਼) ਵਿਖੇ ਸਟਾਫ਼ ਦੀ ਰਿਹਾਇਸ਼ ਲਈ ਕਮਰੇ ਤਿਆਰ ਕਰਵਾਏ ਜਾ ਰਹੇ ਹਨ। ਗੁਰਦੁਆਰਾ ਕੋਟ ਸਾਹਿਬ, ਗੁਰਦੁਆਰਾ ਹਰਿਮੰਦਰ ਸਾਹਿਬ ਵਿਖੇ ਕਾਰ ਸੇਵਾ ਰਾਹੀਂ ਰੈਨੋਵੇਸ਼ਨ ਦਾ ਕੰਮ ਸ਼ੁਰੂ ਕਰਵਾਇਆ ਗਿਆ।

ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਲੰਗਰ ਵਿਖੇ ਨਵੇਂ ਕੋਲਡ ਸਟੋਰ ਦੀ ਉਸਾਰੀ ਦਾ ਕੰਮ ਚੱਲ ਰਿਹਾ ਹੈ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਲੰਗਰ ਵਿਖੇ ਨਵੇਂ ਸਟੀਮ ਪਲਾਂਟ ਤੇ ਸਟੀਮ ਭੱਠੀਆਂ ਲਗਵਾਈਆਂ ਗਈਆਂ। ਗੁਰਦੁਆਰਾ ਕੋਟ ਸਾਹਿਬ, ਗੁਰਦੁਆਰਾ ਹਰਿਮੰਦਰ ਸਾਹਿਬ ਅਤੇ ਗੁਰਦੁਆਰਾ ਚਰਨਕੰਵਲ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਵਿਖੇ ਪਾਣੀ ਦੀ ਸਪਲਾਈ ਲਈ ਨਵੇਂ ਬੋਰ ਕਰਵਾਏ। ਗੁਰਦੁਅਰਾ ਕਲਗੀਧਰ ਸਾਹਿਬ



## ਸ੍ਰੀ ਗੁਰੂ ਗੋਬਿੰਦ ਸਿੰਘ ਯਾਤਰੀ ਨਿਵਾਸ ਦੇ ਪਹਿਲੇ ਪੜ੍ਹਾਅ ਦਾ ਉਦਘਾਟਨ

**ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿਚ ਸ਼੍ਰੋਮਣੀ ਕਮੇਟੀ ਸੰਗਤਾਂ ਦੀ ਸਹੂਲਤ ਲਈ ਲਗਾਤਾਰ ਯਤਨਸ਼ੀਲ ਹੈ। ਇਸੇ ਤਹਿਤ ਹੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਦਰਸ਼ਨ ਕਰਨ ਆਉਂਦੀ ਸੰਗਤ ਦੀ ਸਹੂਲਤ ਲਈ ਸ੍ਰੀ ਗੁਰੂ ਗੋਬਿੰਦ ਸਿੰਘ ਯਾਤਰੀ ਨਿਵਾਸ ਦੀ ਬਹੁ-ਮੰਜ਼ਿਲਾਂ ਇਮਾਰਤ ਤਿਆਰ ਕਰਵਾਈ ਜਾ ਰਹੀ ਹੈ, ਜਿਸ ਦੇ ਪਹਿਲੇ ਪੜਾਅ ਦਾ ਉਦਘਾਟਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਿੰਘ ਸਾਹਿਬਾਨ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ ਵਿਚ ਕੀਤਾ। ਅਤਿ ਆਧੁਨਿਕ ਤਰੀਕੇ ਨਾਲ ਤਿਆਰ ਕਰਵਾਈ ਜਾ ਰਹੀ ਇਸ ਸਰਾਂ ਦੇ 250 ਕਮਰੇ ਹੋਣਗੇ, ਜਿਸ ਦੇ ਪਹਿਲੇ ਪੜਾਅ ਵਿਚ 40 ਕਮਰੇ ਸੰਗਤ ਅਰਪਣ ਕੀਤੇ ਗਏ ਹਨ। ਸ਼੍ਰੋਮਣੀ ਕਮੇਟੀ ਵੱਲੋਂ ਇਸ ਸਰਾਂ ਦੀ ਸੇਵਾ ਬਾਬਾ ਕਸ਼ਮੀਰ ਸਿੰਘ ਕਾਰ ਸੇਵਾ ਭੂਰੀਵਾਲਿਆਂ ਨੂੰ ਸੌਂਪੀ ਗਈ ਹੈ, ਜਿਨ੍ਹਾਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਕਾਰਜ ਕੀਤਾ ਜਾ ਰਿਹਾ ਹੈ।**

ਬਿਲਾਸਪੁਰ ਵਿਖੇ ਰੈਨੋਵੇਸ਼ਨ ਦਾ ਕਾਰਜ ਸ਼ੁਰੂ ਕਰਵਾਇਆ। ਗੁਰਦੁਆਰਾ ਸਾਹਿਬ ਬਾਗ ਦਾਰਲੀ ਹਿਮਾਚਲ ਪ੍ਰਦੇਸ਼ ਵਿਖੇ ਰੈਨੋਵੇਸ਼ਨ ਦਾ ਕਾਰਜ ਸ਼ੁਰੂ ਕਰਵਾਇਆ। ਗੁਰਦੁਆਰਾ ਪਤਾਲਪੁਰੀ ਸਾਹਿਬ ਦੇ ਲੰਗਰ 'ਚ ਪ੍ਰਸ਼ਾਦੇ ਪਕਾਉਣ ਵਾਲੀ ਨਵੀਂ ਮਸ਼ੀਨ ਖ਼ਰੀਦ ਕੀਤੀ ਗਈ। ਪਿੰਨੀ ਪ੍ਰਸ਼ਾਦ ਪੈਕ ਕਰਨ ਵਾਲੀ ਨਵੀਂ ਮਸ਼ੀਨ ਖਰੀਦ ਕੀਤੀ ਗਈ। ਗੁਰਦੁਆਰਾ ਪਤਾਲਪੁਰੀ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਵਿਖੇ ਮ੍ਰਿਤਕ ਪ੍ਰਾਣੀਆਂ ਦੇ ਅਸਥ ਪਾਉਣ ਆਉਂਦੀ ਸੰਗਤ ਦੇ ਬੈਠਣ ਲਈ ਨਵਾਂ ਦਫ਼ਤਰ ਬਣਾਇਆ ਅਤੇ ਸੰਗਤ ਨੂੰ ਇੰਦਰਾਜ ਦੇ ਸਰਟੀਫਿਕੇਟ ਨਾਲ ਹੀ ਨਾਲ ਦੇਣੇ ਸ਼ੁਰੂ ਕੀਤੇ।

**ਗੁਰਦੁਆਰਾ ਸ਼ਹੀਦਾਂ ਲੱਧੇਵਾਲ, ਮਾਹਿਲਪੁਰ, ਜ਼ਿਲ੍ਹਾ ਹੁਸ਼ਿਆਰਪੁਰ:-** ਸੰਗਤ ਦੀ ਸਹੂਲਤ ਵਾਸਤੇ ਪਾਰਕਿੰਗ ਲਈ 20 ਕਨਾਲ ਜ਼ਮੀਨ ਖਰੀਦ ਕੀਤੀ ਗਈ ਅਤੇ ਸੰਗਤ ਲਈ ਬਾਥਰੂਮ ਤਿਆਰ ਕੀਤੇ ਗਏ।

**ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਅਤੇ ਦਸਵੀਂ, ਪਿੰਡ ਕਟਾਣਾ, ਤਹਿਸੀਲ ਪਾਇਲ, ਜ਼ਿਲ੍ਹਾ ਲੁਧਿਆਣਾ:-** ਗੁਰਦੁਆਰਾ ਸਾਹਿਬ ਦੇ ਸਾਹਮਣੇ ਪਾਰਕਿੰਗ ਵਾਲੀ ਜਗ੍ਹਾ ਵਿਚ ਇੰਟਰਲਾਕ ਟਾਈਲਾਂ ਲਗਾਈਆਂ ਗਈਆਂ। ਡਿਊੜੀ ਸਾਹਿਬ ਦੀ ਸੇਵਾ ਹੋਈ ਅਤੇ ਦਰਬਾਰ ਸਾਹਿਬ ਦੇ ਸਾਹਮਣੇ ਸ਼ੈੱਡ ਪਾਇਆ ਗਿਆ। ਲੰਗਰ ਹਾਲ ਦੀ ਰੈਨੋਵੇਸ਼ਨ ਦਾ ਕੰਮ ਚੱਲ ਰਿਹਾ ਹੈ।

**ਗੁਰਦੁਆਰਾ ਸ੍ਰੀ ਗਰਨਾ ਸਾਹਿਬ ਬੋਦਲ, ਜ਼ਿਲ੍ਹਾ ਹੁਸ਼ਿਆਰਪੁਰ:-** ਗੁਰਦੁਆਰਾ ਸਾਹਿਬ ਦੀ ਨਵੀਂ ਇਮਾਰਤ ਤਿਆਰ ਕਰਨ ਦਾ ਕਾਰਜ਼ ਸ਼ੁਰੂ ਕਰਵਾਇਆ ਗਿਆ।

**ਗੁਰਦੁਆਰਾ ਸ੍ਰੀ ਬਾਗ ਸ਼ਹੀਦਾਂ (ਬੁੜੈਲ) ਸੈਕਟਰ 44-ਏ, ਚੰਡੀਗੜ੍ਹ:-** ਗੁਰਦੁਆਰਾ ਸਾਹਿਬ ਦੇ ਕੰਪਲੈਕਸ ਵਿੱਚ ਮਲਟੀਪਰਪਜ ਹਾਲ ਬਣਾਇਆ ਗਿਆ।

**ਗੁਰਦੁਆਰਾ ਸ੍ਰੀ ਚਰਨਕੰਵਲ ਸਾਹਿਬ ਮਾਛੀਵਾੜਾ, ਗੁਰਦੁਆਰਾ ਸ੍ਰੀ ਝਾੜ ਸਾਹਿਬ, ਜ਼ਿਲ੍ਹਾ ਲੁਧਿਆਣਾ:-** ਨਵੇਂ ਕੜਾਹਿ ਪ੍ਰਸ਼ਾਦਿ ਕਾਊਂਟਰ ਬਣਾਏ ਗਏ। ਡਿਸਪੈਂਸਰੀ ਅਤੇ ਲਿਟਰੇਚਰ ਹਾਊਸ ਦੀ ਨਵੀਂ ਬਿਲਡਿੰਗ ਬਣਾਈ ਗਈ। ਸੱਚਖੰਡ ਦੀ ਨਵੀਂ ਬਿਲਡਿੰਗ ਬਣਾਈ ਗਈ। ਸ੍ਰੀ ਅਖੰਡ ਪਾਠ ਸਾਹਿਬ ਲਈ 3 ਕਮਰੇ ਬਣਾਏ ਗਏ। ਗੁਰਦੁਆਰਾ ਸ੍ਰੀ ਝਾੜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਲਈ 4 ਨਵੇਂ ਕਮਰੇ ਬਣਾਏ ਗਏ। 5 ਨਵੇਂ ਏ.ਸੀ. ਗੁਰਦੁਆਰਾ ਸਾਹਿਬ ਦੀ ਸਰਾਂ ਵਿਚ ਲਗਾਏ ਗਏ।

**ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ, ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ:-** ਗੁਰਦੁਆਰਾ ਜੋਤੀ ਸਰੂਪ ਸਾਹਿਬ ਵਿਖੇ 90 ਕਿਲੋਵਾਟ ਸੋਲਰ ਸਿਸਟਮ ਲਗਾਇਆ ਗਿਆ। ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ 200 ਕਿਲੋਵਾਟ ਸੋਲਰ ਸਿਸਟਮ ਲਗਾਇਆ। ਕਾਊਂਟਰ ਕੜਾਹਿ ਪ੍ਰਸ਼ਾਦਿ ਦਾ ਉਦਘਾਟਨ ਅਤੇ ਦੀਵਾਨ ਟੋਡਰ ਮੱਲ ਜੀ (ਜਹਾਜ਼ ਹਵੇਲੀ) ਦੀ ਸੇਵਾ ਦੀ ਆਰੰਭਤਾ ਹੋਈ। ਗੁਰਦੁਆਰਾ ਸੁੱਖਾ ਸਿੰਘ ਜੀ ਦੀ ਨਵੀਂ ਇਮਾਰਤ ਦੀ ਕਾਰ ਸੇਵਾ ਦੀ ਆਰੰਭਤਾ ਹੋਈ। ਸ੍ਰੀ ਭੋਰਾ ਸਾਹਿਬ ਦੇ ਸੁੰਦਰੀਕਰਨ ਨੂੰ ਮੁੱਖ ਰੱਖਦਿਆਂ ਦਰਵਾਜ਼ਿਆਂ ਉਪਰ ਸੋਨੇ ਦੀ ਪਰਤ ਚੜ੍ਹਾਉਣ ਦੀ ਸੇਵਾ ਕਰਵਾਈ ਗਈ।

**ਗੁਰਦੁਆਰਾ ਸ੍ਰੀ ਗੋਬਿੰਦਗੜ੍ਹ ਸਾਹਿਬ ਪਾਤਸ਼ਾਹੀ ਛੇਵੀਂ ਅਤੇ ਦਸਵੀਂ ਰਾਣਵਾਂ, ਸ੍ਰੀ ਫ਼ਤਹਿਗੜ੍ਹ ਸਾਹਿਬ:-** ਸ੍ਰੀ ਅਖੰਡ ਪਾਠ ਸਾਹਿਬ ਲਈ ਚਾਰ ਨਵੇਂ ਕੈਬਿਨ ਤਿਆਰ ਕੀਤੇ ਗਏ।

**ਗੁਰਦੁਆਰਾ ਸ੍ਰੀ ਅੰਬ ਸਾਹਿਬ ਪਾਤਸ਼ਾਹੀ ਸੱਤਵੀਂ (ਲੰਬੇ), ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਮੋਹਾਲੀ:-** ਗੁਰਦੁਆਰਾ ਸਾਹਿਬ ਵਿਖੇ ਨਵੀਂ ਸਰ੍ਹਾਂ ਦੀ ਉਸਾਰੀ ਦਾ ਕੰਮ ਚੱਲ ਰਿਹਾ ਹੈ। ਨਵਾਂ ਸਟੋਰ ਅਤੇ 4 ਕਮਰੇ ਤਿਆਰ ਕਰਵਾਏ ਗਏ ਹਨ। ਇਸੇ ਤਰ੍ਹਾਂ ਨਵੇਂ ਬਾਥਰੂਮ ਤਿਆਰ ਕੀਤੇ ਗਏ ਅਤੇ ਪਾਣੀ ਵਾਲਾ ਟੈਂਕ ਤਿਆਰ ਕਰਵਾਇਆ ਗਿਆ।

**ਗੁਰਦੁਆਰਾ ਸ੍ਰੀ ਭੱਠਾ ਸਾਹਿਬ ਪਾਤਸ਼ਾਹੀ ਦਸਵੀਂ, ਕੋਟਲਾ ਨਿਹੰਗ (ਰੋਪੜ):-** ਗੁਰਦੁਆਰਾ ਸ੍ਰੀ ਭੱਠਾ ਸਾਹਿਬ ਸਾਹਿਬ ਵਿਖੇ ਨਵੀਂ ਸਰ੍ਹਾਂ ਦਾ ਨੀਂਹ ਪੱਥਰ ਰੱਖਿਆ ਅਤੇ ਗੁਰਦੁਆਰਾ ਗੁਰੂਗੜ੍ਹ ਸਾਹਿਬ ਸਦਾਬਰਤ ਵਿਖੇ ਲੰਗਰ ਦੀ ਇਮਾਰਤ ਦਾ ਨੀਂਹ ਪੱਥਰ ਰੱਖਿਆ ਗਿਆ, ਜਿਸ ਦਾ ਕੰਮ ਚੱਲ ਰਿਹਾ ਹੈ।

**ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ (ਸ੍ਰੀ ਚਮਕੌਰ ਸਾਹਿਬ), ਜ਼ਿਲ੍ਹਾ ਰੂਪਨਗਰ:-** ਗੁਰਦੁਆਰਾ ਸਾਹਿਬ ਵਿਖੇ ਸੰਗਮਰਮਰ ਲਗਾਇਆ ਗਿਆ ਅਤੇ ਹੱਥ ਧੋਣ ਲਈ ਨਵੇਂ ਵਾਸ਼-ਬੇਸਿਨ ਲਗਾਏ ਗਏ। ਗੁਰਦੁਆਰਾ ਦਮਦਮਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠਾਂ ਲਈ ਦੋ ਕਮਰੇ ਤਿਆਰ ਕੀਤੇ ਗਏ ਅਤੇ ਨਵਾਂ ਜੋੜਾ ਘਰ ਵੀ ਬਣਾਇਆ ਗਿਆ।

**ਗੁਰਦੁਆਰਾ ਸ੍ਰੀ ਚਰਨਕੰਵਲ ਸਾਹਿਬ ਪਾਤਸ਼ਾਹੀ ਛੇਵੀਂ, ਜੀਂਦੋਵਾਲ (ਬੰਗਾ):-** ਅਟੈਚ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਦੁਰਗਾਪੁਰ ਨਵਾਂ ਸ਼ਹਿਰ ਵਿਖੇ ਨਵੇਂ ਸ੍ਰੀ ਦਰਬਾਰ

ਸਾਹਿਬ ਦੀ ਉਸਾਰੀ ਕਰਵਾਈ ਗਈ। ਸ੍ਰੀ ਦਰਬਾਰ ਸਾਹਿਬ ਵਿਖੇ ਰੰਗ ਰੋਗਨ ਕਰਵਾਇਆ ਗਿਆ। ਗੁਰਦੁਆਰਾ ਸਾਹਿਬ ਦੇ ਲੰਗਰ ਹਾਲ ਬਾਹਰ ਨਵਾਂ ਸ਼ੈੱਡ ਪਾਇਆ ਗਿਆ। ਗੁਰਦੁਆਰਾ ਸਾਹਿਬ ਦੀ ਪਾਣੀ ਦੀ ਸਪਲਾਈ ਵਾਲਾ ਬੋਰ ਨਵਾਂ ਕਰਵਾਇਆ ਗਿਆ ਅਤੇ ਬਿਜਲੀ ਸਪਲਾਈ ਲਈ ਨਵਾਂ ਸੋਲਰ ਸਿਸਟਮ ਲਗਵਾਇਆ ਗਿਆ। ਲੰਗਰ ਹਾਲ ਦੀ ਛੱਤ ਦੀ ਰਿਪੇਅਰ ਕਰਵਾਉਣ ਦੇ ਨਾਲ ਪਾਰਕਿੰਗ ਵਾਲੀ ਜਗ੍ਹਾ ਉੱਤੇ ਇੰਟਰਲਾਕ ਟਾਈਲ ਲਗਵਾਈ ਗਈ। ਗੁਰਦੁਆਰਾ ਸਾਹਿਬ ਵਿਖੇ ਸ੍ਰੀ ਦਰਬਾਰ ਸਾਹਿਬ ਵਿਖੇ ਨਵੀਂ ਸੰਗਮਰਮਰ ਦੀ ਪਾਲਕੀ ਸੁਸ਼ੋਭਿਤ ਕੀਤੀ ਗਈ।

**ਤਖ਼ਤ ਸ੍ਰੀ ਦਮਦਮਾ ਸਾਹਿਬ (ਗੁਰੂ ਕਾਂਸ਼ੀ) ਤਲਵੰਡੀ ਸਾਬੋ, ਜ਼ਿਲ੍ਹਾ ਬਠਿੰਡਾ:-** ਤਖ਼ਤ ਸਾਹਿਬ ਵਿਖੇ ਬੁਰਜ, ਸ਼ਹੀਦ ਬਾਬਾ ਦੀਪ ਸਿੰਘ ਜੀ ਨੂੰ ਛੋਟੀ ਇੱਟ ਲਗਾ ਕੇ ਪੁਰਾਤਨ ਦਿੱਖ ਦਿੱਤੀ ਗਈ। ਤਖ਼ਤ ਸਾਹਿਬ ਵਿਖੇ ਗੁਰਦੁਆਰਾ ਬਾਬਾ ਬੀਰ ਸਿੰਘ, ਬਾਬਾ ਧੀਰ ਸਿੰਘ ਦੇ ਨਜ਼ਦੀਕ ਸੁੰਦਰ ਲਾਇਬ੍ਰੇਰੀ ਅਤੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੰਭਾਲ ਲਈ ਬਹੁਤ ਹੀ ਸੁੰਦਰ ਗੁਰੂ ਗ੍ਰੰਥ ਸਾਹਿਬ ਜੀ ਭਵਨ ਬਣਾਇਆ ਅਤੇ ਬਾਹਰ ਪਾਰਕ ਬਣਾਏ ਗਏ। ਸੰਗਤਾਂ ਦੀ ਸਹੂਲਤ ਲਈ ਲੰਗਰ ਦੇ ਨਜ਼ਦੀਕ ਬਹੁਤ ਹੀ ਸੁੰਦਰ ਛਬੀਲ ਦਾ ਨਿਰਮਾਣ ਕੀਤਾ ਗਿਆ ਹੈ। ਤਖ਼ਤ ਸਾਹਿਬ ਦੇ ਗੇਟ ਤੀਕ ਦੇ ਰਸਤੇ ਪੁਰ ਖੜ੍ਹਦੇ ਬਰਸਾਤੀ ਪਾਣੀ ਦੀ ਸਮੱਸਿਆ ਦੇ ਹੱਲ ਲਈ ਨਵੇਂ ਸੀਵਰੇਜ ਸਿਸਟਮ ਦਾ ਨਿਰਮਾਣ ਕੀਤਾ ਗਿਆ। ਸੜਕ ਅਤੇ ਰਸਤੇ ਦੇ ਨਿਰਮਾਣ ਕਾਰਜਾਂ ਦਾ ਕੰਮ ਚੱਲ ਰਿਹਾ ਹੈ ਅਤੇ ਰਸਤੇ ਵਿਚ ਵਾਤਾਵਰਣ ਦੀ ਸ਼ੁਧਤਾ ਨੂੰ ਮੁੱਖ ਰੱਖਦਿਆਂ ਵਧੀਆ ਕਿਸਮ ਦੇ ਦਰੱਖ਼ਤ ਅਤੇ ਫੁੱਲ ਬੂਟੇ ਸਥਾਪਤ ਕੀਤੇ ਜਾਣੇ ਹਨ। ਤਖ਼ਤ ਸਾਹਿਬ ਨਾਲ ਅਟੈਚ ਗੁਰਦੁਆਰਾ ਸਾਹਿਬ ਪਿੰਡ ਬਹਿਣੀਵਾਲ ਵਿਖੇ ਸਟਾਫ਼ ਕੁਆਰਟਰ ਬਣਾਏ ਗਏ। ਤਖ਼ਤ ਸਾਹਿਬ ਨਾਲ ਅਟੈਚ ਗੁਰਦੁਆਰਾ ਸਾਹਿਬ ਪਿੰਡ ਮਲਕਾਣਾ ਦੀ ਚਾਰ ਦੀਵਾਰੀ ਤੇ ਗ੍ਰੰਥੀ ਸਿੰਘ ਦੀ ਰਿਹਾਇਸ਼ ਦਾ ਕੰਮ ਮੁਕੰਮਲ ਹੋਣ 'ਤੇ ਹੈ। ਤਖ਼ਤ ਸਾਹਿਬ ਦੇ ਲੰਗਰ ਲਈ ਆਟਾ ਚੱਕੀ ਅਤੇ ਸੇਵਾ ਰਾਹੀਂ ਪ੍ਰਸ਼ਾਦੇ ਪਕਾਉਣ ਵਾਲੀ ਮਸ਼ੀਨ ਲਗਵਾਈ ਗਈ। ਤਖ਼ਤ ਸਾਹਿਬ ਦੇ ਦੀਵਾਨ ਹਾਲ ਦੇ ਨਜ਼ਦੀਕ ਨਵੇਂ ਫਲੱਸ਼, ਬਾਥਰੂਮ ਬਨਾਉਣ ਦਾ ਕੰਮ ਜਾਰੀ ਹੈ। ਤਖ਼ਤ ਸਾਹਿਬ ਦੇ ਰਸਤੇ ਉੱਪਰ ਬਾਬਾ ਕਸ਼ਮੀਰ ਸਿੰਘ ਜੀ, ਬਾਬਾ ਸੁਖਵਿੰਦਰ ਸਿੰਘ ਜੀ ਭੂਰੀਵਾਲਿਆਂ ਵੱਲੋਂ ਸ਼ਾਨਦਾਰ ਚਾਰਦੀਵਾਰੀ ਦਾ ਕੰਮ ਕਰਵਾਇਆ ਜਾ ਰਿਹਾ ਹੈ। ਕੈਨੇਡਾ ਦੀ ਸੰਗਤ ਵੱਲੋਂ 2 ਏਕੜ ਜ਼ਮੀਨ ਖਰੀਦ ਕੇ ਤਖ਼ਤ ਸਾਹਿਬ ਨੂੰ ਦਾਨ ਕੀਤੀ ਗਈ ਅਤੇ ਤਖ਼ਤ ਸਾਹਿਬ ਦੇ ਨਜ਼ਦੀਬ ਬੁੰਗਾ ਨਾਨਕਸਰ ਵਾਲੀ ਜ਼ਮੀਨ ਦੇ ਕੇਸ ਦਾ ਨਿਪਟਾਰਾ ਕਰਕੇ ਜ਼ਮੀਨ ਪ੍ਰਬੰਧ ਅਧੀਨ ਲਈ ਹੈ। ਇਤਿਹਾਸਕ ਗੁਰਦੁਆਰਾ ਜੰਡਸਰ ਸਾਹਿਬ ਅਤੇ ਗੁਰਦੁਆਰਾ ਮਹੱਲਸਰ ਸਾਹਿਬ ਵਿਖੇ 2 ਨਵੇਂ ਜਰਨੇਟਰ ਖਰੀਦ ਕੇ ਫਿੱਟ ਕਰਵਾਏ ਗਏ ਹਨ। ਤਖ਼ਤ ਸਾਹਿਬ ਦੇ ਪ੍ਰਬੰਧ ਅਧੀਨ ਸ਼ਹੀਦ ਭਾਈ ਮਨੀ ਸਿੰਘ ਜੀ ਨਿਵਾਸ ਵਿਖੇ ਸੰਗਤ ਦੀ ਸਹੂਲਤ ਲਈ 50 ਕਮਰਿਆਂ ਵਿਚ ਨਵੇਂ ਬੈੱਡ, ਗੱਦੇ ਅਤੇ ਏਅਰਕੰਡੀਸ਼ਨਰ ਲਗਾਏ ਗਏ ਹਨ।

**ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ ਨੌਵੀਂ, ਪਟਿਆਲਾ:-** ਗੁਰਦੁਆਰਾ ਸਾਹਿਬ ਵਿਖੇ ਸੋਲਰ ਪ੍ਰੋਜੈਕਟ ਦਾ ਉਦਘਾਟਨ ਕੀਤਾ ਗਿਆ।

**ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਬਹਾਦਰਗੜ੍ਹ, ਪਟਿਆਲਾ:-** ਗੁਰਦੁਆਰਾ ਸਾਹਿਬ ਵਿਖੇ ਦੀਵਾਨ ਹਾਲ ਨੂੰ ਡਾਊਨ ਸੀਲਿੰਗ ਕਰਕੇ ਆਧੁਨਿਕ ਨਵੀਨੀਕਰਨ ਕਰਕੇ ਵਾਤਾਅਨੁਕੂਲ ਕੀਤਾ ਗਿਆ ਅਤੇ ਨਵੇਂ ਬਾਥਰੂਮ ਬਣਾਏ ਗਏ।

**ਗੁਰਦੁਆਰਾ ਡੇਰਾ ਬਾਬਾ ਅਜਾਪਾਲ ਸਿੰਘ ਜੀ, ਨਾਭਾ, ਪਟਿਆਲਾ:-** ਗੁਰਦੁਆਰਾ ਸਾਹਿਬ ਦੇ ਕੰਪਲੈਕਸ ਦਾ ਸੁੰਦਰੀਕਰਨ ਕੀਤਾ ਗਿਆ। ਇਸੇ ਤਰ੍ਹਾਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਚ ਵੀ ਸੁੰਦਰੀਕਰਨ ਅਤੇ ਡਾਊਨ ਸੀਲਿੰਗ ਦਾ ਕੰਮ ਜਾਰੀ ਹੈ।

**ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਨੌਵੀਂ ਕਰਹਾਲੀ, ਪਟਿਆਲਾ:-** ਗੁਰਦੁਆਰਾ ਸਾਹਿਬ ਵਿਖੇ ਦਰਬਾਰ ਸਾਹਿਬ ਦੇ ਤਿੰਨੇ ਪਾਸੇ ਬਰਾਂਡੇ, ਲੰਗਰ ਹਾਲ ਦੇ ਬਾਹਰ ਬਰਾਂਡਾ, ਦੀਵਾਨ ਹਾਲ, ਦਫ਼ਤਰ ਦੇ ਲਈ ਕਮਰਿਆਂ ਤੋਂ ਇਲਾਵਾ ਕੰਪਲੈਕਸ ਅਤੇ ਹੋਰ ਸੇਵਾਵਾਂ ਚੱਲ ਰਹੀਆਂ ਹਨ। ਮੀਂਹ ਦੇ ਪਾਣੀ ਦੀ ਅਤੇ ਸਰੋਵਰ ਦੇ ਪਾਣੀ ਦੀ ਨਿਕਾਸੀ ਲਈ ਅੰਡਰ ਗਰਾਊਂਡ ਰੀਚਾਰਜ, ਪੁਰਾਣੇ ਲੰਗਰ ਹਾਲ ਦੀ ਖਾਲੀ ਪਈ ਇਮਾਰਤ ਦੀ ਪਾਰਟੀਸ਼ਨ ਕਰਕੇ ਕਮਰੇ ਬਣਾਉਣ ਅਤੇ ਦਰਬਾਰ ਸਾਹਿਬ ਦੀਆਂ ਪੁਰਾਣੀਆਂ ਖਿੜਕੀਆਂ ਨੂੰ ਅਧੁਨਿਕ ਤਰੀਕੇ ਨਾਲ ਲਗਾਉਣ, ਥੜਾ ਸਾਹਿਬ ਦੀ ਸੇਫਟੀ ਲਈ ਸ਼ੀਸ਼ਾ ਲਗਾਉਣ ਅਤੇ ਸਰੋਵਰ ਤੇ ਲੱਗੇ ਫਾਇਬਰ ਸ਼ੈੱਡ ਦੀਆਂ ਸੀਟਾਂ ਬਦਲ ਕੇ ਨਵੀਂਆਂ ਲਗਾਉਣ ਦੀ ਸੇਵਾ ਕਰਵਾਈ ਗਈ।

**ਗੁਰਦੁਆਰਾ ਸਾਹਿਬ ਗੁਰੂਸਰ ਪਾਤਸ਼ਾਹੀਂ ਛੇਵੀਂ ਮਹਿਰਾਜ, ਬਠਿੰਡਾ:-** ਗੁਰਦੁਆਰਾ ਸਾਹਿਬ ਵਿਖੇ ਕਾਰਸੇਵਾ ਦਾ ਰੁਕਿਆ ਕਾਰਜ ਦੁਬਾਰਾ ਸ਼ੁਰੂ ਹੋਇਆ। ਗੁਰਦੁਆਰਾ ਸਾਹਿਬ ਦੀ ਮਲਕੀਅਤੀ ਜ਼ਮੀਨ 1 ਏਕੜ 4 ਕਨਾਲ ਵਿਚ ਜੰਗਲ ਲਗਾਇਆ ਗਿਆ। ਗੁਰਦੁਆਰਾ ਸਾਹਿਬ ਗੁਰੂਸਰ ਪਾਤਸ਼ਾਹੀ ਛੇਵੀਂ, ਮਹਿਰਾਜ ਅਤੇ ਨਾਲ ਅਟੈਚ ਗੁਰਦੁਆਰਾ ਸਾਹਿਬ ਮੰਡੀ ਰਾਮਪੁਰਾ ਫੂਲ ਵਿਖੇ ਸ੍ਰੀ ਦਰਬਾਰ ਸਾਹਿਬ ਦੀ ਇਮਾਰਤ ਨੂੰ ਰੰਗ ਰੋਗਨ ਕਰਵਾਇਆ ਗਿਆ।

**ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਤੇ ਦਸਵੀਂ, ਭਗਤਾ ਭਾਈ ਕਾ, ਜ਼ਿਲ੍ਹਾ ਬਠਿੰਡਾ:–** ਗੁਰਦੁਆਰਾ ਸਾਹਿਬ ਵਿਖੇ ਸੰਗਤ ਦੀ ਸਹੂਲਤ ਲਈ ਨਵੇਂ ਬਾਥਰੂਮ ਬਣਾਉਣ ਦਾ ਕਾਰਜ ਸ਼ੁਰੂ ਕੀਤਾ ਅਤੇ ਲੰਗਰ ਹਾਲ ਵਾਲੀ ਸਾਈਡ ਇੰਟਰਲਾਕ ਟਾਈਲਾਂ ਲਗਾਈਆਂ।

**ਗੁਰਦੁਆਰਾ ਬਾਬਾ ਗਾਂਧਾ ਸਿੰਘ ਜੀ, ਬਰਨਾਲਾ, ਜ਼ਿਲ੍ਹਾ ਬਰਨਾਲਾ:–** 2 ਏਕੜ ਜ਼ਮੀਨ ਵਿਚ ਜੰਗਲ (ਬਾਗ) ਲਗਾਇਆ ਗਿਆ। ਨਵੀਂ ਸਰਾਂ, ਨਵੇਂ ਰਿਹਾਇਸ਼ੀ ਕੁਆਟਰਾਂ ਦਾ ਨੀਂਹ ਪੱਥਰ ਰੱਖਿਆ ਗਿਆ। ਗੁਰਦੁਆਰਾ ਸਾਹਿਬ ਵਿਖੇ ਪਾਰਕਿੰਗ ਵਿਚ ਇੰਟਰਲਾਕ ਟਾਈਲਾਂ ਲਗਾਈਆਂ।

**ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ, ਸੰਗਰੂਰ:–** ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਲੰਗਰ ਹਾਲ ਬਣਾਇਆ। ਗੁਰਦੁਆਰਾ ਸਾਹਿਬ ਦੀ ਜ਼ਮੀਨ ਵਿੱਚੋਂ 1 ਏਕੜ ਵਿਚ ਜੰਗਲ ਲਗਾਇਆ। ਗੁਰਦੁਆਰਾ ਸਾਹਿਬ ਦੀ ਖੇਤੀਬਾੜੀ ਲਈ ਲੇਜਰ ਕਰਾਹ ਅਤੇ ਹੈਪੀ ਸੀਡਰ ਸੇਵਾ ਵਿਚ ਆਇਆ। ਗੁਰਦੁਆਰਾ ਸਾਹਿਬ ਵਿਖੇ 8 ਨਵੇਂ ਕਮਰੇ ਅਤੇ ਇਨ੍ਹਾਂ ਦੀ ਉਪਰਲੀ ਮੰਜ਼ਲ ਪੁਰ ਮੀਟਿੰਗ ਹਾਲ ਕਮਰੇ ਅਤੇ ਲੈਟਰੀਨ ਬਾਥਰੂਮ ਬਣ ਰਹੇ ਹਨ। ਲੰਗਰ ਸਟੋਰ ਲਈ ਦੋ ਕਮਰੇ ਅਤੇ ਲੰਗਰ ਰਸੋਈ ਲਈ ਵੱਡਾ ਹਾਲ ਬਣ ਰਿਹਾ ਹੈ। ਖੇਤੀ ਸੰਦਾ ਲਈ ਨਵਾਂ ਸ਼ੈੱਡ ਪੈ ਰਿਹਾ ਹੈ। ਗੁਰਦੁਆਰਾ ਸਾਹਿਬ ਵਿਖੇ ਦੋ ਨਵੇਂ ਸ੍ਰੀ ਨਿਸ਼ਾਨ ਸਾਹਿਬ ਲਗਾਏ ਸੇਵਾ ਵਿਚ।

**ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਨੌਵੀਂ–ਦਸਵੀਂ, ਮੂਲੋਵਾਲ, ਜ਼ਿਲ੍ਹਾ ਸੰਗਰੂਰ:–** ਗੁਰਦੁਆਰਾ ਸਾਹਿਬ ਵਿਖੇ 1 ਏਕੜ ਵਿਚ ਜੰਗਲ (ਬਾਗ) ਲਗਾਇਆ ਗਿਆ। ਗੁਰਦੁਆਰਾ ਸਾਹਿਬ ਲਈ ਨਿਵਾਸ ਅਤੇ ਕੁਆਟਰ ਬਣਾਉਣ ਦੀ ਕਾਰਸੇਵਾ ਸ਼ੁਰੂ ਕੀਤੀ ਗਈ ਹੈ। ਸਾਲ 2021 ਵਿਚ ਬੱਚਿਆਂ ਦੇ ਗੁਰਬਾਣੀ ਮੁਕਾਬਲੇ ਕਰਵਾਏ ਗਏ ਸੀ, ਜਿਸ ਵਿਚ 1000 ਬੱਚਿਆਂ ਨੇ ਭਾਗ ਲਿਆ।

**ਗੁਰਦੁਆਰਾ ਸਾਹਿਬ ਚੁੱਲ੍ਹੇ ਬਾਬਾ ਆਲਾ ਸਿੰਘ ਜੀ, ਲੌਂਗੋਵਾਲ, ਸੰਗਰੂਰ:–** ਗੁਰਦੁਆਰਾ ਸਾਹਿਬ ਨਾਲ ਸਬੰਧਤ ਗੁਰਦੁਆਰਾ ਸਾਹਿਬ ਬਾਬਾ ਨਰੈਣ ਦਾਸ ਜੀ ਦੀ ਨਵੀਂ ਇਮਾਰਤ ਦਾ ਕਾਰਜ ਕੀਤਾ ਗਿਆ।

**ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਭਵਾਨੀਗੜ੍ਹ, ਸੰਗਰੂਰ:–** ਗੁਰਦੁਆਰਾ ਸਾਹਿਬ ਦੀ ਮਲਕੀਅਤੀ ਜ਼ਮੀਨ ਪਿੰਡ ਬਾਸੀਅਰ ਵਿਚ ਤਕਰੀਬਨ 21 ਵਿਘੇ 18 ਵਿਸਵੇ ਜੋ ਕਿ ਦਿੱਲੀ-ਕਟੜਾ ਐਕਸਪ੍ਰੈਸ ਵਿਚ ਐਕਵਾਇਰ ਹੋ ਗਈ ਸੀ, ਜਿਸ ਦੇ ਮਿਲੇ ਮੁਆਵਜੇ ਰਕਮ ਨਾਲ ਜ਼ਮੀਨ ਖਰੀਦ ਕਰ ਲਈ ਗਈ ਹੈ ਅਤੇ ਦਫ਼ਤਰ ਵੱਲੋਂ ਹੋਏ ਆਦੇਸ਼ਾਂ ਮੁਤਾਬਿਕ 4 ਵਿਘੇ ਜ਼ਮੀਨ ਵਿਚ ਜੰਗਲ ਲਗਾਇਆ ਗਿਆ। ਬਾਕੀ ਬਚਦੀ ਰਕਮ ਨਾਲ ਗੁਰਦੁਆਰਾ ਸਾਹਿਬ ਦੇ ਨਾਲ ਲਗਦੀ ਜਗ੍ਹਾ ਤਕਰੀਬਨ 22 ਵਿਸਵੇ ਖਰੀਦ ਕਰਨ ਲਈ ਬਿਆਨਾ ਹੋ ਚੁੱਕਾ ਹੈ।

**ਗੁਰਦੁਆਰਾ ਸਾਹਿਬ ਗੁਰੂਸਰ ਪਾਤਸ਼ਾਹੀ ਨੌਵੀਂ ਹੰਡਿਆਇਆ, ਬਰਨਾਲਾ:–** ਗੁਰਦੁਆਰਾ ਸਾਹਿਬ ਵਿਖੇ ਪਾਣੀ ਵਾਲੀ ਵੱਡੀ ਟੈਂਕੀ ਅਤੇ ਲੈਟਰਿੰਗ/ਬਾਥਰੂਮ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ।

**ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਭੀਖੀ, ਮਾਨਸਾ:–** ਪੁਰਾਣੇ ਬਾਥਰੂਮ ਨੀਵੇਂ ਹੋਣ ਕਾਰਨ ਉਨ੍ਹਾਂ ਦੀ ਜਗ੍ਹਾ ਨਵੇਂ ਜਰਨਲ ਬਾਥਰੂਮ ਬਣਾਉਣ ਦੀ ਕਾਰ ਸੇਵਾ ਸ਼ੁਰੂ ਕੀਤੀ ਗਈ ਹੈ।

**ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਸ੍ਰੀ ਮੁਕਤਸਰ ਸਾਹਿਬ:–** ਗੁਰਦੁਆਰਾ ਸਾਹਿਬ ਵਿਖੇ ਭਾਈ ਦਾਨ ਸਿੰਘ ਨਿਵਾਸ ਦਾ ਉਦਗਾਟਨ ਕੀਤਾ ਗਿਆ। ਸ੍ਰੀ ਦਰਬਾਰ ਸਾਹਿਬ ਦੇ ਗੇਟ ਨੰ: 2 ਤੇ ਭਾਈ ਮਹਾ ਸਿੰਘ ਨਾਮ ਦੀ ਮਾਰਕੀਟ ਬਣਾਈ ਗਈ, ਜਿਸ ਵਿਚ 3 ਦੁਕਾਨਾਂ ਬਣ ਕੇ ਕਿਰਾਏ ਪੁਰ ਦਿੱਤੀਆਂ ਗਈਆਂ। ਗੁਰਦੁਆਰਾ ਟਿੱਬੀ ਸਾਹਿਬ ਦੇ ਸਾਹਮਣੇ ਫਰੰਟ ਦੀ ਸੇਵਾ ਸ਼ੁਰੂ ਕਰਵਾਈ ਗਈ। ਗੁਰਦੁਆਰਾ ਟਿੱਬੀ ਸਾਹਿਬ ਦੇ ਸਾਹਮਣੇ ਮੁਲਾਜ਼ਮਾਂ ਲਈ 4 ਰਿਹਾਇਸ਼ੀ ਕੁਆਟਰ ਬਣਵਾਏ ਗਏ ਅਤੇ ਗੁਰਦੁਆਰਾ ਸ੍ਰੀ ਦਾਤਨਸਰ ਸਾਹਿਬ ਵਿਖੇ ਮੁਲਾਜ਼ਮਾਂ ਲਈ 4 ਰਿਹਾਇਸ਼ੀ ਕੁਆਟਰਾਂ ਦੀ ਸੇਵਾ ਚੱਲ ਰਹੀ ਹੈ। ਗੁਰਦੁਆਰਾ ਰਕਾਬਸਰ ਸਾਹਿਬ ਵਿਖੇ ਰੰਗ ਰੋਗਨ ਦੀ ਸੇਵਾ ਕਰਵਾਈ ਗਈ ਅਤੇ ਸੱਚਖੰਡ ਦਾ ਕਮਰਾ ਤਿਆਰ ਕੀਤਾ ਗਿਆ। ਕਾਊਂਟਰ ਕੜਾਹਿ ਪ੍ਰਸ਼ਾਦਿ ਤੇ ਸ਼ੈੱਡ ਬਣਾਇਆ ਗਿਆ। ਵਣ ਸਾਹਿਬ ਦਾ ਚੌਗਿਰਦਾ ਤਿਆਰ ਕੀਤਾ ਗਿਆ। ਭਾਈ ਦਾਨ ਸਿੰਘ ਨਿਵਾਸ ਦੇ ਸਾਹਮਣੇ ਸੁੰਦਰ ਪਾਰਕ ਤਿਆਰ ਕੀਤਾ ਗਿਆ। ਗੁਰਦੁਆਰਾ ਥੇਹੜੀ ਸਾਹਿਬ ਵਿਖੇ 5 ਕਮਰੇ ਅਟੈਚ ਬਾਥਰੂਮ ਤਿਆਰ ਕੀਤੇ ਗਏ। ਗੁਰਦੁਅਰਾ ਥੇਹੜੀ ਸਾਹਿਬ ਵਿਖੇ 8 ਲੈਟਰੀਨ, ਬਾਥਰੂਮ ਤਿਆਰ ਕੀਤੇ ਗਏ। ਗੁਰਦੁਆਰਾ ਦਾਤਨਸਰ ਸਾਹਿਬ ਦੀ ਸੇਵਾ ਆਰੰਭ ਕੀਤੀ ਗਈ। ਗੁਰਦੁਆਰਾ ਭਲਾਈਆਣਾ ਸਾਹਿਬ ਵਿਖੇ ਪਾਣੀ ਲਈ 800 ਫੁੱਟ ਬੋਰ ਕਰਵਾਇਆ ਗਿਆ, ਵੱਡੀ ਟੈਕੀ ਪਾਣੀ ਵਾਲੀ ਬਣਵਾਈ ਗਈ ਅਤੇ 8 ਬਾਥਰੂਮ ਲੈਟਰਿੰਗ ਤਿਆਰ ਕਰਵਾਏ ਗਏ। ਸ੍ਰੀ ਦਰਬਾਰ ਸਾਹਿਬ ਵਿਖੇ ਬਿਜਲੀ ਦੇ ਪ੍ਰਬੰਧ ਲਈ ਨਵਾਂ ਜਨਰੇਟਰ 250 ਕੇ.ਵੀ. ਖ਼ਰੀਦ ਕੀਤਾ ਗਿਆ। ਸ੍ਰੀ ਦਰਬਾਰ ਸਾਹਿਬ ਵਿਖੇ ਪ੍ਰਸ਼ਾਦੇ ਪਕਾਉਣ ਵਾਲੀ ਮਸ਼ੀਨ ਖ਼ਰੀਦ ਕੀਤੀ ਗਈ। ਗੁਰਦੁਆਰਾ ਤਰਨ ਤਾਰਨ ਸਾਹਿਬ ਵਿਖੇ ਸਟੀਲੀ ਗਹਿੱਲ ਲਗਵਾਈ ਗਈ। ਨਿਵਾਸ ਦੇ ਸਾਹਮਣੇ ਇੰਟਰਲੋਕ ਟਾਈਲ ਲਾਈ ਗਈ। ਭਾਈ ਮਹਾ ਸਿੰਘ ਦੀਵਾਨ ਹਾਲ ਦੀ ਸੁੰਦਰਤਾ ਵਾਸਤੇ ਚਾਰ ਦੀਵਾਰੀ ਕੀਤੀ ਗਈ।

# ਮੈਡੀਕਲ ਖੇਤਰ ਵਿਚ ਮਾਨਵਤਾ ਦੀ ਸੇਵਾ...

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਦੇ ਖੇਤਰ ਵਿਚ ਕੀਤੇ ਜਾ ਰਹੇ ਕਾਰਜਾਂ ਦੇ ਨਾਲ-ਨਾਲ ਸੰਗਤਾਂ ਵਾਸਤੇ ਸਿਹਤ ਸਹੂਲਤਾਂ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਇਸ ਖੇਤਰ ਵਿਚ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਦੇ ਨਾਲ-ਨਾਲ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼, ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ, ਸ੍ਰੀ ਗੁਰੂ ਰਾਮਦਾਸ ਡੈਂਟਲ ਕਾਲਜ, ਮੀਰੀ ਪੀਰੀ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਐਂਡ ਰੀਸਰਚ ਸ਼ਾਹਬਾਦ ਮਾਰਕੰਡ (ਹਰਿਆਣਾ) ਅਤੇ ਨਰਸਿੰਗ ਕਾਲਜ ਆਦਿ ਕਈ ਸੰਸਥਾਵਾਂ ਚੱਲ ਰਹੀਆਂ ਹਨ। ਇਹ ਕੇਵਲ ਮੈਡੀਕਲ ਸਿੱਖਿਆ ਤੀਕ ਹੀ ਸੀਮਤ ਨਹੀਂ ਹੈ, ਸਗੋਂ ਇਹ ਸਿਹਤ ਸੰਸਥਾਵਾਂ ਮਾਨਵ ਭਲਾਈ ਲਈ ਅਹਿਮ ਭੂਮਿਕਾ ਨਿਭਾਅ ਰਹੀਆਂ ਹਨ। ਕੋਰੋਨਾ ਕਾਲ ਸਮੇਂ ਸ਼੍ਰੋਮਣੀ ਕਮੇਟੀ ਦੀਆਂ ਇਨ੍ਹਾਂ ਸੰਸਥਾਵਾਂ ਵੱਲੋਂ ਮਨੁੱਖਤਾ ਲਈ ਕੀਤੀਆਂ ਸੇਵਾਵਾਂ ਨਾਲ ਸਿੱਖ ਕੌਮ ਦੇ ਮਾਣ ਵਿਚ ਵਾਧਾ ਹੋਇਆ ਹੈ। ਸ਼੍ਰੋਮਣੀ ਕਮੇਟੀ ਦੀਆਂ ਇਨ੍ਹਾਂ ਸੰਸਥਾਵਾਂ ਵਿੱਚੋਂ ਹੁਣ ਤਕ ਹਜ਼ਾਰਾਂ






ਵਿਦਿਆਰਥੀ ਮੈਡੀਕਲ ਦੀ ਪੜ੍ਹਾਈ ਕਰਕੇ ਮਨੁੱਖਤਾ ਦੀ ਸੇਵਾ ਕਰ ਰਹੇ ਹਨ। ਸੰਸਥਾ ਵੱਲੋਂ ਮਰੀਜਾਂ ਅਤੇ ਲੋੜਵੰਦਾਂ ਦੀ ਸਹੂਲਤ ਲਈ ਸਮੇਂ-ਸਮੇਂ ਵਿਸ਼ੇਸ਼ ਮੈਡੀਕਲ ਕੈਂਪ ਲਗਾ ਕੇ ਮਰੀਜਾਂ ਨੂੰ ਖਾਸ ਛੋਟਾਂ ਦਿੱਤੀਆਂ ਜਾਂਦੀਆਂ ਹਨ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਪ੍ਰਧਾਨਗੀ ਕਾਲ ਸਮੇਂ ਇਨ੍ਹਾਂ ਸੰਸਥਾਵਾਂ ਵੱਲੋਂ ਕੀਤੇ ਗਏ ਕਾਰਜ ਅਤੇ ਉਪਲਬਧੀਆਂ ਹੇਠ ਲਿਖੇ ਅਨੁਸਾਰ ਹਨ:-

**ਸਕਿਲ ਲੈਬ:-** ਸ੍ਰੀ ਗੁਰੂ ਰਾਮਦਾਸ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਐਂਡ ਰੀਸਰਚ ਵਿਖੇ ਸਥਾਪਤ ਸਕਿਲ ਲੈਬ ਵਿਚ ਲੇਰਡਲ ਅਤੇ ਫਿਜ਼ੀਓਲੋਜੀ ਵਿਭਾਗ ਦੁਆਰਾ ਵਿਦਿਆਰਥੀਆਂ ਲਈ ਹੈਂਡਸ-ਆਨ—ਵਰਕਸ਼ਾਪਾਂ ਦਾ ਆਯੋਜਨ ਕਰਕੇ ਫੈਕਲਟੀ ਅਤੇ ਪੀ.ਜੀ. ਵਿਦਿਆਰਥੀਆਂ ਨੂੰ ਫੁੱਲ ਬਾਡੀ ਮੈਕੇਕਿਊਨਜ਼ ਅਤੇ ਟਰਾਮਾ ਮੈਕੇਕਿਊਨਜ਼ ਤੇ ਹੁਨਰ ਵਿਕਾਸ ਅਤੇ ਮੁਲਾਂਕਣ ਲਈ ਵੱਖ-ਵੱਖ ਤਰ੍ਹਾਂ ਸਿਖਲਾਈ ਦਿੱਤੀ ਜਾ ਰਹੀ ਹੈ।

**ਜੈਨੇਟਿਕ ਲੈਬ:-** ਭਾਰਤ ਵਿਚ ਚਿੰਤਾਜਨਕ ਦਰ ਨਾਲ ਉੱਭਰ ਰਹੀਆਂ ਜੈਨੇਟਿਕ ਬਿਮਾਰੀਆਂ ਅਤੇ ਜਮਾਂਦਰੂ ਵਿਗਾੜਾਂ ਦਾ ਮੁਕਾਬਲਾ ਕਰਨ, ਮੈਡੀਕਲ ਸੇਵਾਵਾਂ ਨੂੰ ਜੈਨੇਟਿਕ ਸੇਵਾਵਾਂ ਨਾਲ ਜੋੜਨ ਦੀ ਲੋੜ ਨੂੰ ਪੂਰਾ ਕਰਨ ਲਈ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਸ੍ਰੀ ਅੰਮ੍ਰਿਤਸਰ ਵਿਖੇ ਜੈਨੇਟਿਕ ਵਿਭਾਗ ਦੀ ਸਥਾਪਨਾ ਕੀਤੀ ਜਾ ਰਹੀ ਹੈ, ਜਿਸ ਲਈ ਅਤਿ ਆਧੁਨਿਕ ਤਕਨਾਲੋਜੀ ਨਾਲ ਲੈਸ ਉਪਕਰਨ ਜੋ ਵੱਖ-ਵੱਖ ਬਿਮਾਰੀਆਂ, ਵਿਕਾਰਾਂ ਦੀ ਜੈਨੇਟਿਕ ਆਧਾਰ ਦਾ ਅਧਿਐਨ ਕਰਨ ਵਿਚ ਮੱਦਦ ਕਰਨਗੇ।

**ਅਲਟਰਾ ਮਾਡਰਨ ਲੈਕਚਰ ਥੀਏਟਰ:-** ਸ੍ਰੀ ਗੁਰੂ ਰਾਮਦਾਸ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਵਿਖੇ ਉੱਚ ਪੱਧਰੀ ਸਿਖਲਾਈ ਦਾ ਟੀਚਾ ਪ੍ਰਾਪਤ ਕਰਨ ਦੇ ਉਦੇਸ਼ ਵਜੋਂ ਸੰਸਥਾ ਵਿਖੇ 3 ਅਤਿ-ਆਧੁਨਿਕ ਲੈਕਚਰ ਥੀਏਟਰ ਸਥਾਪਤ ਕੀਤੇ ਗਏ। ਡਿਜ਼ੀਟਲ ਪੋਡੀਅਮ, ਇੰਟਰਐਕਟਿਵ ਫਲੈਟਮਾਈਕ ਅਤੇ ਸਪੀਕਰ, ਪ੍ਰਾਜੈਕਟਰ, ਸਕਰੀਨਾਂ ਅਤੇ ਹੋਰ ਉੱਨਤ ਤਕਨੀਕ ਵਾਲੇ ਆਡੀਓ-ਵਿਜੁਅਲ ਸਿਸਟਮ ਦੇ ਨਾਲ ਬਣੇ ਨਵੇਂ ਲੈਕਚਰ ਥੀਏਟਰ ਵਿਚ ਵਿਦਿਆਰਥੀ ਅਤਿ ਆਧੁਨਿਕ ਤਕਨੀਕ ਨਾਲ ਮੈਡੀਕਲ ਦੀ ਪੜ੍ਹਾਈ ਕਰ ਰਹੇ ਹਨ।

**ਆਈਵੀਐਫ ਸੈਂਟਰ:-** ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਵਿਖੇ ਬਾਂਝਪਨ ਨਾਲ ਪੀੜ੍ਹਤ ਮਰੀਜ਼ਾਂ ਦੇ ਇਲਾਜ ਲਈ ਇਨ-ਵਿਟਰੋ ਫਰਟੀਲਾਇਜ਼ੇਸ਼ਨ (ਆਈ.ਵੀ.ਐਫ.) ਦੀ ਸਥਾਪਨਾ ਕੀਤੀ ਜਾ ਰਹੀ ਹੈ। ਜਿਥੇ ਸਧਾਰਨ ਮੈਡੀਕਲ ਪ੍ਰਬੰਧਨ (ਓਵੂਲੇਸ਼ਨ ਇੰਡਕਸ਼ਨ), ਸਰਜੀਕਲ ਇਲਾਜ਼ (ਓਪਨ ਸਰਜਰੀ ਅਤੇ ਮਾਈਕ੍ਰੋ ਸਰਜਰੀ, ਐਂਡੋਸਕੋਪਿਕ ਸਰਜਰੀਆਂ ਨੂੰ ਉਤਸ਼ਾਹਤ ਕਰਨ ਵਾਲੀ ਪ੍ਰਜਨਨ ਸ਼ਕਤੀ) ਤੋਂ ਲੈ ਕੇ ਏਆਰਟੀ ਪ੍ਰਕਿਰਿਆਵਾਂ ਤੱਕ ਸਾਰੀਆਂ ਬਾਂਝਪਨ ਸੇਵਾਵਾਂ ਇਕ ਛੱਤ ਹੇਠ ਪ੍ਰਦਾਨ ਕੀਤੀਆਂ ਜਾਣਗੀਆਂ, ਜਿਸ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਰੂਰੀ ਇਨਫਰਾਸਟਰਕਚਰ ਦੀ ਸਥਾਪਨਾ ਅਤੇ ਅਤਿ-ਆਧੁਨਿਕ ਉਪਕਰਨਾਂ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ ਜਲਦ ਹੀ ਸਾਡਾ ਕੇਂਦਰ ਅਤਿ-ਆਧੁਨਿਕ ਤਕਨਾਲੋਜੀ ਨਾਲ ਲੈਸ ਉਪਕਰਨਾਂ, ਨਵੀਨਤਾਕਾਰੀ ਖੋਜ ਅਤੇ ਉੱਚ ਸਿਖਲਾਈ ਪ੍ਰਾਪਤ ਡਾਕਟਰ, ਭਰੂਣ ਵਿਗਿਆਨੀਆਂ, ਪ੍ਰਜਨਨ ਨਰਸਾਂ ਅਤੇ ਅਲਟਰਾਸੋਨੋਗ੍ਰਾਫਰਾਂ ਦੁਆਰਾ ਮਾਤਾ ਪਿਤਾ ਦੇ ਬੱਚਿਆਂ ਨੂੰ ਪ੍ਰਾਪਤ ਕਰਨ ਦੇ ਸੁਪਨਿਆਂ ਨੂੰ ਪੂਰਾ ਕਰਨ ਵਿਚ ਉਨ੍ਹਾਂ ਦੀ ਮੱਦਦ ਕਰੇਗਾ।






**ਪੋਸਟ ਗ੍ਰੈਜੂਏਟ ਐਮ.ਡੀ./ਐਮ.ਐਸ. ਮੈਡੀਕਲ ਕੋਰਸਾਂ ਲਈ ਸੀਟਾਂ ਵਿੱਚ ਵਾਧਾ:-** ਮੈਡੀਕਲ ਕੋਰਸਾਂ ਵਿੱਚ ਪੋਸਟ ਗ੍ਰੈਜੂਏਟ ਐਮ.ਡੀ./ਐਮ.ਐਸ. ਦੀਆਂ ਸੀਟਾਂ ਵਿਚ ਵਾਧਾ ਕੀਤਾ ਗਿਆ। ਰੇਡੀਓ-ਡਾਇਗਨੋਸਿਸ ਦੀਆਂ ਸੀਟਾਂ 6 ਤੋਂ 10, ਜਨਰਲ ਸਰਜਰੀ ਲਈ 12 ਤੋਂ 18, ਐਨਸਥੀਸੀਆ ਲਈ 6 ਤੋਂ 12, ਪੈਥੋਲੋਜੀ 6 ਤੋਂ 12, ਸਕਿਨ ਐਂਡ ਵੀ.ਡੀ. 2 ਤੋਂ 3, ਜਨਰਲ ਮੈਡੀਸਨ 12 ਤੋਂ 16, ਪੀਡੀ ਐਟ੍ਰਿਕਸ 4 ਤੋਂ 6, ਆਪਥਲਮੋਲੋਜੀ 1 ਤੋਂ 3, ਆਰਥੋਪੀਡਕਸ 5 ਤੋਂ 7, ਈ.ਐਨ.ਟੀ. 1 ਤੋਂ 3 ਅਤੇ ਟੀ.ਬੀ. ਐਂਡ ਪੁਲਮੋਨਰੀ ਮੈਡੀਸਨ ਦੀਆਂ 2 ਤੋਂ 3 ਸੀਟਾਂ ਦਾ ਵਾਧਾ ਕੀਤਾ ਗਿਆ ਹੈ।

**ਨਵੇਂ ਕੋਰਸ ਸ਼ੁਰੂ ਕੀਤੇ:-** ਸੰਸਥਾ ਵੱਲੋਂ ਕੋਰਸਾਂ ਵਿਚ ਵਾਧਾ ਕਰਦਿਆਂ ਦੋ ਨਵੇਂ ਕੋਰਸ ਬੀਐਸਸੀ ਪ੍ਰਫਿਊਜਨ ਟੈਕਨੋਲੋਜੀ ਅਤੇ ਡਾਇਬਟਿਕ ਐਜੂਕੇਟਰ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ।

**ਨਵੇਂ ਫੈਲੋਸ਼ਿਪ ਪ੍ਰੋਗਰਾਮ ਸ਼ੁਰੂ ਕੀਤੇ:-** ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਵੱਲੋਂ ਨਵੇਂ ਫੈਲੋਸ਼ਿਪ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ, ਜਿਸ ਵਿਚ Post Doctoral Fellowship for Pain Medicine, Post Doctoral Fellowship for Critical Care Medicine, Foundation Course in Palliative Medicine, Fellowship Program in Paediatric Critical Care Medicing, Post Doctoral Fellowship in Plastic and Reconstructive Microvascular Surgerey, Post Doctoral Fellowship of Breast Cancer Reconstruction & Aesthetic Breast Surgery ਆਦਿ ਸ਼ਾਮਲ ਹਨ।



**ਭਾਰਤ ਅਤੇ ਪੰਜਾਬ ਸਰਕਾਰ ਤੋਂ ਵੱਖ-ਵੱਖ ਮਾਨਤਾਵਾਂ (ਅਕ੍ਰੇਡਿਟੈਸ਼ਨ) ਹਾਸਲ ਕੀਤੀਆਂ:-** ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਵੱਲੋਂ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਦੇ ਸਬੰਧਤ ਵਿਭਾਗਾਂ ਤੱਕ ਪਹੁੰਚ ਕਰਕੇ ਮੈਡੀਕਲ ਖੇਤਰ ਨਾਲ ਸਬੰਧਤ ਮਾਨਤਾਵਾਂ ਪ੍ਰਾਪਤ ਕੀਤੀਆਂ, ਜਿਸ ਵਿੱਚ ਐਨ.ਏ.ਬੀ.ਐਚ. (NABH) ਮਾਨਤਾ, ਆਈ.ਏ.ਪੀ. (ਇੰਡੀਅਨ ਅਕੈਡਮਿਕ ਆਫ਼ ਪੈਡੀਐਟ੍ਰਿਕਸ) (IAP-Indian Academic of Pediatrics) ਮਾਨਤਾ (ਲੇਵਲ-III), ਐਨ.ਐਨ.ਐਫ. (ਨੈਸ਼ਨਲ ਨਿਊਨੇਟੋਲੋਜੀ ਫਾਰਮ) (NNF-Nationalogy Neonatal Fourm) ਮਾਨਤਾ ਆਦਿ ਸ਼ਾਮਲ ਹਨ।

**ਵੱਖ-ਵੱਖ ਸੰਸਥਾਵਾਂ ਨਾਲ ਐਮਪੈਨਲਮੈਂਟ ਕੀਤੀਆਂ ਗਈਆਂ:-** ਉੱਤਰ ਰੇਲਵੇ, ਸੀ.ਜੀ.ਐਚ.ਐਸ. ਚੰਡੀਗੜ੍ਹ, ਅਦਿਤਯ ਬਿਰਲਾ, ਟਾਟਾ ਏ.ਆਈ.ਜੀ., ਐਸ.ਬੀ.ਆਈ. ਜਨਰਲ ਇਸ਼ੋਰੈਂਸ।



**ਮਰੀਜਾਂ ਦੇ ਵਧੀਆ ਅਤੇ ਸਸਤੇ ਇਲਾਜ ਲਈ ਵੱਖ-ਵੱਖ ਵਿਭਾਗਾਂ 'ਚ ਅਤਿ-ਆਧੁਨਿਕ ਮਸ਼ੀਨਾਂ ਅਤੇ ਉਪਕਰਨ ਲਗਾਏ:-** ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਦੇ ਵਿੱਚ ਮਰੀਜਾਂ ਦੇ ਵਧੀਆ ਅਤੇ ਸਸਤੇ ਇਲਾਜ ਲਈ ਵੱਖ-ਵੱਖ ਵਿਭਾਗਾਂ ਵਿਚ ਕਈ ਅਤਿ-ਆਧੁਨਿਕ ਮਸ਼ੀਨਾਂ ਤੇ ਉਪਕਰਨ ਲਗਾਏ ਗਏ। ਜਿਸ ਵਿੱਚ ਆਕਸੀਜਨ ਪਲਾਂਟ, ਵਾਟਰ ਐਂਡ ਸੀਵਰਜ ਟਰੀਟਮੈਂਟ ਪਲਾਂਟ, ਸੀ.ਟੀ.ਵੀ.ਐਸ. ਵਿਚ ਈ.ਸੀ.ਐਮ.ਓ. ਮਸ਼ੀਨ, ਐਚ.ਆਰ.ਡੀ. ਬਰੈਕੀਥੈਰੇਪੀ ਯੂਨਿਟ ਨਾਲ ਕੋਬਾਲਟ-60 ਮਸ਼ੀਨ, ਕੋਟਰੇ ਮਸ਼ੀਨ ਕੋਵੀਡੀਅਨਵੈਲੀ, ਜੈਨੇਟਿਕ ਲੈਬ ਉਪਕਰਨ, ਓ.ਟੀ. ਲਾਈਟਮੈਕੇ ਵੋਲਿਸਾਗੀ 44 ਐਸ.ਐਫ.ਡਬਲ ਡੋਮ ਗੇਟਿੰਗੇ, ਵੈਂਟੀਲੇਟਰ ਸਰਵੋ-ਐਨਮੈਕੇ, ਡ੍ਰਿਲ ਸਿਸਟਮ ਕੋਰ ਕੰਸੋਲ, ਐਮ.ਐਸ. ਹੈਂਡਪੀਸ ਮੈਡਟ੍ਰੋਨਿਕ, ਟੀ.ਐਨ.ਈ. ਸਕੋਪ ਐਂਡ ਪ੍ਰੋਸੈਸਰ, ਵਰਟੀਗੋ ਅਸੈਸਮੈਂਟ, ਵੀਡੀਓ ਹੈੱਡ ਇੰਮਪਲਸ ਟੈਸਟ, ਵਰਚੂਅਲ ਰਿਐਲਟੀ ਰੀਹੈਬਲੀਟੈਸ਼ਨ ਮਡਿਊਲ, ਸਟੈਬਿਲੋਮੀਟਰ ਬੈਲੰਸ ਪਲੇਟਫਾਰਮ, ਐਚ.ਏ.ਵੀ.ਸੀ. ਸਿਸਟਮ ਫਾਰ ਆਈ.ਵੀ.ਐਫ.ਲੈਬ., ਏਅਰ ਕੰਡੀਸ਼ਨਿੰਗ ਸਿਸਟਮ ਆਈ.ਵੀ.ਐਫ. ਵਾਰਡ, ਐਚ.ਵੀ.ਏ.ਸੀ. ਸਿਸਟਮ ਵਿਦ ਵੀ.ਆਰ.ਐਫ. ਜੈਨੇਟਿਕ ਲੈਬ, ਇੰਟਰਲੋਕਿੰਗ ਟਾਈਲਸ ਫਲੋਰਿੰਗ, ਐਮ.ਆਰ.ਆਈ. ਪਲਸ ਆਕਸੀਮੀਟਰ, ਟੂ ਡੱਕਟੇਬਲ ਮਸ਼ੀਨਹਾਟ, ਕੋਲਡ ਐਂਡ ਲੋ ਸਾਈਡ ਵਰਕ, ਮਾਈਕਰੋ ਡਿਲੈਟਾਈਡਰ ਏ.ਟੀ.ਐਮ. ਮਸ਼ੀਨ, ਵੈਂਟੀਲੇਟਰ ਸਰਵੋ-I ਅਡਲਟ ਵਿਦ ਨੈਬੂਲਾਈਜਰ (3), ਵੈਂਟੀਲੇਟਰ ਪ੍ਰੀ-ਓਨਡ ਸਰਵੋ-I ਯੂਨੀਵਰਸਲ (7), ਮਾਈਕ੍ਰੋਸਕੋਪ (105), ਐਮੀਕੋਰਐਫਰੇਸਿਸ ਸਿਸਟਮ ਫਾਰ ਬਲੱਡ ਬੈਂਕ, ਹਾਈਡ੍ਰੋਲਿਕ ਸਟਰੇਚਰ ਟਰਾਂਸਫਰ ਸਟ੍ਰੇਚਰ, ਐਂਮਰਜੈਂਜੀ ਕ੍ਰੇਸ਼ ਕੈਂਟ, ਬੈੱਡ ਸਾਈਡ ਕੈਬਨਿਟ, ਫਸਲ ਡਬਲ ਵਹੀਲ ਚੇਅਰ, ਓਵਰ ਬੈੱਡ ਟੇਬਲ, ਆਈ.ਸੀ.ਯੂ. ਬੈੱਡ, ਮੋਬਾਈਲ ਟ੍ਰਾਂਸਪੋਰਟ ਬਾਕਸ ਐਮ.ਬੀ.ਟੀ.-100 (ਰੇਮੀ) ਫਾਰ ਬਲੱਡ ਬੈਂਕ, ਈ.ਐਨ.ਟੀ. ਉਪਕਰਨ, ਸਕੈਨ-ਮੋਬਾਈਲ ਐਚ.ਐਫ. ਐਕਸਰੇ ਸਿਸਟਮ, ਟੀ.ਐਮ.ਟੀ.ਬਾਰ 25 ਐਮ.ਐਮ. 20 ਐਮ.ਐਮ., ਫੈਲੀਸਕੋਪ, ਯੂਰੈਥਰ੍ਰੋਸਕੋਪ ਸ਼ੈਥ, ਵਰਕਿੰਗ ਐਲੀਮੈਂਟ, ਗ੍ਰੇਪਸਿੰਗ, ਕਟਿੰਗ ਲੂਪ ਐਂਗਲ ਫਾਰ ਪੇਡਿਐਟ੍ਰਿਕ, ਫੀਜੀਓਥੈਰੇਪੀ ਉਪਕਰਨ, ਸਿਮਾਨ 3-ਜੀ ਸਕਿਲ ਟ੍ਰੇਨਰ ਇੰਟਰਚੇਂਜੇਬਲ ਸਿਊਚਰ ਟਿਊਟਰ, ਜਿੰਮ ਉਪਕਰਨ, ਮੈਡ ਸਟਿਮਮੈਗਨੈਟਿਕ ਫਾਰ ਸਾਈਕੈਟਰੀ, ਟੈਲੀਸਕੋਪ ਫਾਰ ਈ.ਐਨ.ਟੀ., ਬਰ ਫਾਰ ਈ.ਐਨ.ਟੀ., ਐਨ.ਐਮ.ਸੀ. ਕੈਮਰਾ, ਬਲੱਡ ਪ੍ਰੈਸ਼ਰ ਸਿਮੂਲੇਟਰ, ਸਬ-ਸਟੇਸ਼ਨ (ਵੱਲ੍ਹਾ), 1000 ਕੇ.ਵੀ.ਏ. ਸਬ-ਸਟੇਸ਼ਨ (ਸਿਟੀ ਹਸਪਤਾਲ), ਪੇਸ਼ੈਂਟ ਇਮ ਮੋਬਾਈਲਜੇਸ਼ਨ ਸਿਸਟਮ (ਕੈਂਸਰ ਹਸਪਤਾਲ), ਇਲੈਕਟ੍ਰੀਸਿਟੀ ਪੈਨਲ ਲਗਾਏ ਗਏ ਅਤੇ ਡੈਂਟਲ ਕਾਲਜ ਲਈ ਵੀ ਉਪਕਰਨ ਲਗਾਉਣ ਦੇ ਨਾਲ ਫਰਨੀਚਰ ਦੀ ਖਰੀਦ ਕੀਤੀ ਗਈ।



**ਅੰਤਰ-ਰਾਸ਼ਟਰੀ ਪੱਧਰ ਦੀਆਂ ਸੀ.ਐਮ.ਈ./ਕਾਨਫ਼ਰੰਸਾਂ ਦਾ ਆਯੋਜਨ:-** ਸੰਸਥਾ ਵਿਖੇ ਡਿਊਟੀ ਨਿਭਾਉਣ ਵਾਲੇ ਮਾਹਿਰ ਡਾਕਟਰਾਂ ਅਤੇ ਪੜ੍ਹ ਰਹੇ ਵਿਦਿਆਰਥੀਆਂ ਨੂੰ ਇਲਾਜ ਦੀਆਂ ਆਧੁਨਿਕ ਵਿਧੀਆਂ ਅਤੇ ਆਧੁਨਿਕ ਤਕਨੀਕਾਂ ਤੋਂ ਜਾਣੂ ਕਰਵਾਉਣ ਲਈ ਸਮੇਂ-ਸਮੇਂ 'ਤੇ ਕਈ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਪੱਧਰ ਦੀਆਂ ਸੀ.ਐਮ.ਈ./ਕਾਨਫ਼ਰੰਸਾਂ ਦਾ ਆਯੋਜਨ ਕੀਤਾ ਗਿਆ। ISSPCON 2023, Workship on Proprioceptive Neuromuscular Faciliation, 44th Annaul National Conference on Forensic Medicon 2023, GISICON 2023, 11th Annual Conference of Laryngology & Voice Association-Laryngologly Summit 2023, Rhinoplasty Workshop, Easy Vent-Mechanical Ventilation Course, Thalassemia Mukt Bharat, World Head & Neck Cancer Day, Acute Care Bronchoscopy Skill, CME on HIV Treatment, 23rd National Conference of AHA, IAP-ADOLESCON 2023, CME on Pain Awareness, IAPM 2024, Ist NZ Pedicriticon 2024, Patient Safety Nurses Perspective, Nurses Week, Bereavement Companionship, HLA Camping, Breastfeeding Week, Medirythm, World Hospice & Palliative Care Day, Conference of NW Chapter of IAPM, World Diabetes Day, World Children Day, Newborn Week Celebration, World AIDS Day, Lumbo-Sacral Manuplation & Fascial Flossing, International Week Person With Disability, Sensitization & Orientation of IMA Member & Private Practitioners on the NACO Treatment Guidelines.



**ਭਗਤ ਪੂਰਨ ਸਿੰਘ ਵਾਰਡ ਦੀ ਸਥਾਪਨਾ:** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਕਾਰਜਕਾਲ ਸਮੇਂ ਮੈਡੀਕਲ ਸੇਵਾਵਾਂ ਵਿਚ ਹੋਰ ਵਾਧਾ ਕਰਦਿਆਂ ਲਾਵਾਰਿਸ ਤੇ ਬੇ-ਸਹਾਰਾ ਮਰੀਜ਼ਾਂ ਦੇ ਇਲਾਜ ਤੇ ਸਾਂਭ-ਸੰਭਾਲ ਲਈ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਵੱਲ੍ਹਾ ਵਿਖੇ ਭਗਤ ਪੂਰਨ ਸਿੰਘ ਵਾਰਡ ਸਥਾਪਤ ਕੀਤੀ ਗਈ। ਆਲ ਇੰਡੀਆ ਪਿੰਗਲਵਾੜਾ ਸੁਸਾਇਟੀ ਦੇ ਸਹਿਯੋਗ ਨਾਲ ਸ਼ੁਰੂ ਕੀਤੀ ਇਸ ਵਾਰਡ ਵਿਚ ਲਾਵਾਰਿਸ ਮਰੀਜ਼ਾਂ ਦਾ ਹਸਪਤਾਲ ਦੇ ਮਾਹਿਰ ਡਾਕਟਰਾਂ ਵੱਲੋਂ ਮੁਫ਼ਤ ਇਲਾਜ ਹੋਵੇਗਾ। ਇਸ ਵਾਰਡ ਵਿਚ 20 ਬੈੱਡ ਹਨ ਅਤੇ ਮਰੀਜ਼ਾਂ ਦੀਆਂ ਦਵਾਈਆਂ ਅਤੇ ਦੇਖਭਾਲ ਦੀ ਜ਼ਿੰਮੇਵਾਰੀ ਆਲ ਇੰਡੀਆ ਪਿੰਗਲਵਾੜਾ ਸੰਸਥਾ ਦੇ ਸਹਿਯੋਗ ਨਾਲ ਕੀਤੀ ਜਾਵੇਗੀ।






**ਸਿਮੂਲੇਸ਼ਨ ਲੈਬ ਦੀ ਸ਼ੁਰੂਆਤ:** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਤੇ ਸ੍ਰੀ ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ ਦੇ ਚਾਂਸਲਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਕਾਰਜਕਾਲ ਦੌਰਾਨ ਜਿਥੇ ਮੈਡੀਕਲ ਕੋਰਸਾਂ ਦੀਆਂ ਸੀਟਾਂ ਵਿਚ ਵਾਧਾ ਹੋਇਆ ਹੈ, ਉਥੇ ਹੀ ਮੈਡੀਕਲ ਸਿੱਖਿਆ ਨੂੰ ਹੋਰ ਬਿਹਤਰ ਬਣਾਉਣ ਲਈ ਵੀ ਨਿਰੰਤਰ ਯਤਨ ਜਾਰੀ ਹਨ। ਇਸੇ ਤਹਿਤ ਸ੍ਰੀ ਗੁਰੂ ਰਾਮਦਾਸ ਇੰਸਟਿਚਿਊਟ ਆਫ਼ ਮੈਡੀਕਲ ਸਾਇੰਸ ਐਂਡ ਰੀਸਰਚ ਵੱਲ੍ਹਾ ਵਿਖੇ ਮੈਡੀਕਲ ਦੀ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਦੇਣ ਦੇ ਮਕਸਦ ਨਾਲ ਸਿਮੂਲੇਸ਼ਨ ਲੈਬ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਲੈਬ ਦਾ ਮਕਸਦ ਡਾਕਟਰੀ ਦੀ ਪੜ੍ਹਾਈ ਕਰ ਰਹੇ ਸਿਖਿਆਰਥੀਆਂ ਨੂੰ ਪ੍ਰੈਕਟੀਕਲ ਰੂਪ ਵਿਚ ਮਰੀਜ਼ਾਂ ਦੇ ਇਲਾਜ ਲਈ ਤਿਆਰ ਕਰਨਾ ਹੈ। ਇਸ ਤਕਨੀਕ ਨਾਲ ਸਿਖਿਆਰਥੀ ਚੰਗੀ ਸਿੱਖਿਆ ਪ੍ਰਾਪਤ ਕਰ ਸਕਣਗੇ, ਜੋ ਮਰੀਜ਼ਾਂ ਦੇ ਇਲਾਜ ਦੌਰਾਨ ਕਾਰਗਰ ਸਾਬਤ ਹੋਵੇਗੀ।








**ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਦੇ ਪਹਿਲੇ ਕਾਨਵੋਕੇਸ਼ਨ ਸਮਾਰੋਹ ਦੌਰਾਨ 542 ਵਿਦਿਆਰਥੀਆਂ ਨੂੰ ਡਿਗਰੀਆਂ ਵੰਡੀਆਂ**: ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼, ਸ੍ਰੀ ਅੰਮ੍ਰਿਤਸਰ ਦੇ ਪਹਿਲੇ ਕਾਨਵੋਕੇਸ਼ਨ ਸਮਾਰੋਹ ਪੰਜਾਬ ਦੇ ਗਵਰਨਰ ਸ੍ਰੀ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤੇ ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼, ਸ੍ਰੀ ਅੰਮ੍ਰਿਤਸਰ ਦੇ ਚਾਂਸਲਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗੈਸਟ ਆਫ਼ ਆਨਰ ਵਜੋਂ ਸ਼ਿਰਕਤ ਕੀਤੀ। ਸਮਾਗਮ ਦੌਰਾਨ ਐਮ.ਬੀ.ਬੀ.ਐਸ. ਦੇ 2017 ਅਤੇ 2018 ਬੈਚ ਦੇ ਕੁੱਲ 300 ਵਿਦਿਆਰਥੀਆਂ ਅਤੇ ਐਮ.ਡੀ./ ਐਮ.ਐਸ. ਦੇ ਸਾਲ 2017, 2018, 2019 ਅਤੇ 2020 ਬੈਚ ਦੇ ਕੁੱਲ 242 ਵਿਦਿਆਰਥੀ ਨੂੰ ਡਿਗਰੀਆਂ ਨਾਲ ਸਨਮਾਨਿਤ ਕੀਤਾ ਗਿਆ। ਡਿਗਰੀਆਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੇ ਮੈਡੀਕਲ ਦੇ ਖੇਤਰ ਵਿੱਚ ਨੈਤਿਕਤਾ ਅਤੇ ਪੇਸ਼ੇਵਰਤਾ ਦੀ ਉੱਚੀ ਮਰਿਆਦਾ ਨੂੰ ਕਾਇਮ ਰੱਖਣ ਲਈ ਆਪਣੀ ਵਚਨਬੱਧਤਾ ਪ੍ਰਗਟਾਈ।















# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ
# ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ
# ਆਪਣੇ ਕਾਰਜਕਾਲ ਦੌਰਾਨ
# ਵੱਖ-ਵੱਖ ਸ਼ਖ਼ਸੀਅਤਾਂ ਦੇ
# ਕੀਤੇ ਸਨਮਾਨ











# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ ਭਾਰਤ ਦੇ ਰਾਸ਼ਟਰਪਤੀ ਸ੍ਰੀਮਤੀ ਦ੍ਰੋਪਦੀ ਮੁਰਮੂ ਦਾ ਸਨਮਾਨ









# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ ਭਾਰਤ ਦੇ ਉੱਪ ਰਾਸ਼ਟਰਪਤੀ ਸ੍ਰੀ ਜਗਦੀਪ ਧਨਖੜ ਦਾ ਸਨਮਾਨ











ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰਨ ਆਏ ਬ੍ਰਿਟਿਸ਼ ਹਾਈ ਕਮਿਸ਼ਨਰ ਅਲੈਗਜ਼ੈਂਡਰ ਏਲਿਸ ਨੂੰ ਸੂਚਨਾ ਕੇਂਦਰ ਵਿਖੇ ਸਨਮਾਨਿਤ ਕਰਦੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਹੋਰ।



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ ਬ੍ਰਿਟਿਸ਼ ਡਿਪਟੀ ਹਾਈ ਕਮਿਸ਼ਨਰ ਕੈਰੋਲਿਨ ਰੋਵੇਟ ਨੂੰ ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਸਨਮਾਨਿਤ ਕਰਦੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ।



ਕੈਨੇਡਾ ਦੇ ਮੈਂਬਰ ਪਾਰਲੀਮੈਂਟ ਕੇਵਿਨ ਲੈਮਰੂਕਸ ਅਤੇ ਵਿਧਾਇਕਾ ਸਿੰਧੀ ਲੈਮਰੂਕਸ ਨੂੰ ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਸਨਮਾਨਿਤ ਕਰਦੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਹੋਰ।



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਲਈ ਆਏ ਸੁਪਰੀਮ ਕੋਰਟ ਤੇ ਹਾਈ ਕੋਰਟ ਦੇ ਜੱਜ ਸਾਹਿਬਾਨ ਨੂੰ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸਨਮਾਨਿਤ ਕੀਤਾ ਗਿਆ।

# ਸ਼੍ਰੋਮਣੀ ਕਮੇਟੀ ਵੱਲੋਂ ਜੀ-20 ਦੇਸ਼ਾਂ ਦੇ ਡੈਲੀਗੇਟਸ ਦੇ ਸਨਮਾਨ ਮੌਕੇ ਦੀਆਂ ਤਸਵੀਰਾਂ













ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਪਣੇ ਪਰਿਵਾਰ ਨਾਲ ਨਤਮਸਤਕ ਹੋਣ ਪੁੱਜੇ ਅਮਰੀਕਾ ਦੇ ਭਾਰਤ ’ਚ ਅੰਬੈਸਡਰ ਐਰਿਕ ਗਾਰਸੇਟੀ ਨੂੰ ਸਨਮਾਨਿਤ ਕਰਦੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ।



ਪਾਕਿਸਤਾਨ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰਨ ਪੁੱਜੇ ਸ਼ਰਧਾਲੂਆਂ ਦੇ ਜਥੇ ਨੂੰ ਸਨਮਾਨਿਤ ਕਰਦੇ ਹੋਏ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਹੋਰ।



ਪਾਕਿਸਤਾਨ ਦੀ ਸਿੱਖ ਵਿਰਾਸਤ ਨੂੰ ਉਭਾਰਨ ਵਾਲੇ ਅਮਰੀਕਾ ਨਿਵਾਸੀ ਖੋਜਕਾਰ ਸ. ਦਲਬੀਰ ਸਿੰਘ ਪੰਨੂ ਨੂੰ ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਸਨਮਾਨਿਤ ਕਰਦੇ ਹੋਏ ਐਡਵੋਕੇਟ ਹਰਜਿੰਦਰ ਸਿੰਘ ਤੇ ਮੈਂਬਰ ਸਾਹਿਬਾਨ।



21 ਨਵੰਬਰ 2021 ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪਹਿਲੀ ਵਾਰ ਪ੍ਰਧਾਨ ਚੁਣੇ ਜਾਣ ਮਗਰੋਂ ਜਨਰਲ ਇਜਲਾਸ ਦੀ ਕਾਰਵਾਰੀ ਆਰੰਭ ਕਰਦੇ ਹੋਏ ਐਡਵੋਕੇਟ ਹਰਜਿੰਦਰ ਸਿੰਘ ਧਾਮੀ। (29 ਨਵੰਬਰ 2021)



ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸ. ਸਤਬੀਰ ਸਿੰਘ ਧਾਮੀ ਨੂੰ ਓਐਸਡੀ ਨਿਯੁਕਤ ਕਰਨ ਮੌਕੇ ਦੀ ਤਸਵੀਰ। (2 ਦਸੰਬਰ 2021)



ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹੋਏ ਫ਼ੌਜੀ ਹਮਲੇ ਦਾ ਬਦਲਾ ਲੈਣ ਵਾਲੇ ਸਿੱਖ ਯੋਧੇ ਭਾਈ ਕੇਹਰ ਸਿੰਘ ਦੇ ਪਰਿਵਾਰ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਹੋਰ। (16 ਸਤੰਬਰ 2023)



ਸਿੱਖ ਦੋਖੀ ਨੂੰ ਸੋਧਾ ਲਗਾਉਣ ਵਾਲੇ ਭਾਈ ਰਾਜਿੰਦਰ ਸਿੰਘ ਦੇ ਇੰਗਲੈਂਡ ਵਿਚ 34 ਸਾਲ ਦੀ ਜੇਲ੍ਹ ਕੱਟ ਕੇ ਸ੍ਰੀ ਦਰਬਾਰ ਸਾਹਿਬ ਪੁੱਜਣ 'ਤੇ ਗਿਆਨੀ ਹਰਪ੍ਰੀਤ ਸਿੰਘ ਤੇ ਐਡਵੋਕੇਟ ਧਾਮੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। (10 ਦਸੰਬਰ 2021)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਕੜਾਹ ਪ੍ਰਸ਼ਾਦਿ ਦੀ ਦੇਗ ਪ੍ਰਵਾਨ ਕਰਵਾਉਣ ਲਈ ਨਵੇਂ ਤਿਆਰ ਕਾਊਂਟਰਾਂ ਦੀ ਸ਼ੁਰੂਆਤ ਕਰਨ ਮੌਕੇ ਗਿਆਨੀ ਜਗਤਾਰ ਸਿੰਘ ਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ। (31 ਦਸੰਬਰ 2021)



ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਸ਼ਰਧਾਲੂ ਪਰਿਵਾਰ ਵੱਲੋਂ ਭੇਟ ਕੀਤੀ ਪ੍ਰਸ਼ਾਦਾ ਤਿਆਰ ਕਰਨ ਵਾਲੀ ਮਸ਼ੀਨ ਦੀ ਸ਼ੁਰੂਆਤ ਕਰਨ ਸਮੇਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਹੋਰ। (5 ਜਨਵਰੀ 2022)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹਰਿ ਕੀ ਪਉੜੀ ਦੇ ਸਥਾਨ 'ਤੇ ਬਣੇ ਸੁਨਹਿਰੀ ਸ਼ੈੱਡ ਹੇਠ ਲੱਗੇ ਫ਼ਰਸ਼ ਨੂੰ ਤਬਦੀਲ ਕਰਨ ਸਮੇਂ ਦੀ ਤਸਵੀਰ। (17 ਜਨਵਰੀ 2022)



ਧਰਮ ਪ੍ਰਚਾਰ ਕਮੇਟੀ ਵੱਲੋਂ ਮੁੜ ਪ੍ਰਕਾਸ਼ਤ ਕੀਤੀ ਪੁਸਤਕ 'Truth About Nabha' ਜਾਰੀ ਕਰਦੇ ਹੋਏ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਹੋਰ। (22 ਜਨਵਰੀ 2022)



ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਡੇਰਾ ਬਾਬਾ ਨਾਨਕ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਤਿਹਾਸਕ ਖੂਹ ਦੀ ਪੁਰਾਤਨ ਦਿੱਖ ਨੂੰ ਸੁਰਜੀਤ ਕਰਨ ਦੀ ਸੇਵਾ ਆਰੰਭ।

(23 ਫ਼ਰਵਰੀ 2022)



ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਬਿਜਲੀ ਸਪਲਾਈ ਲਈ ਯੂਨਾਈਟਡ ਸਿੱਖ ਮਿਸ਼ਨ ਅਮਰੀਕਾ ਦੇ ਸਹਿਯੋਗ ਨਾਲ ਲਗਾਏ ਗਏ ਸੋਲਰ ਪਲਾਂਟ ਦਾ ਉਦਘਾਟਨ ਕਰਦੇ ਹੋਏ ਐਡਵੋਕੇਟ ਹਰਜਿੰਦਰ ਸਿੰਘ ਧਾਮੀ।

(28 ਫ਼ਰਵਰੀ 2022)



ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਜੀ ਵਿਖੇ ਕੜਾਹਿ ਪ੍ਰਸ਼ਾਦਿ ਦੇ ਨਵੇਂ ਬਣੇ ਕਾਊਂਟਰਾਂ ਦੀ ਸ਼ੁਰੂਆਤ ਕਰਨ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਹੋਰ।

(8 ਜੁਲਾਈ 2023)



ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਦੇ ਨਜ਼ਦੀਕ ਗੁਰਦੁਆਰਾ ਬਾਰਾ ਮਾਹ ਦੇ ਨਵੀਨੀਕਰਨ ਦੀ ਸੇਵਾ ਆਰੰਭ ਮੌਕੇ ਕਾਰਸੇਵਾ ਵਾਲੇ ਮਹਾਂਪੁਰਸ਼ ਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ।

(25 ਮਾਰਚ 2022)



ਸ਼੍ਰੋਮਣੀ ਕਮੇਟੀ ਵੱਲੋਂ ਮੀਰੀ ਪੀਰੀ ਦਿਵਸ ਮੌਕੇ ਸਿੱਖ ਸ਼ਸ਼ਤਰ ਕਲਾ ਗਤਕਾ ਦੇ ਮੁਕਾਬਲਿਆਂ ਦੀ ਰਸਮੀ ਸ਼ੁਰੂਆਤ ਕਰਦੇ ਹੋਏ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ। (9 ਜੁਲਾਈ 2022)



ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਦੌਰਾਨ ਮੋਰਚਾ ਗੁਰੂ ਕਾ ਬਾਗ ਤੇ ਸ੍ਰੀ ਪੰਜਾ ਸਾਹਿਬ ਦੇ ਸ਼ਹੀਦੀ ਸਾਕੇ ਨੂੰ ਸਮਰਪਿਤ ਕਿਤਾਬਚੇ ਜਾਰੀ ਕਰਦੇ ਹੋਏ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਮੈਂਬਰ ਸਾਹਿਬਾਨ। (15 ਜੁਲਾਈ 2022)




ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤ ਦੀ ਸਹੂਲਤ ਲਈ 'ਸਹਾਇਤਾ ਕੇਂਦਰ' ਦੀ ਰਸਮੀ ਸ਼ੁਰੂਆਤ ਕਰਨ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਮੈਂਬਰ ਸਾਹਿਬਾਨ। (30 ਅਗਸਤ 2022)



ਧਰਮ ਪ੍ਰਚਾਰ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਸਿੱਖ ਸਰੋਤ ਇਤਿਹਾਸਕ ਗ੍ਰੰਥ ਸੰਪਾਦਨਾ ਪ੍ਰੋਜੈਕਟ ਦੇ ਖੋਜ ਕਾਰਜਾਂ ਤਹਿਤ 'ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਜੀਵਨ ਬਿਰਤਾਂਤ' ਬਾਰੇ ਤਿੰਨ ਪੁਸਤਕਾਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ ਵਿਚ ਸੰਗਤ ਅਰਪਣ ਕੀਤੀਆਂ। (28 ਅਕਤੂਬਰ 2022)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜਦੀ ਸੰਗਤਾਂ ਦੀ ਸਹਾਇਤਾ ਲਈ ਸ੍ਰੀ ਗੁਰੂ ਰਾਮਦਾਸ ਸਰਾਂ ਨਜ਼ਦੀਕ ਪੁੱਛਗਿਛ ਕੇਂਦਰ ਦੀ ਸ਼ੁਰੂਆਤ ਕਰਨ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ।

(9 ਦਸੰਬਰ 2022)



ਸ੍ਰੀ ਦਰਬਾਰ ਸਾਹਿਬ ਵਿਖੇ ਦੇਸ਼ ਵਿਦੇਸ਼ ਤੋਂ ਪੁੱਜਦੀ ਸੰਗਤ ਨੂੰ ਸਿੱਖ ਇਤਿਹਾਸ ਅਤੇ ਮਰਯਾਦਾ ਦੀ ਲੋੜੀਂਦੀ ਜਾਣਕਾਰੀ ਦੇਣ ਲਈ ਪਰਕਰਮਾ ਵਿਚ 5 ਗਾਈਡ ਦੀ ਤਾਇਨਾਤੀ ਕੀਤੀ ਗਈ।

(1 ਫ਼ਰਵਰੀ 2023)




ਸ੍ਰੀ ਦਰਬਾਰ ਸਾਹਿਬ ਦੇ ਇਤਿਹਾਸ, ਪ੍ਰੰਪਰਾਵਾਂ ਅਤੇ ਲੋੜੀਂਦੇ ਦਿਸ਼ਾ-ਨਿਰਦੇਸ਼ ਬਾਰੇ ਜਾਣਕਾਰੀ ਦੇਣ ਲਈ ਘੰਟਾ ਘਰ ਪਲਾਜ਼ਾ ਵਿਖੇ ਲਗਾਈ ਗਈ ਵੱਡ-ਅਕਾਰੀ ਸਕਰੀਨ ਦੀ ਸ਼ੁਰੂਆਤ ਕਰਨ ਮੌਕੇ ਦੀ ਤਸਵੀਰ।

(23 ਮਈ 2023)



ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਛਾਉਣੀ ਦਲ ਬਾਬਾ ਬਿਧੀ ਚੰਦ ਸੁਰਸਿੰਘ ਵਿਖੇ ਪਹੁੰਚਣ ’ਤੇ ਸਨਮਾਨ ਕਰਦੇ ਹੋਏ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ।



ਸ਼੍ਰੋਮਣੀ ਕਮੇਟੀ ਦੇ ਜਨਰਲ ਇਜਲਾਸ ਦੀ ਇਕ ਤਸਵੀਰ